ਰੋਜ਼ਾਨਾ ਸੱਚ ਤੇ ਨਿਡਰ ਆਵਾਜ਼

# ਲੋਕ ਬਾਣੀ

ਬੁੱਧਵਾਰ, 13 ਅਪ੍ਰੈਲ 2022 ਮੁੱਖ ਸੰਪਾਦਕ:- ਅਮਨ ਮਹਿਰਾ (ਜਲੰਧਰ)

R.N.I. PUNPUN/29016/2018 | ਸਾਲ : 14 | ਅੰਕ: 399 | ਮੁੱਲ : 2.00 | ਕੁੱਲ ਪੇਜ਼: 8 | ਫੈਕਸ: 0181-2211009 | ਮੋ: 99155-94111




## ਅਦਾਰਾ ਰੋਜ਼ਾਨਾ ਲੋਕ ਬਾਣੀ ਵੱਲੋਂ ਸਮੂਹ ਦੇਸ਼ ਵਾਸੀਆਂ ਤੇ ਪਾਠਕਾਂ ਨੂੰ ਵਿਸਾਖੀ ਦੀਆਂ ਲੱਖ-ਲੱਖ ਮੁਬਾਰਕਾਂ



## ਜੰਮੂ ਕਸ਼ਮੀਰ ਦੇ ਕੁਲਗਾਮ ਵਿੱਚ ਫੌਜ ਨੇ ਮਾਰੇ 2 ਅੱਤਵਾਦੀ

ਜੰਮੂ-ਕਸ਼ਮੀਰ ਵਿੱਚ ਅੱਜ ਸੁਰੱਖਿਆ ਬਲਾਂ ਨੂੰ ਵੱਡੀ ਕਾਮਯਾਬੀ ਮਿਲੀ ਹੈ। ਸੁਰੱਖਿਆ ਬਲਾਂ ਨੇ ਕੁਲਗਾਮ ਦੇ ਖੁਰਬਤਪੁਰਾ ਇਲਾਕੇ ਵਿੱਚ ਇੱਕ ਮੁੱਠਭੇੜ ਵਿੱਚ ਇੱਕ ਪਾਕਿਸਤਾਨੀ ਸਮੇਤ ਦੋ ਅੱਤਵਾਦੀਆਂ ਨੂੰ ਮਾਰ ਮੁਕਾਇਆ। ਇਸ ਦੌਰਾਨ ਦੋ ਪੁਲਿਸ ਮੁਲਾਜ਼ਮ ਵੀ ਜ਼ਖ਼ਮੀ ਹੋ ਗਏ। ਮੁਕਾਬਲਾ ਅਜੇ ਵੀ ਜਾਰੀ ਹੈ। ਕਸ਼ਮੀਰ ਦੇ ਪੁਲਿਸ ਇੰਸਪੈਕਟਰ ਜਨਰਲ (ਆਈਜੀਪੀ) ਵਿਜੇ ਕੁਮਾਰ ਨੇ ਇਹ ਜਾਣਕਾਰੀ ਦਿੱਤੀ।

ਇਕ ਪੁਲਿਸ ਅਧਿਕਾਰੀ ਨੇ ਦੱਸਿਆ ਕਿ ਅੱਤਵਾਦੀਆਂ ਦੀ ਮੌਜੂਦਗੀ ਦੀ ਸੂਚਨਾ ਤੋਂ ਬਾਅਦ ਸੁਰੱਖਿਆ ਬਲਾਂ ਨੇ ਖੁਰਬਤਪੁਰਾ ਇਲਾਕੇ @ਚ ਘੇਰਾਬੰਦੀ ਤੇ ਤਲਾਸ਼ੀ ਮੁਹਿੰਮ ਚਲਾਈ। ਉਨ੍ਹਾਂ ਕਿਹਾ ਕਿ ਅੱਤਵਾਦੀਆਂ ਨੇ ਸੁਰੱਖਿਆ ਬਲਾਂ @ਤੇ ਗੋਲੀਬਾਰੀ ਕੀਤੀ। ਜਿਸ ਤੋਂ ਬਾਅਦ ਕਾਰਵਾਈ ਜਵਾਬੀ ਕਾਰਵਾਈ @ਚ ਮੁਕਾਬਲੇ @ਚ ਬਦਲ ਗਈ।



## ਡੀਜੀਪੀ ਬੋਲੇ ਪੰਜਾਬ ਚ ਜਿਆਦਾਤਰ ਕਤਲ ਨਿੱਜੀ ਰੰਜਿਸ਼ ਕਾਰਨ ਹੋਏ

**ਜਲੰਧਰ/ਹਰਬੰਸ ਬਿਟੂ**

ਪੰਜਾਬ ਪੁਲੀਸ ਦੇ ਮੁਖੀ ਵੀਰੇਸ਼ ਕੁਮਾਰ ਭਾਵੜਾ ਨੇ ਦਾਅਵਾ ਕੀਤਾ ਹੈ ਕਿ ਸੂਬੇ ਵਿੱਚ ਪਿਛਲੇ ਦਿਨਾਂ ਦੌਰਾਨ ਕਤਲ ਦੀਆਂ ਵਾਪਰੀਆਂ ਘਟਨਾਵਾਂ ਵਿੱਚ ਜ਼ਿਆਦਾਤਰ ਮਾਮਲੇ ਨਿੱਜੀ ਰੰਜਿਸ਼ ਨਾਲ ਸਬੰਧਤ ਹਨ। ਅੱਜ ਇੱਥੇ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਡੀਜੀਪੀ ਨੇ ਦੱਸਿਆ ਕਿ ਇਸ ਸਾਲ ਦੇ ਪਹਿਲੇ ਸਾਢੇ ਤਿੰਨ ਮਹੀਨਿਆਂ ਵਿੱਚ ਵਾਪਰੀਆਂ ਕਤਲ ਦੀਆਂ 158 ਘਟਨਾਵਾਂ ’ਚੋਂ ਛੇ ਵਾਰਦਾਤਾਂ ਦਾ ਸਬੰਧ ਗੈਂਗਸਟਰਾਂ ਦੀਆਂ ਗਤੀਵਿਧੀਆਂ ਨਾਲ ਹੈ। ਡੀਜੀਪੀ ਨੇ ਕਿਹਾ ਕਿ ਹਾਲ ਹੀ ਦੇ ਦਿਨਾਂ ਦੌਰਾਨ ਸੂਬੇ ਵਿੱਚ ਵਾਪਰੀਆਂ ਕਤਲ ਦੀਆਂ ਨੌਂ ਵਾਰਦਾਤਾਂ ਕਾਰਨ ਲੋਕ ਖ਼ੌਫ ਵਿੱਚ ਹਨ ਪਰ ਤਫਤੀਸ਼ ਦੌਰਾਨ ਇਹ ਤੱਥ ਸਾਹਮਣੇ ਆਏ ਹਨ ਕਿ ਇਨ੍ਹਾਂ ਘਟਨਾਵਾਂ ਪਿੱਛੇ ਕਿਸੇ ਵੀ ਗੈਂਗਸਟਰ ਗਰੁੱਪ ਦਾ ਹੱਥ ਨਹੀਂ ਸੀ।

## ਪੰਜਾਬ ਕਾਂਗਰਸ ਦੀ ਨਵੀਂ ਟੀਮ ਨੇ ਹਾਈਕਮਾਨ ਤੋਂ ਲਿਆ ਆਸ਼ੀਰਵਾਦ

**ਚੰਡੀਗੜ੍ਹ/ਵਿਨੋਦ ਸ਼ਰਮਾ**

ਪੰਜਾਬ ਕਾਂਗਰਸ ਦੀ ਨਵੀਂ ਐਲਾਨੀ ਟੀਮ ਨੇ ਅੱਜ ਨਵੀਂ ਦਿੱਲੀ ਵਿੱਚ ਕਾਂਗਰਸ ਪ੍ਰਧਾਨ ਸੋਨੀਆ ਗਾਂਧੀ ਅਤੇ ਸੀਨੀਅਰ ਆਗੂ ਰਾਹੁਲ ਗਾਂਧੀ ਨਾਲ ਮੁਲਾਕਾਤ ਕੀਤੀ।

ਪੰਜਾਬ ਕਾਂਗਰਸ ਦੇ ਪ੍ਰਧਾਨ ਰਾਜਾ ਵੜਿੰਗ ਅਤੇ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਸਵੇਰੇ ਰਾਹੁਲ ਗਾਂਧੀ ਨੂੰ ਮਿਲੇ ਅਤੇ ਸ਼ਾਮ ਨੂੰ ਸੋਨੀਆ ਗਾਂਧੀ ਨਾਲ ਮੀਟਿੰਗ ਕੀਤੀ। ਇਸ ਮੌਕੇ ਉਨ੍ਹਾਂ ਨਵੀਂ ਜ਼ਿੰਮੇਵਾਰੀ ਦਿੱਤੇ ਜਾਣ ’ਤੇ ਹਾਈਕਮਾਨ ਦਾ ਧੰਨਵਾਦ ਕੀਤਾ।

ਕਾਂਗਰਸ ਹਾਈਕਮਾਨ ਨੇ ਆਗਾਮੀ ਲੋਕ ਸਭਾ ਚੋਣਾਂ ਸਬੰਧੀ ਇਸ ਨਵੀਂ ਟੀਮ ’ਤੇ ਵੱਡੀ ਟੇਕ ਲਗਾਈ ਹੈ ਅਤੇ ਇਸ ਟੀਮ ਦੀ ਕਾਮਯਾਬੀ ਲਈ ਹਾਈਕਮਾਨ ਨੇ ਸਖ਼ਤ ਫ਼ੈਸਲੇ ਲੈਣੇ ਸ਼ੁਰੂ ਵੀ ਕਰ ਦਿੱਤੇ ਹਨ। ਹਾਈਕਮਾਨ ਨੇ ਅੱਜ ਇਸ ਨਵੀਂ ਟੀਮ ਨੂੰ ਸਿਆਸੀ ਥਾਪੀ ਦਿੰਦੇ ਹੋਏ ਜਨਤਾ ਵਿੱਚ ਜਾ ਕੇ ਕੰਮ ਕਰਨ ਦੀ ਨਸੀਹਤ ਦਿੱਤੀ। ਇਸ ਮੌਕੇ ਕਾਂਗਰਸ ਦੇ ਕਾਰਜਕਾਰੀ ਪ੍ਰਧਾਨ ਭਾਰਤ ਭੂਸ਼ਨ ਆਸ਼ੂ, ਵਿਰੋਧੀ ਧਿਰ ਦੇ ਉਪ ਨੇਤਾ ਡਾ. ਰਾਜ ਕੁਮਾਰ ਚੱਬੇਵਾਲ ਅਤੇ ਕਾਂਗਰਸ ਇੰਚਾਰਜ ਹਰੀਸ਼ ਚੌਧਰੀ ਵੀ ਮੌਜੂਦ ਸਨ।



ਹਾਈਕਮਾਨ ਨਾਲ ਮਿਲਣੀ ਮਗਰੋਂ ਪ੍ਰਧਾਨ ਰਾਜਾ ਵੜਿੰਗ ਨੇ ਕਿਹਾ ਕਿ ਪੰਜਾਬ ਵਿੱਚ ਕਾਂਗਰਸ ’ਚ ਰੂਹ ਫੂਕੀ ਜਾਵੇਗੀ ਅਤੇ ਮਜ਼ਬੂਤ ਸੰਗਠਨ ਤਿਆਰ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਨਵੀਂ ਟੀਮ ਵੱਲੋਂ ਨਵੀਂ ਕਾਂਗਰਸ, ਨਵਾਂ ਮਾਡਲ ਦੇਣ ਅਤੇ ਪਾਰਟੀ ਆਗੂ ਰਾਹੁਲ ਗਾਂਧੀ ਦੇ ਸੁਫ਼ਨੇ ਪੂਰੇ ਕਰਨ ਲਈ ਪੂਰੀ ਤਨਦੇਹੀ ਨਾਲ ਕੰਮ ਕੀਤਾ ਜਾਵੇਗਾ। ਪਾਰਟੀ ਅੰਦਰ ਕਿਸੇ ਤਰ੍ਹਾਂ ਦੀ ਅਨੁਸ਼ਾਸਨਹੀਣਤਾ ਸਹਿਣ ਨਹੀਂ ਕੀਤੀ ਜਾਵੇਗੀ। ਸਭ ਨੂੰ ਨਾਲ ਲੈ ਕੇ ਚੱਲਿਆ ਜਾਵੇਗਾ। ਰਾਜਾ ਵੜਿੰਗ ਨੇ ਕਿਹਾ ਕਿ ਪਾਰਟੀ ਦੀ ਪਿਛਲੀ ਕਤਾਰ ਵਾਲੇ ਲੋਕਾਂ ਨੂੰ ਵੀ ਪਾਰਟੀ ਵਿੱਚ ਮੌਕੇ ਦਿੱਤੇ ਜਾਣਗੇ।

## ਭਾਰੀ ਇਕੱਠ ਨਾਲ ਸੰਯੁਕਤ ਕਿਸਾਨ ਮੋਰਚੇ ਨੇ ਦਿੱਤਾ ਧਰਨਾ

**ਪਟਿਆਲਾ/ਇਕਬਾਲ ਸਿੰਘ:-** ਖੇਤੀ ਕਾਨੂੰਨਾਂ ਖ਼ਿਲਾਫ਼ ਦਿੱਲੀ ਦੀਆਂ ਬਰੂਹਾਂ ’ਤੇ ਸਾਲ ਭਰ ਚੱਲੇ ਅੰਦੋਲਨ ਦੌਰਾਨ ਐੱਮਐੱਸਪੀ ਸਮੇਤ ਹੋਰ ਮੰਨੀਆਂ ਮੰਗਾਂ ਲਾਗੂ ਨਾ ਕਰਨ ਦੇ ਰੋਸ ਵਜੋਂ ਸੰਯੁਕਤ ਕਿਸਾਨ ਮੋਰਚੇ ਵੱਲੋਂ ਪੰਜਾਬ ਭਰ ਦੇ ਸਮੂਹ ਜ਼ਿਲ੍ਹਾ ਹੈੱਡਕੁਆਰਟਰਾਂ ’ਤੇ 11 ਤੋਂ 17 ਅਪਰੈਲ ਤੱਕ ਧਰਨੇ ਦੇਣ ਦਾ ਪ੍ਰੋਗਰਾਮ ਉਲੀਕਿਆ ਗਿਆ ਹੈ। ਇਸ ਲੜੀ ਤਹਿਤ ਬੂਟਾ ਸਿੰਘ ਬੁਰਜਗਿੱਲ ਦੀ ਅਗਵਾਈ ਹੇਠਲੀ ਕਿਸਾਨ ਯੂਨੀਅਨ ਡਕੌਂਦਾ ਸਮੇਤ ਹੋਰ ਜਥੇਬੰਦੀਆਂ ਵੱਲੋਂ ਪਟਿਆਲਾ ਦੇ ਡੀਸੀ ਦਫ਼ਤਰ ਬਾਹਰ ਧਰਨਾ ਦਿੱਤਾ ਗਿਆ। ਇਸ ਧਰਨੇ ਵਿੱਚ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਗੁਰਮੇਲ ਢਕੜਬਾ, ਸੂਬਾਈ ਆਗੂ ਰਾਮ ਸਿੰਘ ਮਟੋਰੜਾ ਸਕੱਤਰ ਜਗਮੇਲ ਸੁੱਧੇਵਾਲ, ਗੁਰਬਚਨ ਕਨਸੂਹਾ, ਟਹਿਲ ਕੱਕੇਪੁਰ ਸਮੇਤ ਹੋਰ ਆਗੂਆਂ ਨੇ ਸੰਬੋਧਨ ਕੀਤਾ।



## ਪਾਕਿਸਤਾਨ ਦੇ ਨਵੇਂ ਪ੍ਰਧਾਨ ਮੰਤਰੀ ਦਾ ਬਿਆਨ ਪਾਕਿਸਤਾਨ ਭਾਰਤ ਨਾਲ ਚੰਗੇ ਸਬੰਧ ਚਾਹੁੰਦੇ

**ਨਵੀਂ ਦਿੱਲੀ/ਲੋਕ ਬਾਣੀ:-** ਭਾਰਤ ਅਤੇ ਪਾਕਿਸਤਾਨ ਨੂੰ ਨਾ ਸਿਰਫ਼ ਖੇਤਰੀ ਸ਼ਾਂਤੀ ਯਕੀਨੀ ਬਣਾਉਣੀ ਚਾਹੀਦੀ ਹੈ, ਸਗੋਂ ਆਪਣੇ ਲੋਕਾਂ ਦੇ ਸਮਾਜਿਕ-ਆਰਥਿਕ ਵਿਕਾਸ @ਤੇ ਵੀ ਧਿਆਨ ਦੇਣਾ ਚਾਹੀਦਾ ਹੈ। ਪਾਕਿਸਤਾਨ ਦੇ ਨਵੇਂ ਪ੍ਰਧਾਨ ਮੰਤਰੀ ਸ਼ਾਹਬਾਜ਼ ਸ਼ਰੀਫ ਨੇ ਮੰਗਲਵਾਰ ਨੂੰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਵਧਾਈ ਸੰਦੇਸ਼ ਦਾ ਜਵਾਬ ਦਿੰਦੇ ਹੋਏ ਇਹ ਗੱਲ ਕਹੀ। ਸ਼ਾਹਬਾਜ਼ ਸ਼ਰੀਫ ਨੇ ਸੋਮਵਾਰ ਨੂੰ ਪਾਕਿਸਤਾਨ ਦੇ ਪ੍ਰਧਾਨ ਮੰਤਰੀ ਵਜੋਂ ਸਹੁੰ ਚੁੱਕੀ, ਜਿਸ ਨਾਲ ਸਿਆਸੀ ਅਨਿਸ਼ਚਿਤਤਾ ਖਤਮ ਹੋ ਗਈ।



## ਵਿਸਾਖੀ ਦੇ ਪਵਿੱਤਰ ਤਿਉਹਾਰ ਤੇ ਦੀਨਾਨਗਰ ਵਿਸ਼ੇਸ਼ ਸਪਲੀਮੈਂਟ




# ਭਾਰਤੀ ਕਿਸਾਨ ਯੂਨੀਅਨ ਕਾਦੀਆ ਚਿੱਪ ਵਾਲੇ ਬਿਜਲੀ ਦਾ ਡਟ ਕੇ ਵਿਰੋਧ ਕਰੇਗੀ ਹੋਈ



**ਰਾਏਕੋਟ/ਗੁਰਭਿੰਦਰ ਗੁਰੀ**

ਅੱਜ ਭਾਰਤੀ ਕਿਸਾਨ ਯੂਨੀਅਨ ਕਾਦੀਆਂ ਦੀ ਇੱਕ ਮੀਟਿੰਗ ਇਤਿਹਾਸਿਕ ਗੁਰਦੁਆਰਾ ਟਾਹਲੀਆਣਾ ਸਾਹਿਬ ਦੇ ਦੀਵਾਨ ਹਾਲ ਵਿਖੇ ਬਲਾਕ ਪਰਧਾਨ ਗੁਰਜੀਤ ਸਿੰਘ ਗਿੱਲ ਪ੍ਰਧਾਨਗੀ ਹੇਠ ਵਿਖੇ ਕੀਤੀ ਗਈ। ਇਸ ਮੌਕੇ ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਪ੍ਰਧਾਨ ਗੁਰਜੀਤ ਸਿੰਘ ਗਿੱਲ ਨੇ ਕਿਹਾ ਕਿ ਪਿੰਡਾਂ ਵਿੱਚ ਬਿਜਲੀ ਦੇ ਪ੍ਰੀ-ਪੇਡ ਮੀਟਰ ਲਗਾਏ ਜਾ ਰਹੇ ਹਨ ਉਹ ਉਸਦਾ ਵਿਰੋਧ ਕਰਦੇ ਹਨ। ਉਨ੍ਹਾਂ ਕਿਹਾ ਕਿ ਉਹ ਕਿਸ ਕੀਮਤ ਤੇ ਵੀ ਪ੍ਰੀਪੇਡ ਮੀਟਿੰਗ ਨਹੀਂ ਲੱਗਣ ਦੇਣਗੇ। ਪ੍ਰਧਾਨ ਗਿੱਲ ਨੇ ਕਿਹਾ ਕਿ ਕੇਂਦਰ ਸਰਕਾਰ ਟੇਢੇ ਢੰਗ ਨਾਲ ਪੰਜਾਬ ਨੂੰ ਬਰਬਾਦ ਕਰਨਾ ਚਾਹੁੰਦੀ ਹੈ, ਪੰਜਾਬ ਦੇ ਪਾਣੀਆਂ ਤੇ ਕਬਜਾ ਕਰਨਾ ਚਾਹੁੰਦੀ ਹੈ, ਜਿਸ ਨੂੰ ਕਦੇ ਵੀ ਬਰਦਾਸਤ ਨਹੀਂ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਦੀਆਂ ਇੰਨ੍ਹਾਂ ਧੱਕੇਸ਼ਾਹੀਆਂ ਦੇ ਖਿਲਾਫ ਉਨ੍ਹਾਂ ਵੱਲੋਂ ਅਵਾਜ ਬੁਲੰਦ ਕੀਤੀ ਜਾਵੇਗੀ ਅਤੇ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ। ਪ੍ਰਧਾਨ ਗੁਰਜੀਤ ਸਿੰਘ ਗਿੱਲ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਭਾਰਤੀ ਕਿਸਾਨ ਯੂਨੀਅਨ ਕਾਦੀਆਂ ਨਾਲ ਜੁੜਨ ਤਾਂ ਜੋ ਆਪਣੀਆਂ ਹੱਕੀ ਮੰਗਾਂ ਲਈ ਇੱਕ ਮੁੱਠ ਹੋ ਕੇ ਅਵਾਜ ਬੁਲੰਦ ਕੀਤੀ ਜਾ ਸਕੇ। ਇਸ ਮੌਕੇ ਭਾਰਤੀ ਕਿਸਾਨ ਯੂਨੀਅਨ ਦੀ ਇਕਾਈ ਦੀ ਚੋਣ ਕੀਤੀ ਗਈ, ਜਿਸ ਵਿੱਚ ਸਰਬਸੰਮਤੀ ਨਾਲ ਪ੍ਰਧਾਨ ਸਰਵਜੀਤ ਸਿੰਘ ਰਾਏ, ਤਜਿੰਦਰ ਸਿੰਘ ਖੋਸਾ ਨੂੰ ਮੀਤ ਪ੍ਰਧਾਨ ਚੁਣਿਆ ਗਿਆ। ਇਸ ਮੌਕੇ ਇਕਾਈ ਪ੍ਰਧਾਨ ਇੰਦਰਜੀਤ ਸਿੰਘ ਗੋਗੀ, ਰਾਜ਼ੀ (ਰਾਜਗੜ੍ਹ), ਰਾਜਾ ਦੱਧਾਹੂਰ, ਸਵਰਨਜੀਤ ਸਿੰਘ, ਮੀਤ ਪ੍ਰਧਾਨ ਕਾਕਾ ਦਿਓਲ ਆਦਿ ਤੋਂ ਇਲਾਵਾ ਹੋਰ ਵੀ ਹਾਜ਼ਰ ਸਨ।

## ਇਮਰਾਨ ਖਾਨ ਦੇ ਸਮਰਥਨ 'ਚ ਪਾਕਿਸਤਾਨ 'ਚ ਲੋਕਾਂ ਦਾ ਪ੍ਰਦਰਸ਼ਨ, ਸਾਬਕਾ ਪੀਐਮ ਬੋਲੇ- ਇੰਨੀ ਭੀੜ ਕਦੇ ਨਹੀਂ ਦੇਖੀ

ਪਾਕਿਸਤਾਨ ਦੇ ਸਾਬਕਾ ਪ੍ਰਧਾਨ ਮੰਤਰੀ ਇਮਰਾਨ ਖਾਨ ਨੇ ਸੋਮਵਾਰ ਨੂੰ ਦੇਸ਼ ਦੇ ਲੋਕਾਂ ਦਾ ਧੰਨਵਾਦ ਕੀਤਾ ਜਿਨ੍ਹਾਂ ਨੇ ਪਾਕਿਸਤਾਨ ਤਹਿਰੀਕ-ਏ-ਇਨਸਾਫ (ਪੀਟੀਆਈ) ਦੀ ਰੈਲੀ ਨੂੰ ਸਫਲ ਬਣਾਇਆ। ਇਮਰਾਨ ਖਾਨ ਨੇ ਕਿਹਾ ਕਿ ਸਾਡੇ ਇਤਿਹਾਸ @ਚ ਕਦੇ ਵੀ ਇੰਨੀ ਸਵੈ-ਇੱਛਾ ਨਾਲ ਅਤੇ ਇੰਨੀ ਗਿਣਤੀ @ਚ ਭੀੜ ਸਾਹਮਣੇ ਨਹੀਂ ਆਈ। ਦੱਸ ਦੇਈਏ ਕਿ ਪੀਟੀਆਈ ਨੇ ਐਤਵਾਰ ਨੂੰ ਪਾਕਿਸਤਾਨ ਦੇ ਕਈ ਸ਼ਹਿਰਾਂ @ਚ ਰੈਲੀਆਂ ਕੀਤੀਆਂ ਸਨ। ਪਾਰਟੀ ਦੀ ਇਹ ਰੈਲੀ ਇਮਰਾਨ ਖਾਨ ਦੇ ਸਮਰਥਨ @ਚ ਕੱਢੀ ਗਈ ਸੀ। ਪਾਕਿਸਤਾਨ ਨੈਸ਼ਨਲ ਅਸੈਂਬਲੀ ਵਿੱਚ ਵਿਰੋਧੀ ਧਿਰ ਵੱਲੋਂ ਬੇਭਰੋਸਗੀ ਮਤਾ ਲਿਆਂਦਾ ਗਿਆ ਸੀ, ਜਿਸ ਵਿੱਚ ਇਮਰਾਨ ਖਾਨ ਦੀ ਸਰਕਾਰ ਹਾਰ ਗਈ ਸੀ। ਸੱਤਾ ਹੁਣ ਇਮਰਾਨ ਖਾਨ ਦੇ ਹੱਥੋਂ ਚਲੀ ਗਈ ਹੈ। ♦$*(©) ਦੇ ਪ੍ਰਧਾਨ ਸ਼ਾਹਬਾਜ਼ ਸ਼ਰੀਫ ਹੁਣ ਪਾਕਿਸਤਾਨ ਦੇ ਨਵੇਂ ਪ੍ਰਧਾਨ ਮੰਤਰੀ ਹੋਣਗੇ।

## ਜੱਥੇਦਾਰ ਕੁਲਦੀਪ ਸਿੰਘ ਢੋਸ ਦੀ ਪਹਿਲੀ ਬਰਸ਼ੀ ਤੇ ਉਘੀਆ ਸਿਆਸੀ ਅਤੇ ਸਮਾਜਿਕ ਸਖਸ਼ੀਅਤਾਂ ਵੱਲੋਂ ਸ਼ਰਧਾ ਦੇ ਫੁੱਲ ਭੇਟ

**ਮੋਗਾ/ਧਰਮਕੋਟ/ਦਵਿੰਦਰ ਸਿੰਘ ਬਿੱਟੂ:-** ਲੋਕਾਂ ਦੇ ਨੇਤਾ ਵਜੋਂ ਜਾਣੇ ਜਾਂਦੇ ਜੱਥੇਦਾਰ ਕੁਲਦੀਪ ਸਿੰਘ ਢੋਸ ਜੀ ਦੀ ਪਹਿਲੀ ਬਰਸ਼ੀ ਇਸ ਮੌਕੇ ਉਘੀਆਂ ਸਿਆਸੀ ਅਤੇ ਸਮਾਜਿਕ ਸਖ਼ਸੀਅਤਾਂ ਪਹੁੰਚੀਆਂ ਅਤੇ ਉਹਨਾਂ ਨੇ ਜੱਥੇਦਾਰ ਕੁਲਦੀਪ ਢੋਸ ਜੀ ਨੂੰ ਆਪਣੀ ਸ਼ਰਧਾ ਦੇ ਫੁੱਲ ਭੇਂਟ ਕੀਤੇ। ਇਸ ਮੌਕੇ ਪਰਿਵਾਰ ਨਾਲ ਦੁੱਖ ਵੰਡਾਉਣ ਪੁੱਜੀਆਂ ਸਖ਼ਸੀਅਤਾਂ ਦਾ ਸ਼ੁਕਰਾਨਾ ਕਰਦਿਆਂ ਜੱਥੇਦਾਰ ਕੁਲਦੀਪ ਢੋਸ ਦੇ ਸਪੁੱਤਰ ਐਮ. ਐਲ. ਏ. ਧਰਮਕੋਟ ਦਵਿੰਦਰਜੀਤ ਲਾਡੀ ਢੋਸ ਨੇ ਕਿਹਾ ਕਿ ਪਿਤਾ ਜੀ ਦਾ ਜੀਵਨ ਵਿਚੋਂ ਚਲੇ ਜਾਣਾ ਕਦੇ ਨਾ ਪੂਰਾ ਹੋਣ ਵਾਲਾ ਘਾਟਾ ਹੈ ਜਿਸ ਨੇ ਉਨਾਂ ਨੂੰ ਇੱਕਲਾ ਕਰ ਦਿੱਤਾ ਹੈ, ਪਰ ਅੱਜ ਉਹਨਾਂ ਦੀ ਬਰਸ਼ੀ ਤੇ ਸ਼ਰਧਾ ਦੇ ਫੁੱਲ ਭੇਟ ਕਰਨ ਪਹੁੰਚੀਆਂ ਉਗੀਆਂ ਸ਼ਖ਼ਸ਼ੀਅਤਾਂ ਅਤੇ ਉਨਾਂ ਦੇ ਸਨੇਹੀਆਂ ਨੇ ਆ ਕੇ ਉਨਾਂ ਦੇ ਮਨ ਨੂੰ ਹਿੰਮਤ ਦਿੱਤੀ ਹੈ। ਇਸ ਮੌਕੇ ਉਹਨਾਂ ਕਿਹਾ ਕਿ ਜੀਵਨ ਵਿਚ ਮਾਂ ਬਾਪ ਦੀ ਸੇਵਾ ਤੋਂ ਵੱਡਾ ਕੋਈ ਪੁੰਨ ਨਹੀਂ ਹੈ ਅਤੇ ਜਿਸ ਕੋਲ ਵੀ ਹਾਲੇ ਇਹ ਮੌਕਾ ਹੈ ਉਹ ਇਸ ਮੌਕੇ ਦਾ ਲਾਹਾ ਲਵੇ। ਉਨਾਂ ਨੇ ਕਿਹਾ ਕਿ ਉਨਾਂ ਦੇ ਮਾਤਾ ਜੀ ਦੀਆਂ ਦੁਆਵਾ ਅਤੇ ਪਿਤਾ ਜੀ ਵੱਲੋਂ ਮਿਲੀ ਸੁਝ ਨਾਲ ਹੀ ਉਹ ਜਿੰਦਗੀ ਵਿਚ ਇਸ ਮੁਕਾਮ ਤੇ ਪੁੱਜੇ ਹਨ। ਲਾਡੀ ਢੋਸ ਨੇ ਇਸ ਦੁੱਖ ਦੀ ਘੜੀ ਵਿਚ ਸ਼ਰੀਕ ਹੋਏ ਸਮੂਹ ਪਰਿਵਾਰਕ ਮੈਂਬਰਾਂ, ਰਿਸਤੇਦਾਰਾਂ ਅਤੇ 'ਕੁਲਦੀਪ ਢੋਸ ਜੀ' ਨੂੰ ਚਾਹੁਣ ਵਾਲਿਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਆਪਣੇ ਪਿਤਾ ਜੀ ਦੇ ਨਕਸ਼ ਏ ਕਦਮ ਤੇ ਚੱਲਣਗੇ ਅਤੇ ਉਨਾਂ ਦੀ ਇਹੀ ਅਰਦਾਸ ਹੈ ਕਿ ਉਨਾਂ ਦਾ ਜੀਵਨ ਇਸ ਧਰਤ ਦੀ ਸੇਵਾ ਵਿਚ ਸਮਰਪਿਤ ਰਹੇ। ਐਮ. ਐਲ. ਏ. ਗੁਰਦਿੱਤ ਸਿੰਘ ਸੇਖੋਂ ਨੇ ਸ਼ਰਧਾ ਦੇ ਫੁੱਲ ਭੇਟ ਕਰਦਿਆਂ ਕਿਹਾ ਕਿ ਸਾਬਕਾ ਸ਼੍ਰੋਮਣੀ ਕਮੇਟੀ ਮੈਂਬਰ, ਕਹਿਣੀ, ਕਥਨੀ ਤੇ ਕਰਨੀ ਦੇ ਪੂਰੇ,ਆਪਣੇ ਵਰਕਰਾਂ ਨਾਲ ਖੜਨ ਵਾਲੇ ਜੱਥੇਦਾਰ ਕੁਲਦੀਪ ਸਿੰਘ ਢੋਸ ਇੱਕ ਉੱਗੀ ਸਖਸ਼ੀਅਤ ਦੇ ਮਾਲਕ ਸਨ। ਜਿੰਨਾਂ ਨੂੰ ਉਨਾਂ ਦੇ ਚਾਹੁਣ ਵਾਲੇ 'ਢੋਸ ਸਾਬ' ਕਿਹਾ ਕਰਦੇ ਸਨ ਦੇ ਜੀਵਨ ਦੇ ਵੱਖ ਵੱਖ ਪਹਿਲੂਆਂ ਦਾ ਜਿਕਰ ਕਰਦਿਆਂ ਗੁਰਦਿੱਤ ਸਿੰਘ ਸੇਖੋਂ ਨੇ ਕਿਹਾ ਕਿ ਉਹ ਇਕ ਵੱਡੇ ਛਾਂਦਾਰ ਰੁੱਖ ਵਾਂਗ ਸਨ ਅਤੇ ਉਨਾਂ ਦੇ ਸਨੇਹ ਅਤੇ ਪਿਆਰ ਦੀ ਛਾਂ ਵਿਚ ਕਿੰਨੀਆਂ ਹੀ ਵੱਡੀਆਂ ਸਖਸ਼ੀਅਤਾਂ ਨੇ ਉਭਰ ਕੇ ਸਿਆਸਤ ਅਤੇ ਹੋਰ ਖੇਤਰਾਂ ਵਿਚ ਮੱਲਾਂ ਮਾਰੀਆਂ ਹਨ। ਉਹ



ਹਮੇਸਾਂ ਆਮ ਲੋਕਾਂ ਨਾਲ ਜੁੜੇ ਰਹੇ ਅਤੇ ਲੋਕਾਂ ਦਾ ਪਿਆਰ ਹੀ ਉਨਾਂ ਦੀ ਸਭ ਤੋਂ ਵੱਡੀ ਕਮਾਈ ਸੀ। ਇਸ ਮੌਕੇ $*1 ਮਨਜੀਤ ਸਿੰਘ ਬਿਲਾਸਪੁਰ,$*1 ਅਮ੍ਰਿਤਪਾਲ ਸੁਖਾਨੰਦ, $*1 ਡਾ. ਅਮਨਦੀਪ ਕੌਰ ਅਰੋੜਾ,$*1 ਗੋਲਡੀ ਕੰਬੋਜ, $*1 ਗੁਰਦਿੱਤ ਸਿੰਘ ਸੇਖੋਂ, $*1 ਦਹਿਆ, ਮੀਡੀਆ ਇੰਚਾਰਜ ਅਮਨ ਰਖਰਾ, ਸੈਕਟਰੀ ਦੀਪਕ ਸਮਾਲਸਰ, ਖਜਾਨਚੀ ਤੇਜਿੰਦਰ ਬਰਾੜ, ਰਵੀ ਗਰੇਵਾਲ, ਗੁਰਪ੍ਰੀਤ ਕੰਬੋਜ, ਬਲਖੰਡੀ, ਬਲਵਿੰਦਰ ਸਿੰਘ ਮਹਿਰੋ, ਗੁਰਮੀਤ ਮੁਖੀਜਾ ਸੀਨੀਅਰ ਆਗੂ ਰਾਜ ਕੁਮਾਰ ਮੁਖੀਜਾ ਧਰਮਕੋਟ ਬਲਰਾਜ ਸਿੰਘ ਕਲਸੀ ਅਮਰਜੀਤ ਸਿੰਘ ਬੀਰਾ ਕ੍ਰਿਸ਼ਨ ਹਾਂਸ ਐਮਸੀ ਧਰਮਕੋਟ ਤੋਂ ਇਲਾਵਾ ਹੋਰ ਆਪ ਆਗੂ ਅਤੇ ਹੋਰ ਪਾਰਟੀਆਂ ਦੇ ਆਗੂ ਮਜ਼ੂਦ ਸਨ।

## ਸ਼ਾਹਬਾਜ ਸ਼ਰੀਫ ਨੂੰ ਪਾਕਿਸਤਾਨ ਦੇ ਪ੍ਰਧਾਨ ਮੰਤਰੀ ਬਨਾਉਣ ਤੇ ਉਨ੍ਹਾਂ ਦੇ ਜੱਦੀ ਪਿੰਡ ਜਾਤੀ ਉਮਰਾ ਦੇ ਲੋਕਾਂ ਵਿੱਚ ਖੁਸ਼ੀ ਦੀ ਲਹਿਰ

**ਜੰਡਿਆਲਾ ਗੁਰੂ/ਜਸਪਾਲ ਸ਼ਰਮਾ:-** ਇਮਰਾਨਖਾਨ ਤੋਂ ਬਾਅਦ ਪਾਕਿਸਤਾਨ ਨੂੰ ਨਵੇਂ ਪ੍ਰਧਾਨ ਮੰਤਰੀ ਮਿਲ ਗਏ ਹਨ।ਪਾਕਿਸਤਾਨ ਦੇ 23ਵੇ ਪ੍ਰਧਾਨ ਮੰਤਰੀ ਵੱਜੋ ਸ਼ਾਹਬਾਜ਼ ਸ਼ਰੀਫ ਦੀ ਚੋਣ ਹੋਈ ਹੈ।ਪਿੱਛਲੇ ਸਮੇ ਤੋ ਪਾਕਿਸਤਾਨ ਵਿਚ ਸਿਆਸਤ ਦੀ ਹੱਲਚੱਲ ਚੱਲ ਰਹੀ ਸੀ।ਇਸ ਦੌਰਾਨ ਇਮਰਾਨ ਖਾਨ ਨੇ ਕਾਫੀ ਜਦੋਜਹਿਦ ਕੀਤੀ ਸੀ।ਪਰ ਉਹ ਆਪਣੀ ਕੁਰਸੀ ਬਚਾ ਨਹੀਂ ਸਕੇ। ਸ਼ਾਹਬਾਜ ਸ਼ਰੀਫ 23 ਵੇ ਪ੍ਰਧਾਨ ਮੰਤਰੀ ਪਾਕਿਸਤਾਨ ਦੇ ਬਣੇ ਭਾਰਤ ਦੇਸ਼ ਦੇ ਸੂਬਾ ਪੰਜਾਬ ਵਿਚ ਹਲਕਾ ਬਾਬਾ ਬਕਾਲਾ ਜੰਡਿਆਲਾ ਗੁਰੂ ਨਜ਼ਦੀਕ ਪ੍ਰਧਾਨ ਮੰਤਰੀ ਸ਼ਾਹਬਾਜ ਸ਼ਰੀਫ ਦੇ ਜੱਦੀ ਪਿੰਡ ਜਾਤੀਉਮਰਾ ਦੇ ਲੋਕਾਂ ਵਿੱਚ ਖੁਸ਼ੀ ਦਾ ਮਾਹੌਲ ਵੇਖਣ ਨੂੰ ਮਿਲਿਆ ਇੱਥੇ ਦੇ ਲੋਕਾਂ ਨੇ ਲੱਡੂ ਵੰਡ ਕੇ ਖੁਸ਼ੀ ਮਨਾਈ।ਇਸ ਮੌਕੇ ਮੀਡੀਆ ਨਾਲ ਉਨ੍ਹਾ ਦਦੇ ਜੱਦੀ ਪਿੰਡ ਜਾਤੀ ਉਮਰਾ ਦੇ ਬਲਵਿੰਦਰ ਸਿੰਘ ਅਤੇ ਗਿਆਨ ਸਿੰਘ ਅਤੇ ਪਿੰਡ ਦੇ ਹੋਰ ਲੋਕਾਂ ਨੇ ਗੱਲਬਾਤ ਕਰਦਿਆਂ ਕਿਹਾ ਕਿ ਸ਼ਾਹਬਾਜ ਸ਼ਰੀਫ ਜੋ ਪਾਕਿਸਤਾਨ ਪੰਜਾਬ ਦੇ ਮੁੱਖ ਮੰਤਰੀ ਤੋਂ ਹੁਣ ਪਾਕਿਸਤਾਨ ਦੇ ਪ੍ਰਧਾਨ ਮੰਤਰੀ ਬਣ ਜਾਣ ਨਾਲ ਸਾਰੇ ਪਿੰਡ ਵਿਚ ਖੁਸ਼ੀ ਦਾ ਮਾਹੌਲ ਬਣਿਆਂ ਹੋਇਆ ਹੈ ਉਹਨਾਂ ਪਹਿਲਾਂ ਹੀ ਵਾਹਿਗੁਰੂ ਅੱਗੇ ਅਰਦਾਸ ਬੇਨਤੀ ਕੀਤੀ ਸੀ ਅੱਜ ਸਾਰੇ ਪਿੰਡ ਵਿੱਚ ਲੱਡੂ ਵੰਡੇ ਜਾ ਰਹੇ ਹਨ ਇਸ ਨਾਲ ਪਿੰਡ ਜਾਤੀ ਉਮਰਾ ਦਾ ਨਾਮ ਸਾਰੀ ਦੁਨੀਆਂ ਵਿੱਚ ਆ ਗਿਆ।ਇਸ ਨਾਲ ਭਾਰਤ ਪਾਕਿਸਤਾਨ ਦੇ ਹਾਲਾਤਾਂ ਵਿੱਚ ਵੀ ਸੁਧਾਰ ਹੋਣ ਦੀ ਉਮੀਦ ਕੀਤੀ ਜਾ ਸਕਦੀ ਹੈ। ਇਸ ਨਾਲ ਕਿਸਾਨਾਂ ਦੀਆਂ ਸਬਜ਼ੀਆਂ ਵੀ ਪਾਕਿਸਤਾਨ ਨੂੰ ਜਾ ਸਕਦੀਆਂ ਹਨ ਤੇ ਪਾਕਿਸਤਾਨ ਤੋਂ ਭਾਰਤ ਚੀਜ ਆ ਸਕਣ ਗਿਆ ਇਸ ਨਾਲ ਵਪਾਰ ਵੀ ਵੱਧ ਸਕੇਗਾ ਉਨ੍ਹਾਂ ਦੇ ਪੁਰਾਣੇ ਘਰ ਜੋ ਹੁਣ ਗੁਰਦੁਆਰਾ ਸਾਹਿਬ ਵਿੱਚ ਤਬਦੀਲ ਹੋ ਗਿਆ ਹੈ।ਪਿੰਡ ਵਾਸੀਆਂ ਨੇ ਕਿਹਾ ਕਿ ਨਵੇਂ ਬਣੇ ਪ੍ਰਧਾਨ ਮੰਤਰੀ ਨੂੰ ਫੋਨ ਤੇ ਵਧਾਈ ਵੀ ਦਿੱਤੀ।ਇਸ ਮੌਕੇ ਗਿਆਨ ਸਿੰਘ ਉਮਰ 98 ਸਾਲ ਨੇ ਆਪਣੀ ਖੁਸ਼ੀ ਦਾ ਇਜ਼ਹਾਰ ਬਾਰੇ ਕਿਹਾ ਕਿ ਇਨ੍ਹਾਂ ਚਾਅ ਤੇ ਖੁਸ਼ੀ ਹੈ ਜਿੰਦਾ ਤੀਆਂ ਤੇ ਹੁੰਦੀ ਆ ਪ੍ਰਧਾਨ ਮੰਤਰੀ ਬਣਨ ਦੀ। ਹੁਣ ਆਪਸੀ ਦੋਵਾਂ ਮੁਲਕਾਂ ਨੂੰ ਆਪਸੀ ਸਾਂਝ ਤੇ ਵਪਾਰਕ ਸੰਬੰਧ ਹੁਣ ਗੂੜੇ ਕਰਨੇ ਚਾਹੀਦੇ ਹਨ।ਜਿਸ ਨਾਲ ਭਾਰਤ ਤੇ ਪਾਕਿਸਤਾਨ ਆਪਸੀ ਭਾਈਚਾਰਕ ਸਾਂਝ ਨਾਲ ਦੋਵੇ ਮੁਲਕ ਤਰੱਕੀ ਦੀ ਰਾਹ ਚੱਲ ਸਕਣ।

# ਵਿਧਾਇਕ ਸ਼ੈਰੀ ਕਲਸੀ ਦੇ ਯਤਨਾ ਸਦਕਾ ਜਲਦ ਸ਼ੁਰੂ ਹੋਵੇਗਾ ਰਈਆ ਮੋੜ ਤੋਂ ਵਾਇਆ ਬਟਾਲਾ ਸ਼ਹਿਰ ਰਾਹੀਂ ਡੇਰਾ ਬਾਬਾ ਨਾਨਕ ਤੱਕ ਚਾਰ ਮਾਰਗੀ ਸੜਕ ਦਾ ਨਿਰਮਾਣ

### ਜਲੰਧਰ ਰੋਡ ਤੋਂ ਗੁਰਦਾਸਪੁਰ ਰੋਡ ਤੱਕ ਨਵਾਂ ਬਾਈਪਾਸ ਵੀ ਬਣਾਇਆ ਜਾਵੇਗਾ

**ਬਟਾਲਾ/ਸੁਖਨਾਮ ਸਿੰਘ**

ਵਿਧਾਨ ਸਭਾ ਹਲਕਾ ਬਟਾਲਾ ਦੇ ਵਿਧਾਇਕ ਸ੍ਰੀ ਅਮਨ ਸ਼ੇਰ ਸਿੰਘ ਸ਼ੈਰੀ ਕਲਸੀ ਦੀਆਂ ਕੋਸ਼ਿਸ਼ਾਂ ਸਦਕਾ ਬਟਾਲਾ ਸਮੇਤ ਮਾਝੇ ਦੇ ਵੱਡੇ ਹਿੱਸੇ ਨੂੰ ਰਈਆ ਮੋੜ ਤੋਂ ਵਾਇਆ ਬਟਾਲਾ ਸ਼ਹਿਰ ਰਾਹੀਂ ਡੇਰਾ ਬਾਬਾ ਨਾਨਕ ਤੱਕ ਚਾਰ ਮਾਰਗੀ ਸੜਕ ਦੀ ਵੱਡੀ ਸਹੂਲਤ ਮਿਲਣ ਜਾ ਰਹੀ ਹੈ। ਇਸ ਚਾਰ ਮਾਰਗੀ ਪ੍ਰੋਜੈਕਟ ਉੱਪਰ ਜਲਦੀ ਹੀ ਕੰਮ ਸ਼ੁਰੂ ਹੋ ਜਾਵੇਗਾ। ਵਿਧਾਇਕ ਸ਼ੈਰੀ ਕਲਸੀ ਨੇ ਇਸ ਵਕਾਰੀ ਪ੍ਰੋਜੈਕਟ ਦੇ ਨਿਰਮਾਣ ਲਈ ਅੱਜ ਨੈਸ਼ਨਲ ਹਾਈਵੇ ਅਥਾਰਟੀ ਦੇ ਡਿਪਟੀ ਮੈਨੇਜਰ ਅਚਲ ਜਿੰਦਲ, ਜੰਗਲਾਤ ਵਿਭਾਗ ਦੇ ਡੀ.ਐੱਫ.ਓ. ਜਰਨੈਲ ਸਿੰਘ ਅਤੇ ਪੰਜਾਬ ਸਰਕਾਰ ਦੇ ਅਧਿਕਾਰੀਆਂ ਨਾਲ ਮੀਟਿੰਗ ਕਰਦਿਆਂ ਕਿਹਾ ਕਿ ਬਾਬਾ ਬਕਾਲਾ ਵਾਇਆ ਬਟਾਲਾ ਤੋਂ ਡੇਰਾ ਬਾਬਾ ਨਾਨਕ ਤੱਕ ਚਾਰ ਮਾਰਗੀ ਸੜਕ ਦਾ ਨਿਰਮਾਣ ਜਲਦ ਸ਼ੁਰੂ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਇਸ ਚਾਰ ਮਾਰਗੀ ਸੜਕ ਦੇ ਬਣਨ ਨਾਲ ਜਿਥੇ ਡੇਰਾ ਬਾਬਾ ਨਾਨਕ ਅਤੇ ਸ੍ਰੀ ਕਰਤਾਰਪੁਰ ਸਾਹਿਬ ਦੇ ਦਰਸ਼ਨਾਂ ਨੂੰ ਜਾਣ ਵਾਲੇ ਸ਼ਰਧਾਲੂਆਂ ਨੂੰ ਵੱਡੀ ਸਹੂਲਤ ਮਿਲੇਗੀ ਓਥੇ ਨਾਲ ਹੀ ਬਟਾਲਾ ਸ਼ਹਿਰ ਵਿਚੋਂ ਇੱਕ ਹੋਰ ਰਾਸ਼ਟਰੀ ਰਾਜ ਮਾਰਗ ਲੰਘਣ ਨਾਲ ਇਸਦੇ ਵਿਕਾਸ ਨੂੰ ਵੀ ਗਤੀ ਮਿਲੇਗੀ। ਉਨ੍ਹਾਂ ਕਿਹਾ ਕਿ ਵਧੀਆ ਸੜਕੀ ਸੰਪਰਕ ਹੋਣ ਨਾਲ ਇਸਦਾ ਸਿੱਧਾ ਲਾਭ ਬਟਾਲਾ ਸ਼ਹਿਰ ਦੀ ਸਨਅਤ ਨੂੰ ਵੀ ਹੋਵੇਗਾ। ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਜਿਥੇ ਇਹ ਚਾਰ ਮਾਰਗੀ ਸੜਕ ਦਾ ਨਿਰਮਾਣ ਹੋਣਾ ਹੈ ਓਥੇ ਜਲੰਧਰ ਰੋਡ ਦੇ ਮਿਸ਼ਰਪੁਰਾ ਪਿੰਡ ਲਾਗੋਂ ਸ਼ੁਰੂ ਕਰਕੇ ਸ੍ਰੀ ਹਰਗੋਬਿੰਦਪੁਰ, ਕਾਦੀਆਂ ਅਤੇ ਕਾਹਨੂੰਵਾਨ ਸੜਕਾਂ ਨੂੰ ਕਰਾਸ ਕਰਕੇ ਗੁਰਦਾਸਪੁਰ ਰੋਡ ਤੱਕ ਇੱਕ ਨਵਾਂ ਬਾਈਪਾਸ ਬਣਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਇਸ ਬਾਈਪਾਸ ਦੇ ਬਣਨ ਨਾਲ ਬਟਾਲਾ ਸ਼ਹਿਰ ਦੇ ਦੁਆਲੇ ਇੱਕ ਫੋਰਲੇਨ ਰਿੰਗ ਰੋਡ ਬਣ ਜਾਵੇਗਾ ਜਿਸ ਨਾਲ ਸਾਰੀ ਹੈਵੀ ਟਰੈਫਿਕ ਸ਼ਹਿਰੋਂ ਬਾਹਰਵਾਰ ਲੰਘ ਜਾਵੇਗੀ। ਉਨ੍ਹਾਂ ਅਧਿਕਾਰੀਆਂ ਨੂੰ ਕਿਹਾ ਕਿ ਰਈਆ ਮੋੜ ਤੋਂ ਵਾਇਆ ਬਟਾਲਾ ਸ਼ਹਿਰ ਰਾਹੀਂ ਡੇਰਾ ਬਾਬਾ ਨਾਨਕ ਤੱਕ ਚਾਰ ਮਾਰਗੀ ਸੜਕ ਅਤੇ ਬਟਾਲਾ ਸ਼ਹਿਰ ਦੇ ਨਵੇਂ ਬਾਈਪਾਸ ਦੇ ਪ੍ਰੋਜੈਕਟ ਉੱਪਰ ਜਲਦ ਕੰਮ ਸ਼ੁਰੂ ਕਰ ਦਿੱਤਾ ਜਾਵੇ ਤਾਂ ਜੋ ਲੋਕਾਂ ਨੂੰ ਆਵਾਜਾਈ ਦੀ ਵੱਡੀ ਸਹੂਲਤ ਮਿਲ ਸਕੇ। ਉਨ੍ਹਾਂ ਕਿਹਾ ਕਿ ਇੱਕ ਸਾਲ ਦੇ ਅੰਦਰ ਇਹ ਦੋਵੇਂ ਪ੍ਰੋਜੈਕਟ ਮੁਕੰਮਲ ਕਰਨ ਦਾ ਟੀਚਾ ਹੈ। ਨੈਸ਼ਨਲ ਹਾਈਵੇ ਅਥਾਰਟੀ ਦੇ ਡਿਪਟੀ ਮੈਨੇਜਰ ਅਚਲ ਜਿੰਦਲ ਨੇ ਕਿਹਾ ਕਿ ਇਨ੍ਹਾਂ ਦੋਵਾਂ ਪ੍ਰੋਜੈਕਟਾਂ ਨੂੰ ਪੰਜਾਬ ਸਰਕਾਰ ਅਤੇ ਭਾਰਤ ਸਰਕਾਰ ਵੱਲੋਂ ਪਾਸ ਕਰ ਦਿੱਤਾ ਗਿਆ ਹੈ ਅਤੇ ਜੰਗਲਾਤ ਵਿਭਾਗ ਦੀ ਆਖਰੀ ਮਨਜ਼ੂਰੀ ਮਿਲਣੀ ਬਾਕੀ ਰਹਿ ਗਈ ਹੈ ਜੋ ਇਸ ਹਫਤੇ ਮਿਲ ਜਾਵੇਗੀ। ਉਨ੍ਹਾਂ ਕਿਹਾ ਕਿ ਕਣਕ ਦੀ ਵਾਢੀ ਤੋਂ ਬਾਅਦ ਇਨ੍ਹਾਂ ਪ੍ਰੋਜੈਕਟਾਂ ਉੱਪਰ ਕੰਮ ਸ਼ੁਰੂ ਕਰ ਦਿੱਤਾ ਜਾਵੇਗਾ।



## ਭਾਰਤੀ ਕਿਸਾਨ ਯੂਨੀਅਨ ਕਾਦੀਆਂ ਦੀ ਮੀਟਿੰਗ ਗੁਰਦੁਆਰਾ ਟਾਹਲੀਆਣਾ ਸਾਹਿਬ ਰਾਏਕੋਟ ਵਿਖੇ ਹੋਈ

**ਰਾਏਕੋਟ/ਗੁਰਭਿੰਦਰ ਗੁਰੀ:-** ਭਾਰਤੀ ਕਿਸਾਨ ਯੂਨੀਅਨ ਕਾਦੀਆਂ ਦੀ ਇੱਕ ਮੀਟਿੰਗ ਇਤਿਹਾਸਿਕ ਗੁਰਦੁਆਰਾ ਟਾਹਲੀਆਣਾ ਸਾਹਿਬ ਦੇ ਦੀਵਾਨ ਹਾਲ ਵਿਖੇ ਬਲਾਕ ਪਰਧਾਨ ਗੁਰਜੀਤ ਸਿੰਘ ਗਿੱਲ ਪ੍ਰਧਾਨਗੀ ਹੇਠ ਵਿਖੇ ਕੀਤੀ ਗਈ। ਇਸ ਮੌਕੇ ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਪ੍ਰਧਾਨ ਗੁਰਜੀਤ ਸਿੰਘ ਗਿੱਲ ਨੇ ਕਿਹਾ ਕਿ ਪਿੰਡਾਂ ਵਿੱਚ ਬਿਜਲੀ ਦੇ ਪ੍ਰੀ-ਪੇਡ ਮੀਟਰ ਲਗਾਏ ਜਾ ਰਹੇ ਹਨ ਉਹ ਉਸਦਾ ਵਿਰੋਧ ਕਰਦੇ ਹਨ। ਉਨ੍ਹਾਂ ਕਿਹਾ ਕਿ ਉਹ ਕਿਸ ਕੀਮਤ ਤੇ ਵੀ ਪ੍ਰੀਪੇਡ ਮੀਟਿੰਗ ਨਹੀਂ ਲੱਗਣ ਦੇਣਗੇ। ਪ੍ਰਧਾਨ ਗਿੱਲ ਨੇ ਕਿਹਾ ਕਿ ਕੇਂਦਰ ਸਰਕਾਰ ਟੇਢੇ ਢੰਗ ਨਾਲ ਪੰਜਾਬ ਨੂੰ ਬਰਬਾਦ ਕਰਨਾ ਚਾਹੁੰਦੀ ਹੈ, ਪੰਜਾਬ ਦੇ ਪਾਣੀਆਂ ਤੇ ਕਬਜਾ ਕਰਨਾ ਚਾਹੁੰਦੀ ਹੈ, ਜਿਸ ਨੂੰ ਕਦੇ ਵੀ ਬਰਦਾਸਤ ਨਹੀਂ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਦੀਆਂ ਇੰਨ੍ਹਾਂ ਧੱਕੇਸ਼ਾਹੀਆਂ ਦੇ ਖਿਲਾਫ ਉਨ੍ਹਾਂ ਵੱਲੋਂ ਅਵਾਜ ਬੁਲੰਦ ਕੀਤੀ ਜਾਵੇਗੀ ਅਤੇ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ। ਪ੍ਰਧਾਨ ਗੁਰਜੀਤ ਸਿੰਘ ਗਿੱਲ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਭਾਰਤੀ ਕਿਸਾਨ ਯੂਨੀਅਨ ਕਾਦੀਆਂ ਨਾਲ ਜੁੜਨ ਤਾਂ ਜੋ ਆਪਣੀਆਂ ਹੱਕੀ ਮੰਗਾਂ ਲਈ ਇੱਕ ਮੁੱਠ ਹੋ ਕੇ ਅਵਾਜ ਬੁਲੰਦ ਕੀਤੀ ਜਾ ਸਕੇ। ਇਸ ਮੌਕੇ ਭਾਰਤੀ ਕਿਸਾਨ ਯੂਨੀਅਨ ਦੀ ਇਕਾਈ ਦੀ ਚੋਣ ਕੀਤੀ ਗਈ, ਜਿਸ ਵਿੱਚ ਸਰਬਸੰਮਤੀ ਨਾਲ ਪ੍ਰਧਾਨ ਸਰਵਜੀਤ ਸਿੰਘ ਰਾਏ, ਤਜਿੰਦਰ ਸਿੰਘ ਖੋਸਾ ਨੂੰ ਮੀਤ ਪ੍ਰਧਾਨ ਚੁਣਿਆ ਗਿਆ। ਇਸ ਮੌਕੇ ਇਕਾਈ ਪ੍ਰਧਾਨ ਇੰਦਰਜੀਤ ਸਿੰਘ ਗੋਗੀ, ਰਾਜ਼ੀ (ਰਾਜਗੜ੍ਹ), ਰਾਜਾ ਦੱਧਾਹੂਰ, ਸਵਰਨਜੀਤ ਸਿੰਘ, ਮੀਤ ਪ੍ਰਧਾਨ ਕਾਕਾ ਦਿਓਲ ਆਦਿ ਤੋਂ ਇਲਾਵਾ ਹੋਰ ਵੀ ਹਾਜ਼ਰ ਸਨ।

## ਜ਼ਿਲ੍ਹਾ ਪੱਧਰੀ ਕਿਸਾਨ ਮੇਲਾ 13 ਨੂੰ ਲੱਗੇਗਾ

**ਗੁਰਦਾਸਪੁਰ/ਨਵਨੀਤ ਕੁਮਾਰ:-** ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਗੁਰਦਾਸਪੁਰ ਵੱਲੋਂ 13 ਅਪ੍ਰੈਲ ਨੂੰ ਬਟਾਲਾ ਦੀ ਪਸ਼ੂ ਮੰਡੀ ਵਿਚ ਸਵੇਰੇ 10 ਵਜੇ ਕਿਸਾਨਾਂ ਨੂੰ ਸਾਉਣੀ ਦੀਆਂ ਫਸਲਾਂ ਦੀ ਕਾਸ਼ਤ ਸਬੰਧੀ ਸਿਖਲਾਈ ਦੇਣ ਲਈ ਜ਼ਿਲ੍ਹਾ ਪੱਧਰੀ ਕਿਸਾਨ ਸਿਖਲਾਈ ਕੈਂਪ ਲਗਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਖੇਤੀਬਾੜੀ ਅਧਿਕਾਰੀ ਡਾ. ਰਣਧੀਰ ਸਿੰਘ ਠਾਕੁਰ ਨੇ ਦੱਸਿਆ ਕਿ ਇਸ ਕਿਸਾਨ ਮੇਲੇ ਦੀ ਪ੍ਰਧਾਨਗੀ ਡਿਪਟੀ ਕਮਿਸ਼ਨਰ ਗੁਰਦਾਸਪੁਰ ਮੁਹੰਮਦ ਇਸ਼ਫਾਕ ਕਰਨਗੇ ਅਤੇ ਹਲਕਾ ਬਟਾਲਾ ਦੇ ਵਿਧਾਇਕ ਸ਼ੈਰੀ ਕਲਸੀ ਅਤੇ ਹਲਕਾ ਬਟਾਲਾ ਦੇ ਵਿਧਾਇਕ ਐਡਵੋਕੇਟ ਅਮਰਪਾਲ ਸਿੰਘ ਮੁੱਖ ਮਹਿਮਾਨ ਵਜੋਂ ਪਹੁੰਚਣਗੇ। ਇਸ ਕੈਂਪ ਵਿਚ ਵੱਖ-ਵੱਖ ਵਿਭਾਗਾਂ ਵੱਲੋਂ ਪ੍ਰਦਰਸ਼ਨੀਆਂ ਵੀ ਲਗਾਈਆਂ ਜਾਣਗੀਆਂ। ਉਨ੍ਹਾਂ ਜ਼ਿਲ੍ਹੇ ਦੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਇਸ ਕੈਂਪ ਵਿਚ ਸ਼ਮੂਲੀਅਤ ਕਰਕੇ ਖੇਤੀਬਾੜੀ ਨਾਲ ਸਬੰਧਿਤ ਨਵੀਂ ਤਕਨੀਕਾਂ ਬਾਰੇ ਜਾਣਕਾਰੀ ਹਾਸਿਲ ਕਰਨ।

# ਜੋਨ ਚੋਗਾਵਾਂ ਦੇ ਇਜਲਾਸ ਵਿੱਚ ਸਰਵਸੰਮਤੀ ਨਾਲ ਚੁਣੀ ਗਈ ਜੋਨ ਕੋਰ ਕਮੇਟੀ, ਨੀਤੀ ਆਯੋਗ ਭਾਰਤ ਸਰਕਾਰ ਦਾ ਫੂਕਿਆ ਪੁਤਲਾ

### ਆਉਣ ਵਾਲੇ ਦਿਨਾਂ ਵਿਚ ਅਰੰਭੇ ਜਾਣਗੇ ਵੱਡੇ ਘੋਲ



**ਜੰਡਿਆਲਾ ਗੁਰੂ/ਜਸਪਾਲ ਸ਼ਰਮਾ**

ਕਿਸਾਨ ਮਜ਼ਦੂਰ ਸਘੰਰਸ਼ ਕਮੇਟੀ ਪੰਜਾਬ ਸੂਬਾ ਜਨਰਲ ਸਕੱਤਰ ਸਰਵਣ ਸਿੰਘ ਪੰਧੇਰ,ਸੂਬਾ ਆਗੂ ਰਣਜੀਤ ਸਿੰਘ ਕਲੇਰਬਾਲਾ, ਸਕੱਤਰ ਸਿੰਘ ਕੋਟਲਾ ਦੀ ਅਗਵਾਈ ਵਿੱਚ ਅੱਜ ਜੋਨ ਚੋਗਾਵਾਂ ਦੇ ਪਿੰਡ ਕੱਕੜ ਗੁਰਦੁਆਰਾ ਸਾਹਿਬ ਰਾਮ ਟਾਹਲੀ ਵਿਖੇ ਸਾਰੇ ਪਿੰਡਾਂ ਦੀਆਂ ਚੋਣਾਂ ਤੋਂ ਬਾਅਦ ਅੱਜ ਜੋਨ ਦਾ ਇਜਲਾਸ ਸੱਦ ਕੇ ਚੁਣੀ ਗਈ ਸਰਵਸੰਮਤੀ ਨਾਲ ਜੋਨ ਕੋਰ ਕਮੇਟੀ ਆਗੂਆਂ ਨੇ ਕਿਹਾ ਕਿ ਸਘੰਰਸਾ ਤੇ ਟੇਕ ਰੱਖਕੇ ਹੀ ਹੱਕੀ ਮੰਗਾਂ ਲਈ ਲੜਾਈ ਲੜੀ ਜਾ ਸਕਦੀ ਹੈ ਜਥੇਬੰਦ ਹੋ ਕੇ ਹੀ ਸਘੰਰਸ਼ ਨੂੰ ਹੱਲ ਤੇ ਏਕਾ ਹਥਿਆਰ ਬਣਾ ਕੇ ਸਾਮਰਾਜ ਵਾਦ ਦੇ ਖਿਲਾਫ ਲੜਾਈ ਲੜੀ ਜਾ ਸਕਦੀ ਹੈ, ਨੀਤੀ ਆਯੋਗ ਭਾਰਤ ਸਰਕਾਰ ਦੇ ਖੇਤੀ ਕਨੂੰਨ ਵਾਪਸ ਲਿਆਉਣ ਵਾਲੇ ਬਿਆਨ ਦੀ ਜਥੇਬੰਦੀ ਨੇ ਸਖ਼ਤ ਸ਼ਬਦਾਂ ਵਿੱਚ ਨਖੇਦੀ ਕੀਤੀ ਤੇ ਰੋਸ ਵਜੋਂ ਫੂਕਿਆ ਨੀਤੀ ਆਯੋਗ ਡਾਕਟਰ ਰਮੇਸ ਚੰਦ ਦਾ ਪੁੱਤਲਾ ਕਿਉਂਕਿ ਭਾਰਤ ਸਰਕਾਰ ਵਿਸ਼ਵ ਵਪਾਰ ਸੰਸਥਾ ਦੇ ਦਬਾ ਹੇਠ ਆ ਕੇ ਇਸ ਤਰ੍ਹਾਂ ਦੇ ਬਿਆਨ ਦਾਗ ਰਹੀਂ ਹੈ ਸਰਕਾਰ ਨੂੰ ਚਿਤਾਵਨੀ ਦਿੱਤੀ ਕਿ ਆਉਣ ਵਾਲੇ ਦਿਨਾਂ ਵਿੱਚ ਸਰਕਾਰ ਦੀਆਂ ਨੀਤੀਆਂ ਦੇ ਵਿਰੁੱਧ ਵੱਡੇ ਪੱਧਰ ਦੇ ਅੰਦੋਲਨ ਅਰੰਭੇ ਜਾਣਗੇ ਇਸ ਮੌਕੇ ਹਾਜ਼ਰ ਆਗੂ ਗੁਰਲਾਲ ਸਿੰਘ ਮਾਨ, ਲਖਵਿੰਦਰ ਸਿੰਘ ਡਾਲਾਂ, ਕੁਲਵੰਤ ਸਿੰਘ ਕੱਕੜ,ਸਾਬ ਸਿੰਘ ਕੱਕੜ, ਗੁਰਲਾਲ ਸਿੰਘ ਕੱਕੜ, ਰਾਜਬੀਰ ਸਿੰਘ ਕੱਕੜ, ਹਰਪ੍ਰੀਤ ਸਿੰਘ, ਗੁਰਪ੍ਰਤਾਪ ਸਿੰਘ,ਸਰਨਪਾਲ ਸਿੰਘ ਬੱਚੀਵਿੰਡ, ਜਸਮੀਤ ਸਿੰਘ ਰਾਣੀਆਂ, ਸਤਪਾਲ ਸਿੰਘ ਬਰਾੜ, ਅਮਰੀਕ ਸਿੰਘ ਚਵਿੰਡਾ,ਪ੍ਰਗਟ ਸਿੰਘ, ਕੁਲਵਿੰਦਰ ਸਿੰਘ ਮੰਝ, ਗੁਰਜੀਤ ਸਿੰਘ ਹਾਜ਼ਰ ਰਹੇ।

# ਰਾਜਪਾਲ ਨੇ ਰਾਸ਼ਟਰੀ ਸੁਰੱਖਿਆ ਨੂੰ ਪ੍ਰਭਾਵਿਤ ਕਰਨ ਵਾਲੇ ਸਰਹੱਦੀ ਜ਼ਿਲ੍ਹੇ ਦੇ ਅਹਿਮ ਮੁੱਦਿਆਂ ਦਾ ਲਿਆ ਜਾਇਜ਼ਾ

### ਸਰਹੱਦੀ ਖੇਤਰਾਂ ਦੀ ਸੁਰੱਖਿਆ ਲਈ ਹਰ ਪੱਧਰ ਤੇ ਠੋਸ ਅਤੇ ਨਿਰੰਤਰ ਸਹਿਯੋਗ ਲਾਜ਼ਮੀ - ਬਨਵਾਰੀ ਲਾਲ ਪੁਰੋਹਿਤ

**ਗੁਰਦਾਸਪੁਰ-ਨਵਨੀਤ ਕੁਮਾਰ**

ਪੰਜਾਬ ਦੇ ਰਾਜਪਾਲ ਸ੍ਰੀ ਬਨਵਾਰੀ ਲਾਲ ਪੁਰੋਹਿਤ ਨੇ ਰਾਸ਼ਟਰੀ ਸੁਰੱਖਿਆ ਨੂੰ ਪ੍ਰਭਾਵਤ ਕਰਨ ਵਾਲੇ ਸਰਹੱਦੀ ਜ਼ਿਲ੍ਹਿਆਂ ਪਠਾਨਕੋਟ , ਗੁਰਦਾਸਪੁਰ , ਅੰਮ੍ਰਿਤਸਰ ਅਤੇ ਤਰਨਤਾਰਨ ਨਾਲ ਸਬੰਧਤ ਮਹੱਤਵਪੂਰਨ ਮੁੱਦਿਆਂ ਦਾ ਜਾਇਜ਼ਾ ਲੈਣ ਲਈ ਕਈ ਮੀਟਿੰਗਾਂ ਕੀਤੀਆਂ । ਇਸ ਮੀਟਿੰਗ ਵਿੱਚ ਬੀ ਐਸ ਐਫ, ਇੰਟੈਲੀਜੈਂਸ ਬਿਊਰੋ, ਨਾਰਕੋਟਿਕਸ ਕੰਟਰੋਲ ਬਿਊਰੋ , ਨੈਸ਼ਨਲ ਇਨਵੈਸਟੀਗੇਸ਼ਨ ਏਜੰਸੀ , ਫੌਜ ਦੀ ਮਿਲਟਰੀ ਇੰਟੈਲੀਜੈਂਸ ਸਮੇਤ ਕੇਂਦਰ ਸਰਕਾਰ ਦੀਆਂ ਵਿਭਿੰਨ ਏਜੰਸੀਆਂ ਦੇ ਸੀਨੀਅਰ ਅਧਿਕਾਰੀ ਅਤੇ ਸੂਬਾ ਸਰਕਾਰ ਦੇ ਸੀਨੀਅਰ ਅਧਿਕਾਰੀ , ਡਿਪਟੀ ਕਮਿਸ਼ਨਰ ਅਤੇ ਐਸ. ਐਸ. ਪੀ ਹਾਜ਼ਰ ਸਨ ।

ਇਸ ਮੀਟਿੰਗ ਵਿੱਚ ਸਰਹੱਦੀ ਜ਼ਿਲ੍ਹੇ ਨਾਲ ਸਬੰਧਤ ਰਾਸ਼ਟਰੀ ਸੁਰੱਖਿਆ ਨੂੰ ਪ੍ਰਭਾਵਤ ਕਰਨ ਵਾਲੇ ਪ੍ਰਮੁੱਖ ਮੁੱਦਿਆਂ ਨੂੰ ਉਠਾਇਆ ਗਿਆ ਅਤੇ ਸਾਰੀਆਂ ਏਜੰਸੀਆਂ ਨਾਲ ਵਿਸਥਾਰਤ ਚਰਚਾ ਕੀਤੀ ਗਈ ।

ਇਸ ਤੋ ਪਹਿਲਾਂ ਰਾਜਪਾਲ ਨੇ ਗੁਰਦਾਸਪੁਰ ਜ਼ਿਲ੍ਹੇ ਦੇ ਸਰਪੰਚਾਂ ਅਤੇ ਜ਼ਿਲ੍ਹੇ ਦੇ ਹੋਰ ਪ੍ਰਮੁੱਖ ਨਾਗਰਿਕਾਂ ਨਾਲ ਇੰਸਟੀਚਿਊਟ ਆਫ ਹੋਟਲ ਮੈਨੇਜਮੈਂਟ ( ਆਈ. ਐਚ. ਐਮ.) ਵਿਖੇ ਇੱਕ ਮੀਟਿੰਗ ਨੂੰ ਸੰਬੋਧਨ ਕੀਤਾ , ਇਸ ਉਪਰੰਤ ਉਹਨਾਂ ਨੇ ਇੱਕ ਪ੍ਰੈਸ ਕਾਨਫਰੰਸ ਵੀ ਕੀਤੀ । ਇਸ ਮੌਕੇ ਸ੍ਰੀ ਜੇ.ਐਮ ਬਾਲਾਮੁਰਗਨ ਪ੍ਰਿੰਸੀਪਲ ਸੈਕਰਟਰੀ ਮਾਣਯੋਗ ਰਾਜਪਾਲ ਪੰਜਾਬ, ਸ੍ਰੀ ਏ.ਕੇ ਸਿਨਹਾ ਪ੍ਰਿੰਸੀਪਲ ਸੈਕਰਟਰੀ ਲੋਕਲ ਬਾਡੀ, ਜਨਾਬ ਮੁਹੰਮਦ ਇਸ਼ਫਾਕ ਡਿਪਟੀ ਕਮਿਸ਼ਨਰ, ਸ੍ਰੀ ਹਰਜੀਤ ਸਿੰਘ ਐਸ.ਐਸ.ਪੀ ਗੁਰਦਾਸਪੁਰ, ਸ੍ਰੀ ਰਾਹੁਲ ਵਧੀਕ ਡਿਪਟੀ ਕਮਿਸ਼ਨਰ (ਜ), ਡਾ. ਅਮਨਦੀਪ ਕੋਰ ਵਧੀਕ ਡਿਪਟੀ ਕਮਿਸ਼ਨਰ (ਸ਼ਹਿਰੀ ਵਿਕਾਸ), ਬਲਰਾਜ ਸਿੰਘ ਵਧੀਕ ਡਿਪਟੀ ਕਮਿਸ਼ਨਰ (ਵਿਕਾਸ), ਹਰਪ੍ਰੀਤ ਸਿੰਘ ਐਸ.ਡੀ.ਐਮ ਡੇਰਾ ਬਾਬਾ ਨਾਨਕ, ਅਮਨਪ੍ਰੀਤ ਸਿੰਘ ਐਸ.ਡੀ.ਐਮ ਗੁਰਦਾਸਪੁਰ ਮੌਜੂਦ ਸਨ। ਰਾਜਪਾਲ ਨੇ ਆਪਣੇ ਸੰਬੋਧਨ ਵਿੱਚ ਲੋਕਾਂ ਨੂੰ ਸੀਮਾ ਸੁਰੱਖਿਆ ਬਲਾਂ ਦੀਆਂ ਅੱਖਾਂ ਅਤੇ ਕੰਨ, ਬਣਨ ਦਾ ਸੱਦਾ ਦਿੱਤਾ । ਉਹਨਾਂ ਕਿਹਾ ਕਿ ਪੰਜਾਬ ਦੀਆ ਸਰਹੱਦਾਂ ਤੇ ਡਰੋਨਾਂ ਰਾਹੀ ਹਥਿਆਰ ਅਤੇ ਗੋਲਾ ਬਾਰੂਦ ਸੁੱਟਣ ਦੀਆਂ ਪਿਛਲੀਆਂ ਘਟਨਾਵਾਂ ਕਾਰਨ ਸਾਰਿਆਂ ਨੂੰ ਚੌਕਸ ਰਹਿਣ ਦੀ ਲੋੜ ਹੈ । ਉਨ੍ਹਾਂ ਕਿਹਾ ਕਿ ਸੁਰੱਖਿਆ ਬਲ ਆਪਣੀ ਭੂਮਿਕਾ ਨਿਭਾਅ ਰਹੇ ਹਨ ਪਰ ਸਥਾਨਕ ਤੌਰ ਤੇ ਉਪਲਬਧ ਖੁਫੀਆ ਜਾਣਕਾਰੀ ਅਤੇ ਸਹਿਯੋਗ ਸੂਬੇ ਵਿੱਚ ਹਥਿਆਰਾਂ ਅਤੇ ਨਸ਼ੀਲੇ ਪਦਾਰਥਾਂ ਦੀ ਆਮਦ ਨੂੰ ਰੋਕਣ ਵਿੱਚ ਸਹਾਈ ਸਿੱਧ ਹੋ ਰਹੇ ਹਨ । ਉਨ੍ਹਾਂ ਕਿਹਾ ਕਿ ਸਰਹੱਦੀ ਜ਼ਿਲ੍ਹੇ ਹਥਿਆਰਾਂ ਦੀ ਤਸਕਰੀ ਦੇ ਖਤਰੇ ਦਾ ਸ਼ਿਕਾਰ ਹਨ । ਇਸ ਲਈ, ਇਹ ਲਾਜ਼ਮੀ ਹੈ ਕਿ ਸੂਬੇ ਅਤੇ ਦੇਸ਼ ਦੀ ਰੱਖਿਆ ਅਤੇ ਸੁਰੱਖਿਆ ਦੇ ਹਿੱਤ ਵਿੱਚ, ਲੋਕ ਸੀਮਾਂ ਸੁਰੱਖਿਆ ਬਲਾਂ ਅਤੇ ਸੂਬਾ ਪੁਲਿਸ ਨੂੰ ਪੂਰਨ ਸਹਿਯੋਗ ਦੇਣ ਅਤੇ ਆਪਣੇ ਖੇਤਰ ਵਿੱਚ ਕਿਸੇ ਵੀ ਸ਼ੱਕੀ ਗਤੀਵਿਧੀ ਜਾਂ ਵਿਅਕਤੀ ਬਾਰੇ ਤੁਰੰਤ ਸੂਚਨਾ ਦੇਣ । ਉਨ੍ਹਾਂ ਲੋਕਾਂ ਨੂੰ ਇਲਾਕੇ ਵਿੱਚ ਨਸ਼ਿਆਂ ਦੀ ਤਸਕਰੀ ਨੂੰ ਰੋਕਣ ਲਈ ਸਥਾਨਕ ਪ੍ਰਸ਼ਾਸਨ ਨੂੰ ਸਹਿਯੋਗ ਦੇਣ ਦੀ ਅਪੀਲ ਵੀ ਕੀਤੀ। ਸੂਬੇ ਵਿੱਚ ਨਸ਼ੀਲੇ ਪਦਾਰਥਾਂ ਦੀ ਆਮਦ ਕਿਸੇ ਜੰਗ ਤੋ ਘੱਟ ਨਹੀ : ਇਹ ਪੰਜਾਬ ਦੇ ਲੋਕਾਂ ਤੇ ਘਾਤਕ ਹਮਲਾ ਹੈ । ਰਾਜਪਾਲ ਨੇ ਕਿਹਾ ਕਿ ਸਰਹੱਦਾਂ ਦੇ ਰਸਤੇ ਤੋ ਦੇਸ਼ ਵਿੱਚ ਦਾਖਲ ਹੋਣ ਵਾਲੇ ਨਸ਼ੀਲੇ ਪਦਾਰਥ ਸ਼ਹਿਰਾਂ, ਕਸਬਿਆਂ, ਸਕੂਲਾਂ ਅਤੇ ਕਾਲਜਾਂ ਤੱਕ ਪਹੁੰਚਦੇ ਹਨ । ਨੌਜਵਾਨਾਂ ਨੂੰ ਨਸ਼ੀਲੇ ਪਦਾਰਥਾਂ ਦੀ ਸਪਲਾਈ ਸਾਡੀ ਪੀੜੀ ਅਤੇ ਸਾਡੇ ਭਵਿੱਖ ਤੇ ਸਿੱਧਾ ਹਮਲਾ ਹੈ । ਅਸੀ ਇਸ ਖਤਰੇ ਨੂੰ ਸਾਡੇ ਸੂਬੇ ਦੇ ਵਰਤਮਾਨ ਨੂੰ ਨੁਕਸਾਨ ਪਹੁੰਚਾਉਣ ਜਾਂ ਭਵਿੱਖ ਨੂੰ ਖਰਾਬ ਕਰਨ ਨਹੀ ਦੇ ਸਕਦੇ । ਰਾਜਪਾਲ ਨੇ ਜ਼ੋਰ ਦੇ ਕੇ ਕਿਹਾ ਕਿ ਸਾਨੂੰ ਹਰ ਤਰ੍ਹਾਂ ਦੀ ਘੁਸਪੈਠ ਵਿਰੁੱਧ ਹੱਥ ਮਿਲਾਉਣ ਅਤੇ ਆਪਣੀ ਸਰਹੱਦ ਨੂੰ ਸੀਲ ਕਰਨ ਦੀ ਲੋੜ ਹੈ । ਸਰਹੱਦੀ ਖੇਤਰਾਂ ਦੀ ਸੁਰੱਖਿਆ ਨੂੰ ਹਰ ਪੱਧਰ ਤੇ ਲੋਕਾਂ, ਸੂਬਾ ਸਰਕਾਰ ਦੀਆਂ ਏਜੰਸੀਆਂ ਅਤੇ ਕੇਂਦਰ ਸਰਕਾਰ ਦੀਆਂ ਏਜੰਸੀਆਂ ਦੇ ਠੋਸ ਅਤੇ ਨਿਰੰਤਰ ਸਹਿਯੋਗ ਨਾਲ ਹੀ ਯਕੀਨੀ ਬਣਾਇਆ ਜਾ ਸਕਦਾ ਹੈ । ਸ੍ਰੀ ਬਨਵਾਰੀ ਲਾਲ ਪੁਰੋਹਿਤ ਨੇ ਕਿਹਾ ਕਿ ਗੈਰ-ਕਾਨੂੰਨੀ ਆਮਦ ਨੂੰ ਰੋਕਣ ਲਈ ਸਾਰਿਆਂ ਦੀ ਵਚਨਬੱਧਤਾ ਦੀ ਲੋੜ ਹੈ। ਰਾਜਪਾਲ ਦੇ ਭਾਸ਼ਣ ਵਿੱਚ ਇਸ ਤੱਥ ਤੇ ਵੀ ਜ਼ੋਰ ਦਿੱਤਾ ਗਿਆ ਹੈ ਕਿ ਕੇਂਦਰ ਅਤੇ ਸੂਬਾ ਸਰਕਾਰ ਦੀਆਂ ਸਾਰੀਆਂ ਏਜੰਸੀਆਂ ਨੂੰ ਮਿਲ ਕੇ ਕੰਮ ਕਰਨਾ ਚਾਹੀਦਾ ਹੈ ਅਤੇ ਨਿਯਮਿਤ ਰੂਪ ਵਿੱਚ ਗੁਪਤ ਜਾਣਕਾਰੀ ਅਤੇ ਸੂਚਨਾਵਾਂ ਦਾ ਆਦਾਨ -ਪ੍ਰਦਾਨ ਕਰਨਾ ਚਾਹੀਦਾ ਹੈ । ਉਹਨਾਂ ਕਿਹਾ ਕਿ ਇਸ ਲਈ ਜਨਤਾ ਦੇ ਸਮਰਥਨ ਦੀ ਲੋੜ ਹੈ। ਉਹਨਾਂ ਅੱਗੇ ਕਿਹਾ ਕਿ ਸਰਹੱਦ ਨੂੰ ਸੁਰੱਖਿਅਤ ਕਰਨ ਲਈ ਸਾਂਝੇ ਯਤਨ ਅਤੇ ਦ੍ਰਿੜ ਸੰਕਲਪ ਯਕੀਨੀ ਤੌਰ ਤੇ ਲਾਹੇਵੰਦ ਸਿੱਧ ਹੋਣਗੇ । ਉਨ੍ਹਾਂ ਨੇ ਸੁਰੱਖਿਆ ਬਲਾਂ ਨੂੰ ਪ੍ਰੇਰਿਤ ਕੀਤਾ ਅਤੇ ਸਰਹੱਦਾਂ ਦੀ ਰਾਖੀ ਲਈ ਉਨ੍ਹਾਂ ਦੀ ਵਚਨਬੱਧਤਾ ਅਤੇ ਬਹਾਦਰੀ ਦੀ ਸ਼ਲਾਘਾ ਵੀ ਕੀਤੀ । ਇਸ ਮੌਕੇ ਡਿਪਟੀ ਕਮਿਸ਼ਨਰ ਗੁਰਦਾਸਪੁਰ ਵਲੋਂ ਪੰਜਾਬ ਦੇ ਰਾਜਪਾਲ ਨੂੰ ਜ਼ਿਲੇ ਅੰਦਰ ਵੱਖ-ਵੱਖ ਸਕੀਮਾਂ ਨੂੰ ਲਾਗੂ ਕਰਨ ਸਬੰਧੀ ਵਿਸਥਾਰ ਵਿਚ ਜਾਣਕਾਰੀ (Presentation) ਪ੍ਰਦਾਨ ਕੀਤੀ।



# ਨੌਜਵਾਨਾਂ ਵੱਲੋਂ ਖੂਨਦਾਨ ਕੈਂਪ ਲਗਾਉਣਾ ਸ਼ਲਾਘਾਯੋਗ ਕਦਮ- ਸ਼ੈਰੀ ਰਿਆੜ ਬਹਾਦਰਗੜ੍ਹ ਵਿਖੇ ਦੂਜੇ ਖੂਨਦਾਨ ਕੈਂਪ ਦੌਰਾਨ ਸ਼ੈਰੀ ਰਿਆੜ ਨੇ ਕੀਤੀ ਮੁੱਖ ਮਹਿਮਾਨ ਵਜੋਂ ਸ਼ਿਰਕਤ



**ਪਟਿਆਲਾ/ਇਕਬਾਲ ਸਿੰਘ**

ਅੱਜ ਦੀ ਭੱਜ ਦੌੜ ਵਾਲੀ ਜ਼ਿੰਦਗੀ ਵਿੱਚ ਵੀ ਵੱਡੀ ਗਿਣਤੀ ਵਿੱਚ ਲੋਕ ਭਲਾਈ ਦੇ ਕੰਮ ਕਰਨ ਵਾਲੇ ਲੋਕ ਬੈਠੇ ਹਨ । ਜੋ ਸਮੇਂ ਸਮੇਂ ਤੇ ਸਮਾਜ ਸੇਵਾ ਦੇ ਕੰਮਾਂ ਵਿੱਚ ਆਪਣਾ ਬਣਦਾ ਯੋਗਦਾਨ ਪਾਉਂਦੇ ਰਹਿੰਦੇ ਹਨ ਅਤੇ ਸਮਾਜ ਪ੍ਰਤੀ ਆਪਣੇ ਫਰਜ਼ ਨਿਭਾਉਣ ਤੋਂ ਪਿੱਛੇ ਨਹੀਂ ਹਟਦੇ। ਇਸੇ ਤਹਿਤ ਹੀ ਬਹਾਦਰਗੜ੍ਹ ਦੇ ਨੌਜਵਾਨਾਂ ਵੱਲੋਂ ਜਤਿੰਦਰਾ ਸੀਨੀਅਰ ਸੈਕੰਡਰੀ ਸਕੂਲ ਵਿਖੇ ਦੂਜਾ ਖੂਨਦਾਨ ਕੈਂਪ ਲਗਾਇਆ ਗਿਆ। ਕੈਂਪ ਦੌਰਾਨ ਵੱਡੀ ਗਿਣਤੀ ਵਿੱਚ ਨੌਜਵਾਨਾਂ ਨੇ ਖੂਨਦਾਨ ਕੀਤਾ। ਕੈਂਪ ਦੌਰਾਨ ਸਰਕਾਰੀ ਰਜਿੰਦਰਾ ਹਸਪਤਾਲ ਪਟਿਆਲਾ ਦੀ ਬਲੱਡ ਬੈਂਕ ਟੀਮ ਵੱਲੋਂ ਖੂਨ ਇਕੱਤਰ ਕੀਤਾ ਗਿਆ। ਇਸ ਖੂਨਦਾਨ ਕੈਂਪ ਵਿੱਚ ਹਲਕਾ ਸਨੌਰ ਤੋਂ ਇੰਡੀਅਨ ਨੈਸ਼ਨਲ ਕਾਂਗਰਸ ਦੇ ਸੀਨੀਅਰ ਆਗੂ ਮਨਸਿਮਰਤ ਸਿੰਘ ਸ਼ੈਰੀ ਰਿਆੜ ਜੀ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਕੈਂਪ ਦੌਰਾਨ ਨੌਜਵਾਨਾਂ ਨੂੰ ਸੰਬੋਧਨ ਕਰਦਿਆਂ ਮੁੱਖ ਮਹਿਮਾਨ ਸ਼ੈਰੀ ਰਿਆੜ ਨੇ ਕਿਹਾ ਕਿ ਨੌਜਵਾਨਾਂ ਵੱਲੋਂ ਖੂਨਦਾਨ ਕੈਂਪ ਲਗਾਉਣਾ ਸ਼ਲਾਘਾਯੋਗ ਕਦਮ ਹੈ ਅਤੇ ਭਵਿੱਖ ਵਿੱਚ ਵੀ ਸਾਡੇ ਨੌਜਵਾਨਾਂ ਨੂੰ ਇਸ ਤਰ੍ਹਾਂ ਦੇ ਉਪਰਾਲੇ ਕਰਦੇ ਰਹਿਣੇ ਚਾਹੀਦੇ ਹਨ ਤਾਂ ਜੋ ਅਸੀਂ ਸਮਾਜ ਦੇ ਪ੍ਰਤੀ ਆਪਣੇ ਫ਼ਰਜ਼ ਸਮਝਦੇ ਹੋਏ ਆਪਣੀਆਂ ਸੇਵਾਵਾਂ ਨਿਭਾ ਸਕੀਏ। ਉਹਨਾਂ ਕਿਹਾ ਕਿ ਖੂਨਦਾਨ ਨੂੰ ਮਹਾਦਾਨ ਕਿਹਾ ਗਿਆ ਹੈ ਕਿਉਂਕਿ ਸਾਡੇ ਨੌਜਵਾਨਾਂ ਵੱਲੋਂ ਕੀਤਾ ਗਿਆ ਇਹ ਉਪਰਾਲਾ ਕਿਸੇ ਦੀ ਜ਼ਿੰਦਗੀ ਬਚਾਉਣ ਤੱਕ ਦਾ ਕੰਮ ਕਰ ਸਕਦਾ ਹੈ। ਇਸ ਮੌਕੇ ਨੌਜਵਾਨਾਂ ਵੱਲੋਂ ਸ਼ੈਰੀ ਰਿਆੜ ਨੂੰ ਵਿਸ਼ੇਸ਼ ਤੌਰ ਤੇ ਸਨਮਾਨਿਤ ਵੀ ਕੀਤਾ ਗਿਆ। ਇਸ ਮੌਕੇ ਲਵਲੀ ਬਹਾਦਰਗੜ੍ਹ, ਹਰਮਿੰਦਰਪਾਲ ਸ਼ਰਮਾ ਐਮ.ਡੀ ਜਤਿੰਦਰਾ ਸਕੂਲ, ਜਤਿੰਦਰ ਮਿੱਠੂਮਾਜਰਾ, ਗੁਰਵਰਿੰਦਰ ਸਨੌਰੀਆ, ਨਰਿੰਦਰ ਕਟਾਰੀਆ, ਬੰਟੀ ਮੁਲਤਾਨੀ,ਦਲਬੀਰ ਸਿੰਘ ਸਮੇਤ ਹੋਰ ਵੀ ਨੌਜਵਾਨ ਮੌਜੂਦ ਸਨ।

# ਬਿਜਲੀ ਕੱਟਾਂ ਤੋਂ ਪ੍ਰੇਸ਼ਾਨ ਸ਼ਹਿਰ ਵਾਸੀਆਂ ਨੇ ਪ੍ਰਗਟਾਇਆ ਰੋਸ, ਦਿੱਤਾ ਮੰਗ ਪੱਤਰ

## ਰਾਤ ਦੇ ਸਮੇਂ ਲਗਦੇ ਬਿਜਲੀ ਕੱਟ ਬੰਦ ਕੀਤੇ ਜਾਣ



**ਮੋਗਾ/ਦਵਿੰਦਰ ਸਿੰਘ ਬਿੱਟੂ**

ਮੋਗਾ ਜ਼ਿਲ੍ਹੇ ਦਾ ਕਸਬਾ ਫਤਿਹਗੜ੍ਹ ਪੰਜਤੂਰ ਜੋ ਕੇ ਭਾਵੇਂ ਕਹਿਣ ਨੂੰ ਹੁਣ ਸ਼ਹਿਰ ਦਾ ਦਰਜਾ ਰੱਖਦਾ ਹੈ।ਪਰ ਇਥੇ ਮੁਢਲੀਆਂ ਸ਼ਹਿਰੀ ਸਹੂਲਤਾਂ ਜਿਸ ਵਿੱਚ ਸਭ ਤੋਂ ਜਰੂਰੀ ਬਿਜਲੀ ਦੀ ਸਹੂਲਤ ਮਾਇਨੇ ਰੱਖਦੀ ਹੈ ਪਰ ਫਤਿਹਗੜ੍ਹ ਪੰਜਤੂਰ ਪਿਛਲੇ ਲੰਬੇ ਸਮੇਂ ਤੋਂ ਇਸ ਨਿਰਵਿਘਨ ਸਹੂਲਤ ਤੋਂ ਤਰਸਿਆਂ ਹੀ ਨਜ਼ਰ ਆਉਂਦਾ ਹੈ। ਜਿਕਰਯੋਗ ਹੈ ਕੇ ਏਥੇ ਦਾ ਆਪਣਾ 128 ਕੇ ਵੀ ਦਾ ਬਿਜਲੀ ਘਰ ਹੈ ਪਰ ਫਿਰ ਵੀ ਸ਼ਹਿਰ ਇਸ 24 ਘੰਟੇ ਬਿਜਲੀ ਸਹੂਲਤ ਤੋਂ ਵਾਂਝਾ ਹੀ ਰਿਹਾ ਹੈ।ਇਥੇ ਬਿਜਲੀ ਘਰ ਤੋਂ ਸ਼ਹਿਰ ਨੂੰ ਆਉਣ ਵਾਲੀ ਸਪਲਾਈ ਲਾਈਨ ਸਿੱਧੀ ਆਉਣ ਦੀ ਬਜਾਏ ਖੇਤਾਂ ਵਿੱਚ ਦੀ ਲੰਘ ਕੇ ਆਉਂਦੀ ਹੈ ਅਤੇ ਉਹ ਵੀ ਬਹੁਤ ਹੀ ਮਾੜੀ ਸਥਿਤੀ ਵਿੱਚ ਹੈ। ਜਿਸ ਕਰਕੇ ਸ਼ਹਿਰ ਨੂੰ ਆਉਂਦੀ ਬਿਜਲੀ ਅਕਸਰ ਹੀ ਨਿੱਤ ਦੇ ਕਿਸੇ ਨਾ ਕਿਸੇ ਫਾਲਟ ਦੀ ਵਜ੍ਹਾ ਕਰਕੇ ਬੰਦ ਹੀ ਰਹਿੰਦੀ ਹੈ। ਖਾਸ ਕਰਕੇ ਜਦੋਂ ਕਣਕ ਅਤੇ ਝੋਨੇ ਦੀ ਫਸਲ ਪੱਕਣ ਤੋਂ ਬਾਅਦ ਵੱਢਣ ਅਤੇ ਫੇਰ ਤੂੜੀ ਬਣਨ ਤੱਕ ਤਾਂ ਬਿਜਲੀ ਨਾ ਮਾਤਰ ਹੀ ਆਉਂਦੀ ਹੈ। ਬਿਜਲੀ ਕੱਟਾਂ ਤੋਂ ਪ੍ਰੇਸ਼ਾਨ ਅੱਜ ਸ਼ਹਿਰ ਦੇ ਵਸਨੀਕ ਨੌਜਵਾਨ,ਦੁਕਾਨਦਾਰ ਅਤੇ ਸਮਾਜ ਸੇਵੀ ਵੱਡੀ ਗਿਣਤੀ ਵਿੱਚ ਬਿਜਲੀ ਘਰ ਰੋਸ ਪ੍ਰਗਟ ਕਰਨ ਪਹੁੰਚੇ ਅਤੇ ਉਹਨਾਂ ਨੇ ਇਸ ਪ੍ਰੇਸ਼ਾਨੀ ਬਾਰੇ ਮੁਲਾਜਮਾਂ ਨੂੰ ਜਾਣੂ ਕਰਵਾ ਰੋਸ ਪ੍ਰਗਟ ਕੀਤਾ ਅਤੇ ਨਾਲ ਹੀ ਮੰਗ ਕੀਤੀ ਕਿ ਸ਼ਹਿਰ ਦੀ ਬਿਜਲੀ ਸਪਲਾਈ ਬਿਜਲੀ ਘਰ ਤੋਂ ਸਿੱਧੀ ਪਾਈ ਜਾਵੇਂ ਨਾ ਕੇ ਖੇਤਾਂ ਵਿੱਚ ਦੀ।ਇਸ ਮੌਕੇ ਤੇ ਜਦੋਂ ਸਬ ਡਵੀਜਨ ਇੰਜੀਨੀਅਰ ਅਤੇ ਕਾਰਜਕਾਰੀ ਇੰਜੀਨੀਅਰ ਮੋਗਾ ਨਾਲ ਫੋਨ ਉੱਪਰ ਗੱਲ ਕੀਤੀ ਤਾਂ ਉਹਨਾਂ ਕਿਹਾ ਕਿ ਉਹ ਇਸ ਅਸਟੀਮੇਟ ਉਪਰ ਗੱਲ ਕਰਨ ਲਈ ਐਕਸੀਅਨ ਸਾਬ ਕੋਲ ਪਹੁੰਚੇ ਹਨ।ਇਸ ਸਬੰਧੀ ਅੱਜ ਹੀ ਪੱਤਰ ਲਿਖ ਕੇ ਹੈੱਡ ਆਫਿਸ ਪਟਿਆਲਾ ਤੋਂ ਮੰਗ ਵੀ ਕਰਨਗੇ ਕਿ ਸ਼ਹਿਰ ਦੀ ਸਪਲਾਈ ਜੋ ਕੇ ਦਿਨ ਵੇਲੇ ਪਰਮਿਟ ਉਪਰ ਬੰਦ ਰਹਿੰਦੀ ਹੈ ਉਸ ਸਮੇਂ ਦਾ ਕੋਟਾ ਰਾਤ ਨੂੰ ਦਿੱਤਾ ਜਾ ਸਕੇ ਤਾਂ ਕਿ ਸ਼ਹਿਰ ਵਾਸੀਆਂ ਨੂੰ ਰਾਤ ਦੇ ਬਿਜਲੀ ਕੱਟਾਂ ਤੋਂ ਰਾਹਤ ਦਿੱਤੀ ਜਾ ਸਕੇ।ਇਸ ਮੌਕੇ ਤੇ ਹਾਜ਼ਰ ਬਿਜਲੀ ਵਿਭਾਗ ਦੇ ਮੁਲਾਜਮਾਂ ਸਮੇਤ ਸਬ ਡਵੀਜਨ ਇੰਜੀਨੀਅਰ ਤੇ ਕਾਰਜਕਾਰੀ ਇੰਜੀਨੀਅਰ ਨੇ ਵੀ ਵਿਸ਼ਵਾਸ਼ ਦਵਾਇਆ ਕੇ ਓਹ ਇਸ ਸਮੱਸਿਆਂ ਆਉਣ ਵਾਲੇ 1-2 ਦਿਨ ਵਿੱਚ ਪਹਿਲ ਦੇ ਅਧਾਰ ਤੇ ਬਣਦਾ ਹੱਲ ਕਰਵਾਉਣਗੇ।ਸਮਾਜ ਸੇਵੀ ਨੌਜਵਾਨਾਂ ਭਾਰਤੀ ਕਿਸਾਨ ਯੂਨੀਅਨ ਆਗੂ ਰਵਿੰਦਰ ਗਿੱਲ, ਸਤੀਸ਼ ਬਾਂਸਲ, ਅਰੋੜਾ ਸਭਾ ਦੇ ਪ੍ਰਧਾਨ ਸ਼ਾਮ ਸੁੰਦਰ ਰਿੰਕੂ ਅਤੇ ਗਗਨ ਮੁਖੀਜਾ ਨੇ ਮੰਗ ਕੀਤੀ ਕਿ ਫਤਿਹਗੜ੍ਹ ਪੰਜਤੂਰ ਇਲਾਕੇ ਦੀ ਇੱਕ ਵੱਡੀ ਮਾਰਕੀਟ ਹੋਣ ਕਰਕੇ ਉਹਨਾਂ ਦੇ ਕਈ ਕੰਮਕਾਰ ਬਿਜਲੀ ਨਾ ਆਉਣ ਕਰਕੇ ਪ੍ਰਭਾਵਿਤ ਹੋ ਰਹੇ ਹਨ।ਸ਼ਹਿਰ ਦੀ ਬਿਜਲੀ ਸਪਲਾਈ 24 ਘੰਟੇ ਨਿਰਵਿਘਨ ਯਕੀਨੀ ਬਣਾਉਣ ਲਈ ਬਿਜਲੀ ਵਿਭਾਗ ਸ਼ਹਿਰ ਦੀ ਸਿੱਧੀ ਸਪਲਾਈ ਦਾ ਬਣਦਾ ਅਸਟੀਮੇਟ ਮਨਜ਼ੂਰ ਕਰਵਾ ਲੋਕਾਂ ਨੂੰ ਇਸ ਪ੍ਰੇਸ਼ਾਨੀ ਤੋਂ ਨਿਜਾਤ ਦਿਵਾਵੇ ਜਿਸ ਨਾਲ ਉਹਨਾਂ ਦੇ ਬੰਦ ਪਏ ਕੰਮਕਾਰ ਵੀ ਨਿਰਵਿਘਨ ਚਲਦੇ ਰਹਿ ਸਕਣ।ਇਸ ਮੌਕੇ ਤੇ ਇਹ ਮਾਮਲਾ ਬਿਜਲੀ ਮੰਤਰੀ ਪੰਜਾਬ ਹਰਭਜਨ ਸਿੰਘ ਈ ਟੀ ਓ ਦੇ ਧਿਆਨ ਵਿੱਚ ਵੀ ਲਿਆਂਦਾ ਗਿਆ ਜਿਹਨਾਂ ਨੇ ਸ਼ਨੀਵਾਰ ਨੂੰ ਮਿਲਣ ਦਾ ਸਮਾਂ ਦਿੱਤਾ ਅਤੇ ਮਾਮਲਾ ਹੱਲ ਕਵਾਉਂਣ ਦਾ ਭਰੋਸਾ ਵੀ ਦਿੱਤਾ।ਬਿਜਲੀ ਇਸ ਮੌਕੇ ਤੇ ਵੱਡੀ ਗਿਣਤੀ ਵਿੱਚ ਸ਼ਹਿਰ ਨਿਵਾਸੀ, ਨੌਜਵਾਨ, ਦੁਕਾਨਦਾਰ ਅਤੇ ਕਾਰੋਬਾਰੀ ਹਾਜ਼ਰ ਸਨ।

# ਪਟਿਆਲਾ ਬਾਈਪਾਸ ਦੇ ਉੱਤੇ ਰਸਤਾ ਨਾ ਹੋਣ ਕਰਕੇ ਲੋਕਾਂ ਨੂੰ ਦਿੱਕਤ ਦਾ ਸਾਹਮਣਾ ਕਰਨਾ ਪੈ ਰਿਹਾ ਹੈ



**ਪਟਿਆਲਾ /ਸਨੌਰ/ਇਕਬਾਲ ਸਿੰਘ)**

ਪੰਜਾਬ ਵਿੱਚ ਕਾਂਗਰਸ ਦੇ ਸਮੇਂ ਲੋਕਾਂ ਨੇ ਮੰਗ ਕੀਤੀ ਸੀ ਕਿ ਬਾਈਪਾਸ ਤੋਂ ਸਨੌਰ ਵੱਲ ਰਸਤਾ ਕੱਢ ਦਿੱਤਾ ਜਾਵੇ। ਕਿਉਂਕਿ ਲੋਕਾਂ ਨੂੰ ਦਿੱਕਤ ਦਾ ਸਾਹਮਣਾ ਕਰਨਾ ਪੈ ਰਿਹਾ ਸੀ। ਹੁਣ ਰਸਤਾ ਬਣ ਰਿਹਾ ਹੈ। ਇਹ ਰਸਤਾ ਬਣ ਜਾਣ ਤੋਂ ਬਾਅਦ ਹਲਕਾ ਸਨੌਰ ਦੇ ਲੋਕਾਂ ਨੂੰ ਰਾਹਤ ਮਿਲੇਗੀ। ਕਿਉਂਕਿ ਹੁਣ ਰੋਡ ਦਾ ਕੰਮ ਸ਼ੁਰੂ ਹੋ ਚੁੱਕਾ ਹੈ। ਤੇ ਕੰਮ ਬਹੁਤ ਸਪੀਡ ਨਾਲ ਚੱਲ ਰਿਹਾ ਹੈ ।ਇਸ ਦਾ ਪ੍ਰਗਟਾਵਾ ਸਾਡੇ ਪੱਤਰਕਾਰ ਨੇ ਸਾਈਡ ਤੇ ਜਾ ਕੇ ਕੀਤਾ। ਅਤੇ ਲੋਕਾਂ ਨਾਲ ਗੱਲਬਾਤ ਕਰਨ ਤੋਂ ਪੱਤਾ ਲੱਗਿਆ ਕਿ ਰਸਤਾ ਬਣ ਤੋਂ ਬਾਅਦ ਲੋਕਾਂ ਨੂੰ ਰਾਹਤ ਮਿਲੇਗੀ। ਜਿਸ ਨਾਲ ਚੀਮਾ ਬਾਗ ਅਤੇ ਸ਼ਬਜੀ ਮੰਡੀ ਸਨੌਰ ਵਿੱਚ ਆਉਣ ਵਾਲੇ ਕਿਸਾਨਾਂ ਨੂੰ ਰਾਜਪੁਰਾ ਅਤੇ ਸੰਗਰੂਰ ਰੋਡ ਤੋਂ ਆਉਣ ਵਾਲੇ ਕਿਸਾਨਾਂ ਨੂੰ ਸ਼ਹਿਰ ਦੇ ਭੀੜ ਭੜੱਕੇ ਵਾਲੀ ਸੜਕਾਂ ਤੋਂ ਰਾਹਤ ਮਿਲੇਗੀ ਤੇ ਸਮੇਂ ਦੀ ਵੀ ਬੱਚਤ ਹੋਵੇਗੀ।

## ਸ਼ਹਿਰ ਰਾਜਪੁਰਾ ਦੇ ਸਥਾਨ ਗੁਰੂ ਅਰਜਨ ਦੇਵ ਕਲੋਨੀ ਵਿਖੇ ਚੋਰਾਂ ਨੇ ਘਰ ਦੇ ਬਾਹਰ ਖੜ੍ਹੀ ਕਾਰ ਦੇ ਟਾਇਰ ਕੀਤੇ ਚੋਰੀ



**ਪਟਿਆਲਾ/ਰਾਜਪੁਰਾ/ਇਕਬਾਲ ਸਿੰਘ**

ਰਾਜਪੁਰਾ ਦੇ ਇਲਾਕਾ ਗੁਰੂ ਅਰਜਨ ਦੇਵ ਕਲੋਨੀ ਵਿਖੇ ਚੋਰਾਂ ਵੱਲੋਂ ਇਕ ਚੋਰੀ ਦੀ ਵਾਰਦਾਤ ਨੂੰ ਇਲਜ਼ਾਮ ਦਿੱਤਾ ਗਿਆ ।ਇਸ ਦੌਰਾਨ ਚੋਰਾਂ ਵੱਲੋਂ ਘਰ ਦੇ ਬਾਹਰ ਖੜ੍ਹੀ ਇਕ ਕਾਰ ਦੇ ਚਾਰੋ ਟਾਇਰ ਚੋਰੀ ਕਰ ਦਿੱਤੇ ਗਏ ਤੇ ਇੱਟਾਂ ਦੇ ਸਹਾਰੇ ਕਾਰ ਖੜ੍ਹਾ ਕੇ ਚੋਰ ਫਰਾਰ ਹੋ ਗਏ।

# ਟਰੱਕ ਯੂਨੀਅਨ ਦੇ ਵਿੱਚ ਨਾਭਾ ਦੇ ਟਰੱਕ ਆਪਰੇਟਰਾਂ ਦੇ ਵੱਲੋਂ ਐਮ. ਐਲ. ਏ ਨਾਭਾ ਦੇਵ ਮਾਨ ਨੂੰ ਕੀਤਾ ਸਨਮਾਨਿਤ



**ਪਟਿਆਲਾ/ਨਾਭਾ/ਇਕਬਾਲ ਸਿੰਘ**

ਨਾਭਾ ਦੇ ਟਰੱਕ ਯੂਨੀਅਨ ਦੇ ਵਿਚ ਨਾਭਾ ਐਮ. ਐਲ. ਏ ਦੇਵ ਮਾਨ ਨੂੰ ਟਰੱਕ ਆਪਰੇਟਰਾਂ ਦੇ ਵੱਲੋਂ ਸਨਮਾਨਿਤ ਕੀਤਾ ਗਿਆ। ਉਥੇ ਹੀ ਦੱਸਿਆ ਗਿਆ ਕਿ ਨਾਭਾ ਦੇ ਐਮ.ਐਲ. ਏ ਦੇਵ ਮਾਨ ਦੇ ਵੱਲੋਂ ਕੀਤੇ ਗਏ ਵਾਅਦੇ ਪੂਰੇ ਕਰਵਾ ਦਿਤੇ ਗਏ। ਜਿਸ ਕਰਕੇ ਉਨ੍ਹਾਂ ਦਾ ਸਨਮਾਨ ਟਰੱਕ ਯੂਨੀਅਨ ਨਾਭਾ ਵਿੱਚ ਰੱਖਿਆ ਗਿਆ ਸੀ। ਉਥੇ ਹੀ ਜਾਣਕਾਰੀ ਦਿੰਦਿਆਂ ਦੱਸਿਆ ਗਿਆ ਕਿ ਬੀਤੇ ਸਾਲ ਪਹਿਲਾਂ ਟਰੱਕ ਯੂਨੀਅਨ ਤੋਂ ਹੋਰਲੈਕਸ ਫੈਕਟਰੀ ਦਾ ਕੰਮ ਖੋਸ ਲੀਤਾ ਗਿਆ ਸੀ। ਜਿਸ ਤੋਂ ਬਾਅਦ ਐਮ. ਐਲ.ਏ ਨਾਭਾ ਦੇ ਵੱਲੋਂ ਉਹ ਕੰਮ ਟਰੱਕ ਯੂਨੀਅਨ ਨੂੰ ਦੁਬਾਰਾ ਦਵਾ ਦਿੱਤਾ ਗਿਆ ਹੈ।

## ਹਲਕਾ ਸਨੌਰ ਵਿੱਚ ਹੁਣ ਤੱਕ ਦੀਆਂ ਪੰਚਾਇਤਾਂ ਕੋਲੋਂ ਗਲੀਆਂ ਨਾਲੀਆਂ ਤੋਂ ਉਪਰ ਉੱਠ ਕੇ ਕੋਈ ਕੰਮ ਨਹੀਂ ਹੋਇਆ।

**ਪਟਿਆਲਾ/ਸਨੌਰ/ਇਕਬਾਲ ਸਿੰਘ:-** ਹਲਕਾ ਸਨੌਰ ਦੀਆਂ ਹੁਣ ਤੱਕ ਦੀਆਂ ਪੰਚਾਇਤਾਂ ਨੇ ਕਾਂਗਰਸ ਤੇ ਅਕਾਲੀ ਦਲ ਦੀਆ ਸਰਕਾਰ ਤੋਂ ਗਲੀਆਂ ਨਾਲੀਆਂ ਤੋਂ ਉਪਰ ਉੱਠ ਕੇ ਹਲਕਾ ਸਨੌਰ ਵਿੱਚ ਕੋਈ ਕੰਮ ਨਹੀਂ ਕਰਵਾਇਆ ਗਿਆ। ਨਾ ਕੋਈ ਇਲਾਕੇ ਵਿੱਚ ਸਕੂਲ ਵਧੀਆ ਤਰੀਕੇ ਨਾਲ ਬਣੇ ਹਨ ਤੇ ਨਾ ਹੀ ਹਸਪਤਾਲ ਅਤੇ ਘਗਰ ਤੇ ਬਣੇ ਪੁਲ ਵੀ ਅਧੂਰੇ ਹਨ। ਤੇ ਕਸਬਾ ਦੇਵੀਗੜ੍ਹ ਵਿੱਚ ਬਣ ਰਿਹਾ ਬੱਸ ਸਟੈਂਡ ਵੀ ਨਹੀਂ ਬਣ ਸਕਿਆ। ਪਬਲਿਕ ਨੂੰ ਕਿਹਰ ਦੀ ਗਰਮੀ ਵਿੱਚ ਬੈਠਣਾ ਅਤੇ ਨਾ ਹੀ ਕੋਈ ਠੰਡਾ ਪਾਣੀ ਦੀ ਸਹੂਲਤ ਹੈ। ਅਤੇ ਬੱਸ ਸਟੈਂਡ ਅਜੇ ਤੱਕ ਨਹੀਂ ਬਣ ਸਕਿਆ ਸਰਕਾਰ ਨੂੰ ਧੁਰਜੋਰ ਅਵਾਜ ਹੈ ਕਿ ਕਾਂਗਰਸ ਅਤੇ ਅਕਾਲੀਆਂ ਵੱਲੋਂ ਹਲਕਾ ਸਨੌਰ ਵਿੱਚ ਛੱਡੇ ਅਧੂਰੇ ਕੰਮ ਪੂਰੇ ਕੀਤੇ ਜਾਣ। ਤਾਂ ਕਿ ਭਾਰੀਬੋਹਮਤ ਨਾਲ ਬਣਾਈ ਸਰਕਾਰ ਦਾ ਲੋਕ ਫਾਇਦਾ ਉਠਾ ਸਕਣ।

## ਭਗਵਾਨ ਮਹਾਂਵੀਰ ਜੈਅੰਤੀ ਦੇ ਅਵਸਰ ’ਤੇ 14 ਅਪਰੈਲ ਨੂੰ ਜ਼ਿਲ੍ਹੇ ਦੀ ਹਦੂਦ ’ਚ ਬੁੱਚੜਖ਼ਾਨੇ, ਆਂਡੇ ਤੇ ਮੀਟ ਦੀਆਂ ਦੁਕਾਨਾਂ ਬੰਦ ਰੱਖਣ ਦੇ ਹੁਕਮ

**ਸ਼ਹੀਦ ਭਗਤ ਸਿੰਘ ਨਗਰ/ਲੋਕ ਬਾਣੀ:-** ਜ਼ਿਲ੍ਹਾ ਮੈਜਿਸਟ੍ਰੇਟ ਵਿਸ਼ੇਸ਼ ਸਾਰੰਗਲ ਨੇ 14 ਅਪਰੈਲ, 2022 ਨੂੰ ਸ਼ਹੀਦ ਭਗਤ ਸਿੰਘ ਨਗਰ ਜ਼ਿਲ੍ਹੇ ਦੀ ਹਦੂਦ ਅੰਦਰ ਬੁੱਚੜਖ਼ਾਨੇ, ਆਂਡੇ ਅਤੇ ਮੀਟ ਦੀਆਂ ਦੁਕਾਨਾਂ ਬੰਦ ਰੱਖਣ ਦੇ ਹੁਕਮ ਜਾਰੀ ਕੀਤੇ ਹਨ।ਫੌਜਦਾਰੀ ਜ਼ਾਬਤਾ ਸੰਘਤਾ 1973 (1974 ਦਾ ਐਕਟ-2) ਦੀ ਧਾਰਾ 144 ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਭਗਵਾਨ ਮਹਾਂਵੀਰ ਜੈਅੰਤੀ ਦੇ ਤਿਉਹਾਰ ਦੇ ਮੱਦੇਨਜ਼ਰ ਜ਼ਿਲ੍ਹਾ ਮੈਜਿਸਟ੍ਰੇਟ ਵੱਲੋਂ ਇਹ ਹੁਕਮ ਜਾਰੀ ਕੀਤੇ ਗਏ ਹਨ।

# ਪੰਜਾਬੀ ਯੂਨੀਵਸਿਟੀ ਤੋਂ ਇਲਾਵਾ ਪਟਿਆਲਾ ਦੇ ਵੱਖ ਵੱਖ ਖੇਤਰਾਂ ਦੇ ਪੁਲੀਸ ਅਧਿਕਾਰੀਆਂ ਵੱਲੋਂ ਕੀਤੀ ਗਈ ਪੀਜੀਆ ਦੀ ਚਾਕਿੰਗ



**ਪਟਿਆਲਾ/ਇਕਬਾਲ ਸਿੰਘ**

ਪਟਿਆਲਾ ਪੁਲਿਸ ਦੇ ਅਧਿਕਾਰੀਆਂ ਦੇ ਵਲੋਂ ਪੰਜਾਬੀ ਯੂਨੀਵਸਿਟੀ ਤੋਂ ਇਲਾਵਾਂ ਵੱਖ ਵੱਖ ਖੇਤਰਾਂ ਵਿੱਚ ਜਾ ਕੇ ਪੀਜੀਆ ਦੀ ਚੈਕਿੰਗ ਕੀਤੀ ਗਈ। ਉੱਥੇ ਹੀ ਡੀ.ਐਸ.ਪੀ 2 ਮੋਹਿਤ ਅਗਰਵਾਲ ਤੋ ਦਸਿਆ ਗਿਆ ਕਿ ਪਟਿਆਲਾ ਪੁਲਿਸ ਦੇ 12 ਐਸ.ਐਚ.ਓ ਤੇ 2 ਡੀ.ਐਸ.ਪੀ ਦੇ ਵੱਲੋਂ ਪੀਜ਼ਿਆਂ ਦੀ ਚੈਕਿੰਗ ਕੀਤੀ ਜਾ ਰਹੀ ਹੈ। ਤੇ ਰੁਟੀਨ ਚੈਕਿੰਗ ਦੇ ਦੌਰਾਨ ਹੀ ਇਹ ਚੈਕਿੰਗ ਕੀਤੀ ਜਾ ਰਹੀ ਹੈ।

# ਕੁਲ ਦੀ ਮਰਿਆਦਾ ਲਈ ਰਘੂਵੰਸ਼ ਦੇ ਹਰ ਮੈਂਬਰ ਨੇ ਕੀਤਾ ਤਿਆਗ : ਸੁਭਾਸ਼ ਮਕਰੰਦੀ



**ਕਪੂਰਥਲਾ/ਪਰਮਜੀਤ ਸੰਨੀ**

ਸ਼੍ਰੀ ਰਾਮ ਨੌਮੀ ਦਾ ਤਿਉਹਾਰ ਵਿਰਾਸਤੀ ਸ਼ਹਿਰ ਕਪੂਰਥਲਾ ਦੇ ਮੰਦਿਰ ਸਨਾਤਨ ਧਰਮ ਸਭਾ ਵਿਖੇ ਹਵਨ ਯੱਗ ਕਰਕੇ ਸ਼ਰਧਾ ਅਤੇ ਉਤਸ਼ਾਹ ਦੇ ਨਾਲ ਮਨਾਇਆ ਗਿਆ ਅਤੇ ਭਗਵਾਨ ਸ਼੍ਰੀ ਰਾਮ ਦੇ ਚਰਨਾਂ ਵਿਚ ਸ਼ਰਧਾਲੂਆਂ ਨੇ ਅਰਦਾਸ ਕਰਕੇ ਦੇਸ਼ ਅਤੇ ਸੂਬੇ ਦੇ ਲੋਕ ਦਾ ਜੀਵਨ ਸੁਖ-ਸ਼ਾਂਤੀ ਨਾਲ ਬਤੀਤ ਹੋਵੇ ਇਸ ਲਈ ਪ੍ਰਭੂ ਸ਼੍ਰੀ ਰਾਮ ਜੀ ਦੇ ਚਰਨਾਂ ਵਿੱਚ ਪ੍ਰਾਥਨਾ ਕੀਤੀ।ਐਤਵਾਰ ਨੂੰ ਮੰਦਿਰ ਧਰਮ ਸਭਾ ਵਿੱਚ ਸ਼੍ਰੀਰਾਮ ਨੌਮੀ ਦੇ ਸਬੰਧ ਵਿੱਚਇਕ ਸਮਾਗਮ ਦਾ ਆਯੋਜਨ ਕੀਤਾ ਗਿਆ।ਸਮਾਗਮ ਦੀ ਪ੍ਰਧਾਨਗੀ ਸ਼੍ਰੀ ਰਾਮ ਨਵਾਮੀ ਉਤਸਵ ਕਮੇਟੀ, ਸਨਾਤਨ ਧਰਮ ਸਭਾ ਦੇ ਪ੍ਰਧਾਨ ਸੁਭਾਸ਼ ਮਕਰੰਦੀ ਅਤੇ ਮੰਦਰ ਧਰਮ ਸਭਾ ਦੇ ਜਨਰਲ ਸਕੱਤਰ ਵਿਜੇ ਖੋਸਲਾ ਨੇ ਕੀਤੀ।ਸੁਭਾਸ਼ ਮਕਰੰਦੀ ਤੇ ਵਿਜੇ ਖੋਸਲਾ ਨੇ ਹਵਨ ਕੁੰਡ ਵਿੱਚ ਆਹੂਤੀਆਂ ਪਾਕੇ ਦੇਸ਼ ਵਿੱਚ ਰਾਮ ਰਾਜ ਫਿਰ ਤੋਂ ਸਥਾਪਤ ਹੋਣ ਦੀ ਕਾਮਨਾ ਕੀਤੀ।ਸੁਭਾਸ਼ ਮਕਰੰਦੀ ਤੇ ਵਿਜੇ ਖੋਸਲਾ ਨੇ ਕਿਹਾ ਕਿ ਭਗਵਾਨ ਸ਼੍ਰੀ ਰਾਮ ਦੀ ਮਹਿਮਾ ਅਪਰਮਪਾਰ ਹੈ।ਸ਼੍ਰੀ ਰਾਮ ਨੇ ਖੁਦ ਕਿਹਾ ਹੈ ਕਿ ਰਾਮ ਤੋਂ ਵੱਡਾ ਰਾਮ ਦਾ ਨਾਮ ਹੈ।ਜੋ ਗੱਲ ਆਪ ਰਾਮ ਕਹਿ ਗਏ ਉਹ ਕਿਵੇਂ ਗਲਤ ਹੋ ਸਕਦੀ ਹੈ ?ਦਰਅਸਲ,ਜੀਵਨ ਦਾ ਆਧਾਰ ਹੀ ਰਾਮ ਨਾਮ ਹੈ।ਹਰ ਜਗ੍ਹਾ ਰਾਮ ਨਾਮ ਦੀ ਮਹਿਮਾ ਦਾ ਗੁਣਗਾਨ ਹੈ।ਰਾਮ ਸਿਰਫ ਇੱਕ ਨਾਮ ਨਹੀਂ ਹੈ।ਰਾਮ ਨਾਮ ਤਾਂ ਸਭਤੋਂ ਵੱਡਾ ਮੰਤਰ ਹੈ।ਰਾਮ ਨਾਮ ਦੀ ਮਹਿਮਾ ਤਾਂ ਇਹ ਹੈ ਕਿ ਸਦਾਸ਼ਿਵ ਭੋਲ਼ੇ ਸ਼ੰਕਰ ਵੀ ਰਾਮ ਨਾਮ ਜਪਦੇ ਰਹਿੰਦੇ ਹਨ।ਇਸ ਨਾਮ ਦਾ ਉਹ ਹਰ ਪਹਿਰ ਜਾਪ ਕਰਦੇ ਰਹਿੰਦੇ ਹਨ।ਸੰਸਾਰ ਚੱਲ ਹੀ ਰਾਮ ਨਾਮ ਨਾਲ ਰਿਹਾ ਹੈ।ਸੂਰਜ,ਚੰਦਰਮਾ,ਅੱਗ,ਹਵਾ ਸਾਰੀਆਂ ਵਿੱਚ ਜੋ ਸ਼ਕਤੀ ਹੈ ਉਹ ਸਭ ਰਾਮ ਨਾਮ ਦੀ ਹੈ। ਰਾਮ ਨਾਮ ਤਾਂ ਅਵਿਨਾਸ਼ੀ ਹੈ।ਦੁਨੀਆ ਏਧਰ ਤੋਂ ਉੱਧਰ ਹੋ ਜਾਵੇ,ਸਭ ਕੁੱਝ ਬਦਲ ਜਾਵੇ ਤੇ ਇਹ ਰਾਮ ਨਾਮ ਜਿਵੇਂ ਦਾ ਤਿਵੇਂ ਇਵੇਂ ਹੀ ਹਮੇਸ਼ਾ ਬਣਿਆ ਰਹੇਗਾ।ਇਸ ਰਾਮ ਨਾਮ ਦੀ ਵਡਿਆਈ ਮਹਿਮਾ ਕਦੇ ਵੀ ਘੱਟ ਨਹੀਂ ਹੋਵੇਗੀ ਸਗੋਂ ਦਿਨ- ਬ ਦਿਨ ਇਸਦੀ ਮਹਿਮਾ ਵੱਧਦੀ ਹੀ ਜਾਵੇਗੀ।ਸਾਰੇ ਪਾਪਾਂ ਦਾ ਕਾਟਨਹਾਰ ਹੈ ਇਹ ਰਾਮ ਨਾਮ।ਰਾਮ ਦੇ ਦੋਨਾਂ ਅੱਖਰ ਮਧੁਰ ਅਤੇ ਸੁੰਦਰ ਹਨ।ਰਾਮ ਰਾਮ ਕਹਿਣ ਨਾਲ ਮੂੰਹ ਵਿੱਚ ਮਿਠਾਸ ਪੈਦਾ ਹੁੰਦੀ ਹੈ।ਦੋਨਾਂ ਅੱਖਰ ਵਰਣਮਾਲ ਦੀਆਂ ਦੋ ਅੱਖਾਂ ਹਨ।ਰਾਮ ਦੇ ਬਿਨਾਂ ਵਰਮਾਲਾ ਵੀ ਅਧੂਰੀ ਹੈ।ਜਗਤ ਵਿੱਚ ਸੂਰਜ ਉਜਾਲਾ ਕਰਦਾ ਹੈ।ਚੰਦਰਮਾ ਚਾਂਦਨੀ ਬਿਖੇਰਦਾ ਹੈ ਪਰ ਇਨ੍ਹਾਂ ਦੋਹਾਂ ਵਿਚ ਗ੍ਰਹਿਣ ਵੀ ਹੈ,ਪਰ ਰਾਮ ਨਾਮ ਇਨ੍ਹਾਂ ਸਭਤੋਂ ਵੱਖ ਹੈ ਉਸ ਵਿੱਚ ਕਦੇ ਕੋਈ ਗ੍ਰਹਿਣ ਨਹੀਂ ਲੱਗਦਾ ਹੈ,ਨਾ ਹੀ ਉਹ ਚੰਦਰਮਾ ਦੀ ਤਰ੍ਹਾਂ ਘੱਟਦਾ ਹੈ,ਰਾਮ ਨਾਮ ਲਗਾਤਾਰ ਵਧਦਾ ਹੀ ਰਹਿੰਦਾ ਹੈ।ਕਿਹਾ ਵੀ ਗਿਆ ਹੈ ਰਾਮ ਨਾਮ ਇੱਕ ਅਜਿਹੀ ਪੂੰਜੀ ਜੋ ਜਿੰਨੀ ਖਰਚ ਹੁੰਦੀ ਹੈ ਓਨੀ ਹੀ ਵੱਧਦੀ ਚੱਲੀ ਜਾਂਦੀ ਹੈ।ਨਾਮ ਦੀ ਸਭਤੋਂ ਵੱਡੀ ਮਹਿਮਾ ਇਹ ਹੈ ਦੀ ਇਸਨੂੰ ਕਿਤੇ ਵੀ ਕਦੇ ਵੀ ਲਿਆ ਜਾ ਸਕਦਾ ਹੈ।ਰਾਮ ਨਾਮ ਹੀ ਮੁਕਤੀ ਦਾ ਰਸਤਾ ਹੈ,ਰਾਮ ਨਾਮ ਦੀ ਮਹਿਮਾ ਹੀ ਅਪਰਮਪਾਰ ਹੈ।ਸਾਡੀ ਸੰਸਕ੍ਰਿਤੀ ਵਿੱਚ ਤਾਂ ਰਾਮ ਨਾਮ ਲੈਕੇ ਨਮਸਕਾਰ ਕਰਨ ਦੀ ਪਰੰਪਰਾ ਵੀ ਚੱਲੀ ਆ ਰਹੀ ਹੈ।ਸੁਭਾਸ਼ ਮਕਰੰਦੀ ਤੇ ਵਿਜੇ ਖੋਸਲਾ ਨੇ ਕਿਹਾ ਕਿ ਇਸ ਸੰਸਾਰ ਵਿੱਚ ਰਘੂਵੰਸ਼ ਵਰਗਾ ਪਰਿਵਾਰ ਕਿੱਥੇ ਦੇਖਣ ਨੂੰ ਮਿਲੇਗਾ।ਜਿਸ ਵਿੱਚ ਧਰਮ,ਰਾਸ਼ਟਰ ਅਤੇ ਕੁਲ ਦੀ ਮਰਿਆਦਾ ਲਈ ਇੱਕ-ਇੱਕ ਮੈਂਬਰ ਨੇ ਤਿਆਗ ਕੀਤਾ। ਉਨ੍ਹਾਂਨੇ ਕਿਹਾ ਰਘੂਕੁਲ ਰੀਤ ਹਮੇਸ਼ਾ ਚੱਲੀ ਆਈ।ਪ੍ਰਾਣ ਜਾਵੇ ਪਰ ਵਚਨ ਨਾ ਜਾਵੇ।ਇੱਕ ਦਿਨ ਪਹਿਲਾਂ ਸ਼੍ਰੀ ਰਾਮ ਨੂੰ ਰਾਜਾ ਬਣਾਉਣ ਦੀ ਘੋਸ਼ਣਾ ਕਰਨ ਵਾਲੇ ਚੱਕਰਵਰਤੀ ਸਮਰਾਟ ਸ਼੍ਰੀ ਦਸ਼ਰਥ ਜੀ ਨੇ ਵਚਨ ਦਾ ਪਾਲਣ ਕਰਨ ਲਈ ਸ਼੍ਰੀ ਰਾਮ ਜੀ ਨੂੰ ਬਨਵਾਸ ਭੇਜ ਦਿੱਤਾ।ਇੱਕ ਅਜਿਹਾ ਪੁੱਤਰ ਜਿਸਨੂੰ ਇੱਕ ਦਿਨ ਪਹਿਲਾਂ ਪਿਤਾ ਨੇ ਰਾਜਾ ਬਣਾਉਣ ਦੀ ਗੱਲ ਕਹੀ ਹੋਵੇ ਅਤੇ ਉਸੀ ਬੇਟੇ ਨੂੰ ਰਾਜ ਨਹੀਂ ਦੇਕੇ ਦੂੱਜੇ ਦਿਨ ਬਨਵਾਸ ਦੇ ਦਿੱਤਾ।ਪਰ ਪੁੱਤਰ ਉਦਾਸ ਨਹੀਂ ਹੋਇਆ।ਸੁਭਾਸ਼ ਮਕਰੰਦੀ ਅਤੇ ਵਿਜੇ ਖੋਸਲਾ ਨੇ ਕਿਹਾ ਕਿ ਜਦੋਂ ਪਿਤਾ ਦੀ ਆਗਿਆ ਮੰਨ ਕੇ ਸ਼੍ਰੀ ਰਾਮ ਭਗਵਾ ਵਸਤਰ ਧਾਰਨ ਕਰਕੇ ਜੰਗਲ ਜਾਣ ਲਈ ਤਿਆਰ ਹੋਏ ਤਾਂ ਮਾਤਾ ਸੀਤਾ ਜੀ ਆਈ ਅਤੇ ਬੋਲੀ ਮੈਂ ਵੀ ਨਾਲ ਚਲਾਂਗੀ।ਦਸ਼ਰਥ ਜੀ ਅਤੇ ਮਾਤਾ ਕੌਸ਼ਲਿਆ ਜੀ ਨੇ ਇੱਥੇ ਤੱਕ ਕਿ ਸ਼੍ਰੀਰਾਮ ਜੀ ਨੇ ਵੀ ਸਮੱਝਾਇਆ ਕਿ ਸੀਤਾ ਘਰ ਰਹੋ।ਉਹ ਬੋਲੀ ਇੱਕ ਪ੍ਰਸ਼ਨ ਦਾ ਜਵਾਬ ਤੁਸੀ ਸਭ ਦਿਓ ਤਾਂ ਮੈਂ ਰਹਿ ਜਾਵਾਂਗੀ।ਉਨ੍ਹਾਂਨੇ ਕਿਹਾ ਕਿ ਪਾਣੀ ਦੇ ਬਿਨਾਂ ਨਦੀ ਦੀ ਕੀਮਤ ਹੈ ਕੀ।ਕੌਸ਼ਲਿਆ ਜੀ ਬੋਲੀ ਨਹੀਂ।ਫਿਰ ਮਾਤਾ ਸੀਤਾ ਨੇ ਕਿਹਾ ਕਿ ਪ੍ਰਾਣ ਦੇ ਬਿਨਾਂ ਦੇਹ ਦੀ ਕੀ ਕੀਮਤ ਹੈ।ਇਸ ਤੇ ਦਸ਼ਰਥ ਜੀ ਬੋਲੇ ਕੁੱਝ ਨਹੀਂ ਤਾਂ ਫਿਰ ਮਾਤਾ ਸੀਤਾ ਬੋਲੀ ਤਾਂ ਬਸ ਫਿਰ ਸਵਾਮੀ ਪਤੀ ਦੇ ਬਿਨਾਂ ਪਤਨੀ ਦੀ ਕੀ ਕੀਮਤ ਹੈ।

## ਸਰਕਾਰੀ ਐਲੀਮੈਂਟਰੀ ਸਕੂਲ ਮੰਜਾਲ ਕਲਾਂ ਬਲਾਕ ਭੁਨਰਹੇੜੀ 2 ਵਿਖੇ ਦਾਖ਼ਲਾ ਮੁਹਿੰਮ ਦੀ ਸ਼ੁਰੂਆਤ

**ਪਟਿਆਲਾ/ਭੁਨਰਹੇੜੀ/ਇਕਬਾਲ ਸਿੰਘ**

ਸੀ ਐਚ ਟੀ ਸ੍ਰੀ ਮਤੀ ਨਿਸ਼ਾ ਗਰੋਵਰ ਦੀ ਅਗਵਾਈ ਹੇਠ ਸੈਂਟਰ ਭੱਟੀਆਂ ਬਲਾਕ ਭੁਨਰਹੇੜੀ 2 ਦੇ ਸਕੂਲਾਂ ਵਿੱਚ ਦਾਖਲਾ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ ਇਸ ਤਹਿਤ ਸਰਕਾਰੀ ਐਲੀਮੈਂਟਰੀ ਸਕੂਲ ਮੰਜਾਲ ਕਲਾਂ ਵਿਖੇ ਜਾਗਰੂਕ ਰੈਲੀ ਕੱਢੀ ਗਈ ਸਕੂਲ ਇੰਚਾਰਜ ਹਰਦੀਪ ਸਿੰਘ ਅਤੇ ਅਧਿਆਪਕ ਰਣਧੀਰ ਕੁਮਾਰ ਵਲੋਂ ਪਿੰਡ ਵਾਸੀਆਂ ਨੂੰ ਸੈਸ਼ਨ 2021-22 ਦੀਆਂ ਪ੍ਰਾਪਤੀਆਂ ਬਾਰੇ ਜਾਣਕਾਰੀ ਦਿੱਤੀ ਗਈ। ਜਿਸ ਵਿੱਚ ਵਿਦਿਆਰਥੀਆਂ ਦੀਆਂ ਵਿੱਦਿਅਕ ਪ੍ਰਾਪਤੀਆਂ, ਖੇਡਾਂ ਵਿੱਚ ਪ੍ਰਾਪਤੀਆਂ, ਨਵੋਦਿਆ ਵਿਦਿਆਲਿਆ ਵਿੱਚ ਚੁਣੇ ਵਿਦਿਆਰਥੀਆਂ ਬਾਰੇ ਜਾਣਕਾਰੀ ਦਿੱਤੀ ਗਈ। ਸਰਕਾਰੀ ਹਾਈ ਸਕੂਲ ਮੰਜਾਲ ਕਲਾਂ ਦੇ ਮੁੱਖ ਅਧਿਆਪਕ ਨਿਧੀ ਤਲਵਾਰ ਵਲੋਂ ਪਿੰਡ ਵਾਸੀਆਂ ਨੂੰ ਸਰਕਾਰੀ ਸਕੂਲਾਂ ਵਿੱਚ ਮਿਲਣ ਵਾਲੀਆਂ ਸਹੂਲਤਾਂ ਜਿਵੇਂ ਮੁਫ਼ਤ ਸਿੱਖਿਆ, ਈ ਕਟੈਂਟ ਰਾਹੀਂ ਸਿੱਖਿਆ,ਮੁਫਤ ਪੋਸ਼ਟਿਕ ਭੋਜਨ, ਖੇਡਾਂ ਦੀ ਸਹੂਲਤ,ਪ੍ਰੀ ਪ੍ਰਾਇਮਰੀ ਜਮਾਤਾਂ ਨੂੰ ਖੇਡ ਵਿੱਦਿਆ ਰਾਹੀਂ ਸਿੱਖਿਆ, ਬਾਰੇ ਜਾਣਕਾਰੀ ਦਿੰਦਿਆਂ ਵੱਧ ਤੋਂ ਵੱਧ ਵਿਦਿਆਰਥੀਆਂ ਨੂੰ ਸਰਕਾਰੀ ਸਕੂਲਾਂ ਵਿੱਚ ਦਾਖਲ ਕਰਵਾਉਣ ਲਈ ਪ੍ਰੇਰਿਤ ਕੀਤਾ ਗਿਆ। ਇਸ ਰੈਲੀ ਵਿੱਚ ਬੀ ਐਮ ਟੀ ਭਾਵਨਾ ਸ਼ਰਮਾ, ਪ੍ਰਾਇਮਰੀ ਹਾਈ ਸਕੂਲ ਦੇ ਸਮੂਹ ਸਟਾਫ ਵਿਦਿਆਰਥੀਆਂ ਅਤੇ ਪਿੰਡ ਦੇ ਪਤਵੰਤੇ ਸੱਜਣਾਂ ਵਲੋਂ ਭਾਗ ਲਿਆ ਗਿਆ।

# ਪਿੱਛਲੀਆਂ ਸਰਕਾਰਾਂ ਨੇ ਜਿਨ੍ਹਾਂ ਦਾ ਖੇਡਾਂ ਵਿਚ ਵੱਡਾ ਨਾਮ ਸੀ ਉਹਨਾਂ ਨੂੰ ਵੀ ਅਣਗੌਲਿਆਂ ਕੀਤਾ ,ਖੇਡਾਂ ਵੱਲ ਧਿਆਨ ਨਹੀਂ ਦਿੱਤਾ- ਸਪੋਰਟਸ ਨੂੰ ਤਰਜੀਹ ਨਹੀਂ ਦਿੱਤੀ: ਵਿਧਾਇਕ ਸੌਂਦ



**ਖੰਨਾ/ਤੇਜਿੰਦਰ ਸਿੰਘ ਆਰਟਿਸਟ**

ਨੈਸ਼ਨਲ ਲੇਬਲ ਜਾਂ ਏਸ਼ੀਅਨ ਲੇਬਲ ਤੱਕ ਖੇਡ ਕੇ ਆਏ ਖਿਡਾਰੀਆਂ ਨੂੰ ਆਪ ਸਰਕਾਰ 100 ਪ੍ਰਤੀਸ਼ਤ ਤਰਜੀਹ ਦੇਵੇਗੀ ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਅੱਜ ਹਲਕਾ ਖੰਨਾ ਦੇ ਵਿਧਾਇਕ ਤਰੁਨਪ੍ਰੀਤ ਸਿੰਘ ਸੌਂਦ ਨੇ ਕੀਤਾ ਜੋ ਅੱਜ ਖੰਨਾ ਕੇ ਪੀਰਖਾਨਾ ਰੋਡ ਤੇ ਸਿੰਮੀ ਸਪੋਰਟਸ ਐਂਡ ਫਿਟਨੈੱਸ ਕਲੱਬ ਵਲੋਂ ਬੈਡਮਿੰਟਨ ਕੋਰਟ ਦੀ ਸ਼ੁਰੂਆਤ ਕਰਨ ਤੇ ਪਿਰਖਾਨਾ ਰੋਡ ਖੰਨਾ ਵਿੱਖੇ ਪਹੁੰਚੇ ਸਨਉਹਨਾਂ ਗੱਲਬਾਤ ਕਰਦਿਆਂ ਹੋਇਆਂ ਕਿਹਾ ਕਿ ਉਹ ਸਪੋਰਟਸ ਵਿੱਚ ਪ੍ਰਸਿੱਧ ਨਾਮ ਸਿੰਮੀ ਬੱਤਾ ਅਤੇ ਪੂਜਾ ਗੋਇਲ ਮੁਬਾਰਕਵਾਦ ਦਿੰਦੇ ਹਨ ਅੱਗੇ ਵਿਧਾਇਕ ਤਰੁਨਪ੍ਰੀਤ ਸਿੰਘ ਸੌਂਦ ਨੇ ਕਿਹਾ ਕਿ ਇਹ ਦੋਵੇਂ ਭੈਣਾਂ ਸਮਾਜ ਲਈ ਇੱਕ ਰੋਲ ਮਾਡਲ ਤੌਰਤੇ ਕੰਮ ਕਰ ਰਹੀਆਂ ਮੈਂ ਇਸ ਲਈ ਇਨ੍ਹਾਂ ਦੀ ਸਲਾਘਾ ਕਰਦਾ ਹਾਂ ਉਹਨਾਂ ਕਿਹਾ ਕਿ ਪਿੱਛਲੀਆਂ ਸਰਕਾਰਾਂ ਨੇ ਸਪੋਰਟਸ ਪ੍ਰਤੀ ਰੁਚੀ ਨਹੀਂ ਦਿਖਾਈ ਧਿਆਨ ਨਹੀਂ ਦਿੱਤਾ ਅਤੇ ਨਾ ਹੀ ਸਪੋਰਟਸ ਨੂੰ ਤਰਜੀਹ ਦਿੱਤੀ ਅਤੇ ਜਿਨ੍ਹਾਂ ਦਾ ਖੇਡਾਂ ਵਿੱਚ ਵੱਡਾ ਨਾਮ ਸੀ ਉਹਨਾਂ ਨੂੰ ਵੀ ਅਣਗੌਲਿਆ ਕੀਤਾ ਗਿਆ ਪ੍ਰੰਤੂ ਸਾਡੀ ਆਮ ਆਦਮੀ ਪਾਰਟੀ ਦੀ ਸਰਕਾਰ ਨੈਸ਼ਨਲ ਲੇਬਲ ਏਟ ਏਸ਼ੀਜਨ ਲੇਬਲ ਤਕ ਖੇਡਣ ਵਾਲਿਆਂ ਵੱਲ 100 ਪ੍ਰਤੀਸ਼ਤ ਤਰਜੀਹ ਦਏਗੀ ਜਿੱਥੇ ਦੀਆਂ ਮੁੱਖ ਪ੍ਰਬੰਧਕ ਦੋ ਭੈਣਾਂ ਸਿੰਮੀ ਬੱਤਾ ਅਤੇ ਪੂਜਾ ਗੋਇਲ ਵੱਲੋਂ ਦੱਸਿਆ ਗਿਆ ਕਿ ਇਹ ਨਵਾਂ ਸ਼ੁਰੂ ਕਰਨ ਜਾ ਰਹੇ ਬੈਡਮਿੰਟਨ ਕੋਰਟ ਜੋ ਇੰਟਰਨੈਸ਼ਨਲ ਸਟੈਂਡਰਡ ਦੇ ਹਿਸਾਬ ਨਾਲ ਖੋਹਲ਼ੀਆਂ ਗਿਆ ਹੈ ਤਾਂਕਿ ਬੱਚੇ ਇੰਟਰਨੈਸ਼ਨਲ ਪੱਧਰ ਤੇ ਗੋਲ ?ਡ ਲੈਕੇ ਆਉਣ ਉਹਨਾਂ ਦੱਸਿਆ ਕਿ ਇਸ ਲਈ ਸਾਨੂੰ ਇਹ ਜਗ੍ਹਾ ਪ੍ਰਸਿੱਧ ਡਾਕਟਰ ਅਮਰਬੀਰ ਸਿੰਘ ਅਤੇ ਪੁਨੀਤ ਸੋਢੀ ਵੱਲੋਂ ਦਿੱਤੀ ਗਈ ਹੈ ਇਸ ਮੌਕੇ ਵਿਸ਼ੇਸ਼ ਮਹਿਮਾਨ ਤੌਰਤੇ ਪਹੁੰਚੇ ਸਾਬਕਾ ਵਿਧਾਇਕ, ਮੰਤਰੀ ਗੁਰਕੀਰਤ ਸਿੰਘ ਕੋਟਲੀ ਨੇ ਕਿਹਾ ਕਿ ਸਿੰਮੀ ਬੱਤਾ ਅਤੇ ਪੂਜਾ ਗੋਇਲ ਭੈਣਾਂ ਨੇ ਸਪੋਰਟਸ ਅਕਟੀਵੀਟੀ ਨੂੰ ਬੜਾਵਾ ਦਿੱਤਾ ਅਤੇ ਹੁਣ ਬੈਡਮਿੰਟਨ ਕੋਰਟ ਖੰਨਾ ਇਲਾਕੇ ਲਈ ਵਰਦਾਨ ਸਾਬਤ ਹੋਏਗਾ ਇਸ ਮੌਕੇ ਤੇ ਡਾ. ਅਮਰਬੀਰ ਸਿੰਘ, ਪ੍ਰੋ.ਪੁਨੀਤ ਸੋਢੀ, ਐਡ. ਅਮਿਤ ਵਰਮਾ,ਐਡ. ਰਵੀ ਤਾਲਿਬ, ਐਡ. ਰਾਜੀਵ ਰਾਏ ਮਹਿਤਾ, ਕੋਂਸਲਰ ਵੇਦ ਪ੍ਰਕਾਸ਼, ਰਾਜੇਸ਼ ਡਾਲੀ, ਡਾ.ਹਰਜਿੰਦਰ ਸਿੰਘ ਲਾਲ, ਲਛਮਨ ਸਿੰਘ ਗਰੇਵਾਲ, ਮਹੇਸ਼ ਕੁਮਾਰ ਪੀ ਏ, ਕਰਮ ਚੰਦ ਸ਼ਰਮਾ, ਜਗਤਾਰ ਸਿੰਘ ਰਤਨਹੇੜੀ,ਆਪ ਕੋਂਸਲਰ ਸੁਖਮਨਜੀਤ ਸਿੰਘ,ਮਲਕੀਤ ਸਿੰਘ ਮੀਤਾ,ਰਾਜਬੀਰ ਸ਼ਰਮਾ, ਜਸਵਿੰਦਰ ਬਲਿੰਗ,ਗੁਰਮਿੰਦਰ ਸਿੰਘ ,ਡਾ .ਗਗਨਦੀਪ ਸਿੰਘ,ਆਦਿ ਹਾਜ਼ਿਰ ਸਨ।

# ਡਿਪਟੀ ਕਮਿਸ਼ਨਰ ਵੱਲੋਂ ਖਰੀਦ ਏਜੰਸੀਆਂ ਦੇ ਅਧਿਕਾਰੀਆਂ ਨੂੰ ਮੰਡੀਆਂ ’ਚ ਨਿਰਵਿਘਨ ਖਰੀਦ ਪ੍ਰਬੰਧ ਬਣਾਉਣ ਦੇ ਆਦੇਸ਼

## ਖਰੀਦ ਕਾਰਜਾਂ ਦੀ ਸਮੀਖਿਆ ਦੌਰਾਨ ਏਜੰਸੀਆਂ ਨੂੰ ਹਰੇਕ ਮੰਡੀ ’ਚ ਪਹੁੰਚ ਯਕੀਨੀ ਬਣਾਉਣ ਦੀ ਹਦਾਇਤ

**ਸ਼ਹੀਦ ਭਗਤ ਸਿੰਘ ਨਗਰ/ਲੋਕ ਬਾਣੀ**

ਡਿਪਟੀ ਕਮਿਸ਼ਨਰ ਵਿਸ਼ੇਸ਼ ਸਾਰੰਗਲ ਨੇ ਅੱਜ ਖਰੀਦ ਏਜੰਸੀਆਂ ਦੇ ਅਧਿਕਾਰੀਆਂ ਨੂੰ ਮੰਡੀਆਂ ’ਚ ਨਿਰਵਿਘਨ ਖਰੀਦ ਪ੍ਰਬੰਧ ਯਕੀਨੀ ਬਣਾਉਣ ਦੇ ਨਿਰਦੇਸ਼ ਦਿੰਦਿਆਂ, ਸੀਜ਼ਨ ਦੌਰਾਨ ਹਰੇਕ ਏਜੰਸੀ ਨੂੰ ਆਪੋ-ਆਪਣੀ ਮੰਡੀ ’ਚ ਹਾਜ਼ਰੀ ਯਕੀਨੀ ਬਣਾਉਣ ਲਈ ਕਿਹਾ।ਅੱਜ ਸਵੇਰੇ ਖਰੀਦ ਕਾਰਜਾਂ ਦੀ ਸਮੀਖਿਆ ਦੌਰਾਨ ਸ੍ਰੀ ਸਾਰੰਗਲ ਨੇ ਸਪੱਸ਼ਟ ਕੀਤਾ ਕਿ ਇਸ ਮੌਕੇ ਖਰੀਦ ਕਾਰਜਾਂ ਨੂੰ ਪਰਮ ਅਗੇਤ ਦਿੱਤੀ ਜਾਵੇ ਅਤੇ ਕਿਸੇ ਵੀ ਕਿਸਾਨ ਨੂੰ ਮੰਡੀ ਵਿੱਚ ਆਪਣੀ ਜਿਣਸ ਵੇਚਣ ’ਚ ਮੁਸ਼ਕਿਲ ਨਾ ਆਵੇ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ੍ਰੀ ਭਗਵੰਤ ਮਾਨ ਦੀਆਂ ਹਦਾਇਤਾਂ ਦੀ ਪਾਲਣਾ ਵਿੱਚ ਜਿਣਸ ਦੀ ਖਰੀਦ ਦੇ ਤੁਰੰਤ ਬਾਅਦ



ਅਦਾਇਗੀ ਕਰਵਾਉਣ ਦੇ ਪ੍ਰਬੰਧ ਕੀਤੇ ਜਾਣ।ਇਸ ਮੌਕੇ ਜ਼ਿਲ੍ਹੇ ਵਿੱਚ ਹੋਈ ਖਰੀਦ ਦਾ ਵੇਰਵਾ ਦਿੰਦਿਆਂ ਡੀ ਐਫ ਐਸ ਸੀ ਸ੍ਰੀਮਤੀ ਮਧੂ ਅਤੇ ਜ਼ਿਲ੍ਹਾ ਮੰਡੀ ਸਵਰਨ ਸਿੰਘ ਨੇ ਡਿਪਟੀ ਕਮਿਸ਼ਨਰ ਨੂੰ ਦੱਸਿਆ ਕਿ ਸੋਮਵਾਰ ਸ਼ਾਮ ਤੱਕ ਮੰਡੀਆਂ ਵਿੱਚ 587 ਮੀਟ੍ਰਿਕ ਟਨ ਕਣਕ ਆ ਚੁੱਕੀ ਹੈ, ਜਿਸ ਵਿੱਚੋਂ 538 ਮੀਟ੍ਰਿਕ ਟਨ ਖਰੀਦ ਹੋ ਚੁੱਕੀ ਹੈ। ਇਸ ਵਿੱਚੋਂ ਸੋਮਵਾਰ ਨੂੰ 528 ਮੀਟ੍ਰਿਕ ਟਨ ਦਾ ਖਰੀਦਿਆ ਅੰਕੜਾ ਵੀ ਸ਼ਾਮਿਲ ਹੈ।ਡਿਪਟੀ ਕਮਿਸ਼ਨਰ ਨੇ ਇਸ ਮੌਕੇ ਖਰੀਦ ਏਜੰਸੀਆਂ ਵੱਲੋਂ ਇਹ ਤੱਥ ਸਾਹਮਣੇ ਲਿਆਂਦਾ ਗਿਆ ਕਿ ਤਾਪਮਾਨ ’ਚ ਵਾਧੇ ਦੇ ਮੱਦੇਨਜ਼ਰ ਕੁੱਝ ਥਾਂਈਂ ਦਾਣਾ ਸੁੰਗੜਿਆ ਅਤੇ ਨਮੀ ਦੇ ਤੈਅ ਮਿਆਰ ਤੋਂ ਉੱਪਰ ਜਾਣ ਕਾਰਨ, ਖਰੀਦ ’ਚ ਕੁੱਝ ਮੁਸ਼ਕਿਲ ਆ ਰਹੀ ਹੈ, ’ਤੇ ਕਿਹਾ ਕਿ ਜਿਨ੍ਹਾਂ ਮੰਡੀਆਂ ’ਚ ਦਾਣਾ ਠੀਕ ਆ ਰਿਹਾ ਹੈ, ਉੱਥੇ ਖਰੀਦ ’ਚ ਕੋਈ ਢਿੱਲ ਨਾ ਵਰਤੀ ਜਾਵੇ।ਸ੍ਰੀ ਸਾਰੰਗਲ ਨੇ ਇਸ ਗੱਲ ’ਤੇ ਜ਼ੋਰ ਦਿੱਤਾ ਕਿ ਖਰੀਦ ਏਜੰਸੀਆਂ ਦੇ ਨੁਮਾਇੰਦੇ ਮੰਡੀਆਂ ’ਚ ਆਪਣੀ ਰੋਜ਼ਾਨਾ ਹਾਜ਼ਰੀ ਨੂੰ ਯਕੀਨੀ ਬਣਾਉਣ ਤਾਂ ਜੋ ਮੰਡੀਆਂ ’ਚ ਫ਼ਸਲ ਲੈ ਕੇ ਆਉਣ ਵਾਲੇ ਕਿਸਾਨਾਂ ਨੂੰ ਕੋਈ ਮੁਸ਼ਕਿਲ ਪੇਸ਼ ਨਾ ਆਵੇ।ਉਨ੍ਹਾਂ ਕਿਹਾ ਕਿ ਜ਼ਿਲ੍ਹੇ ਵਿੱਚ ਤਿੰਨ ਆਰਜ਼ੀ ਮੰਡੀਆਂ ਸਮੇਤ 33 ਖਰੀਦ ਕੇਂਦਰ ਕਾਇਮ ਕੀਤੇ ਗਏ ਹਨ, ਜਿਨ੍ਹਾਂ ਵਿੱਚੋਂ ਕਲ੍ਹ ਸ਼ਾਮ ਤੱਕ ਅੱਠ ਕੇਂਦਰਾਂ ’ਚ ਖਰੀਦ ਸ਼ੁਰੂ ਹੋ ਚੁੱਕੀ ਹੈ ਅਤੇ ਬਾਕੀਆਂ ਵਿੱਚ ਵੀ ਜਿੱਥੇ ਫ਼ਸਲ ਦੀ ਆਮਦ ਹੁੰਦੀ ਹੈ, ਏਜੰਸੀਆਂ ਵੱਲੋਂ ਤੁਰੰਤ ਖਰੀਦ ਕਰਨ ਦੇ ਪ੍ਰਬੰਧ ਕੀਤੇ ਹੋਏ ਹਨ।ਮੀਟਿੰਗ ਵਿੱਚ ਡੀ ਐਫ ਐਸ ਸੀ ਸ੍ਰੀਮਤੀ ਮਧੂ ਅਤੇ ਜ਼ਿਲ੍ਹਾ ਮੰਡੀ ਸਵਰਨ ਸਿੰਘ ਤੋਂ ਇਲਾਵਾ ਮੁੱਖ ਖੇਤੀਬਾੜੀ ਅਫ਼ਸਰ ਡਾ. ਰਾਜ ਕੁਮਾਰ, ਜ਼ਿਲ੍ਹਾ ਮੈਨੇਜਰ ਮਾਰਕਫ਼ੈਡ ਸਚਿਨ ਅਤੇ ਹੋਰਨਾਂ ਖਰੀਦ ਏਜੰਸੀਆਂ ਦੇ ਅਧਿਕਾਰੀ ਮੌਜੂਦ ਸਨ।

# ਸਾਂਝ ਕੇਂਦਰ ਜੰਡਿਆਲਾ ਗੁਰੂ ਦੇ ਕਰਮਚਾਰੀ ਕਵਲਦੀਪ ਸਿੰਘ ਨੇ ਆਪਣਾ ਜਨਮ ਦਿਨ ਗਰੀਬਾਂ ਦੇ ਬੱਚਿਆਂ ਨਾਲ ਮਨਾਇਆ



**ਜੰਡਿਆਲਾ ਗੁਰੂ/ਜਸਪਾਲ ਸ਼ਰਮਾ**

ਸਾਂਝ ਕੇਂਦਰ ਜੰਡਿਆਲਾ ਗੁਰੂ ਦੇ ਇੰਚਾਰਜ ਸਬ ਇੰਸਪੈਕਟਰ ਕੁੱਲਦੀਪ ਸਿੰਘ ਰਿਆੜ ਦੀ ਅਗਵਾਈ ਹੇਠ ਸਾਂਝ ਕੇਂਦਰ ਜੰਡਿਆਲਾ ਗੁਰੂ ਦੇ ਮੈਂਬਰ ਕਵਲਦੀਪ ਸਿੰਘ ਦੇ ਜਨਮ ਦਿਨ ਦੀ ਖੁਸ਼ੀ ਵਿੱਚ ਝੁੱਗੀਆਂ ਝੌਂਪੜੀਆਂ ਵਿੱਚ ਰਹਿਣ ਵਾਲੇ ਬੱਚਿਆਂ ਨੂੰ ਬਿਸਕੁੱਟ ਅਤੇ ਟੌਫ਼ੀਆਂ ਵੰਡੀਆਂ ਗਈਆਂ। ਇਸ ਇੰਚਾਰਜ ਕੁੱਲਦੀਪ ਸਿੰਘ ਰਿਆੜ ਨੇ ਕਿਹਾ ਕਿ ਉਨ੍ਹਾਂ ਨੂੰ ਇਸ ਗੱਲ ਦੀ ਬਹੁਤ ਖੁਸ਼ੀ ਹੋਈ ਹੈ ਕਿ ਉਨ੍ਹਾਂ ਦੇ ਸਾਥੀ ਕਰਮਚਾਰੀ ਵੱਲੋਂ ਅੱਜ ਆਪਣੇ ਜਨਮ ਦਿਨ ਦੀ ਖੁਸ਼ੀ ਗਰੀਬ ਬੱਚਿਆਂ ਨਾਲ ਸਾਂਝੀ ਕੀਤੀ ਹੈ। ਉਨ੍ਹਾਂ ਕਿਹਾ ਕਿ ਸਾਨੂੰ ਸਾਰਿਆਂ ਨੂੰ ਚਾਹੀਦਾ ਹੈ ਕਿ ਆਪਣੀਆਂ ਖੁਸ਼ੀਆਂ ਗਰੀਬਾਂ ਨਾਲ ਸਾਂਝੀਆਂ ਕੀਤੀਆਂ ਜਾਣ। ਇਸ ਮੌਕੇ ਏ ਐੱਸ ਆਈ ਹਰਦਿਆਲ ਸਿੰਘ, ਏ ਐਸ ਆਈ ਰਣਜੀਤ ਸਿੰਘ, ਦਵਿੰਦਰ ਪਾਲ ਸਿੰਘ, ਕੁਲਵਿੰਦਰ ਕੌਰ, ਸਰਬਜੀਤ ਕੌਰ, ਰਾਜਵਿੰਦਰ ਕੌਰ, ਸੁਰਿੰਦਰ ਪਾਲ ਸਿੰਘ, ਜਸਵਿੰਦਰ ਸਿੰਘ ਆਦਿ ਹਾਜ਼ਰ ਸਨ।

# ਪ੍ਰਸ਼ਾਸਨ ਨੇ 52.80 ਲੱਖ ਦੀ ਲਾਗਤ ਨਾਲ ਜਲੰਧਰ ਦੇ 88 ਪਟਵਾਰੀਆਂ ਤੇ ਕਾਨੂੰਨਗੋਆਂ ਨੂੰ ਨਵੇਂ ਲੈਪਟਾਪ ਮੁਹੱਈਆ ਕਰਵਾਏ

**ਜਲੰਧਰ/ਦੀਪਕ ਨਟਰਾਜ, ਰਕੇਸ਼ ਵਰਮਾ**

ਜ਼ਿਲ੍ਹਾ ਪ੍ਰਸ਼ਾਸਨ, ਜਲੰਧਰ ਵੱਲੋਂ ਮਾਲ ਵਿਭਾਗ ਦੇ ਰੋਜ਼ਾਨਾ ਦੇ ਕੰਮਕਾਜ ਵਿੱਚ ਕੰਪਿਊਟਰੀਕਰਨ ਨੂੰ ਹੋਰ ਉਤਸ਼ਾਹਿਤ ਕਰਨ ਲਈ 52.80 ਲੱਖ ਰੁਪਏ ਦੀ ਲਾਗਤ ਨਾਲ ਜ਼ਿਲ੍ਹਾ ਜਲੰਧਰ ਦੇ 88 ਪਟਵਾਰੀਆਂ ਅਤੇ ਕਾਨੂੰਨਗੋਆਂ ਨੂੰ ਨਵੇਂ ਲੈਪਟਾਪ ਮੁਹੱਈਆ ਕਰਵਾਏ ਗਏ ਹਨ।

ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਘਨਸ਼ਿਆਮ ਥੋਰੀ ਨੇ ਦੱਸਿਆ ਕਿ ਇਸ ਉਪਰਾਲੇ ਦਾ ਉਦੇਸ਼ ਮਾਲ ਅਧਿਕਾਰੀਆਂ ਨੂੰ ਫੀਲਡ ਵਿੱਚ ਕੰਮ ਕਰਨ ਦੌਰਾਨ ਸਹੂਲਤ ਪ੍ਰਦਾਨ ਕਰਨਾ ਹੈ ਤਾਂ ਜੋ ਪਟਵਾਰੀਆਂ ਅਤੇ ਕਾਨੂੰਨਗੋਆਂ ਦੇ ਫੀਲਡ ਦੌਰੇ ਦੌਰਾਨ ਰੁਟੀਨ ਦੇ ਕੰਮਕਾਜ ਵਿੱਚ ਵਿਘਨ ਨਾ ਪਵੇ। ਉਨ੍ਹਾਂ ਦੱਸਿਆ ਕਿ ਮਾਲ ਵਿਭਾਗ ਦੀਆਂ ਹਦਾਇਤਾਂ ਅਨੁਸਾਰ ਨਵੇਂ ਲੈਪਟਾਪ ਖਰੀਦਣ ਲਈ ਅਧਿਕਾਰੀਆਂ ਨੂੰ 60,000 ਤੱਕ ਦੀ ਯਕਮੁਸ਼ਤ ਰਾਸ਼ੀ ਦਿੱਤੀ ਗਈ ਸੀ। ਉਨ੍ਹਾਂ ਦੱਸਿਆ ਕਿ ਸਬੰਧਤ ਅਧਿਕਾਰੀਆਂ ਵੱਲੋਂ ਸਾਮਾਨ ਦੀ ਖ਼ਰੀਦ ਕਰਨ ਤੋਂ ਬਾਅਦ ਆਪਣੇ ਬਿੱਲ ਜ਼ਿਲ੍ਹਾ ਮਾਲ ਅਫ਼ਸਰ ਦੇ ਦਫ਼ਤਰ ਵਿੱਚ ਜਮ੍ਹਾ ਕਰਵਾ ਦਿੱਤੇ ਗਏ ਹਨ,

**ਮਾਲ ਵਿਭਾਗ ਦੇ ਰੋਜ਼ਾਨਾ ਦੇ ਕੰਮਕਾਜ ’ਚ ਕੰਪਿਊਟਰੀਕਰਨ ਨੂੰ ਹੋਰ ਉਤਸ਼ਾਹਿਤ ਕਰਨ ਲਈ ਚੁੱਕਿਆ ਗਿਆ ਕਦਮ : ਡਿਪਟੀ ਕਮਿਸ਼ਨਰ ਘਨਸ਼ਿਆਮ ਥੋਰੀ**

ਜਿਸ ਤੋਂ ਬਾਅਦ ਉਨ੍ਹਾਂ ਦੀ ਖ਼ਰੀਦ ਦੀ ਤਸਦੀਕ ਉਪਰੰਤ ਪ੍ਰਸ਼ਾਸਨ ਵੱਲੋਂ ਰਾਸ਼ੀ ਦੀ ਅਦਾਇਗੀ ਕਰ ਦਿੱਤੀ ਗਈ ਹੈ।

ਜ਼ਿਕਰਯੋਗ ਹੈ ਕਿ ਸਬੰਧਤ ਅਧਿਕਾਰੀ ਨੂੰ 300 ਰੁਪਏ ਪ੍ਰਤੀ ਮਹੀਨਾ ਇੰਟਰਨੈੱਟ ਖਰਚੇ ਵਜੋਂ ਵੀ ਅਦਾ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਇਸ ਸਹੂਲਤ ਦਾ ਲਾਭ ਲੈਣ ਲਈ ਉਨ੍ਹਾਂ ਨੂੰ ਇੰਟਰਨੈੱਟ ਸੇਵਾਵਾਂ ਦੀ ਵਰਤੋਂ ਕਰਨ ਖਾਤਰ ਡੋਂਗਲ ਖਰੀਦਣੀ ਪਵੇਗੀ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਵਿਭਾਗ ਵੱਲੋਂ ਜਾਰੀ ਵਿਸਥਾਰਤ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪਟਵਾਰੀਆਂ ਅਤੇ ਕਾਨੂੰਨਗੋਆਂ ਨੂੰ ➡5 ਪ੍ਰੋਸੈਸਰ 11✲✲ ਜਨਰੇਸ਼ਨ, ਵਿੰਡੋਜ਼ 10 ਪ੍ਰੋਫੈਸ਼ਨਲ ਅਤੇ ਇਸ ਤੋਂ ਵੱਧ, 8 ਜੀਬੀ ਰੈਮ, 512 ਜੀਬੀ ਐਸਐਸਡੀ, ਓਈਐਮ ਵਾਰੰਟੀ 3 ਸਾਲ ਪਲੱਸ 2 ਸਾਲ ਏ.ਐਮ.ਸੀ.ਵਰਗੀਆਂ ਸੰਰਚਨਾਵਾਂ ਵਾਲੇ ਲੈਪਟਾਪ ਖਰੀਦਣਾ ਲਾਜ਼ਮੀ ਕੀਤਾ ਗਿਆ ਹੈ।

ਪਟਵਾਰੀ ਅਤੇ ਕਾਨੂੰਨਗੋ, ਜੋ ਆਮ ਤੌਰ @ਤੇ ਆਪਣਾ ਜ਼ਿਆਦਾਤਰ ਸਮਾਂ ਫੀਲਡ ਵਿੱਚ ਬਿਤਾਉਂਦੇ ਹਨ, ਦੇ ਕੰਮਕਾਜ ਨੂੰ ਹੋਰ ਡਿਜੀਟਾਈਜ਼ ਅਤੇ ਕੰਪਿਊਟਰੀਕਰਨ ਦੀ ਦਿਸ਼ਾ ਵਿੱਚ ਇਸ ਫੈਸਲੇ ਨੂੰ ਕ੍ਰਾਂਤੀਕਾਰੀ ਕਦਮ ਦੱਸਦਿਆਂ ਘਨਸ਼ਿਆਮ ਥੋਰੀ ਨੇ ਕਿਹਾ ਕਿ ਜੇਕਰ ਕੋਈ ਅਧਿਕਾਰੀ ਬਾਕੀ ਰਹਿੰਦੇ ਹਨ ਤਾਂ ਉਹ ਤੁਰੰਤ ਨਵੇਂ ਲੈਪਟਾਪ ਖਰੀਦ ਕਰਨ ਅਤੇ ਭੁਗਤਾਨ ਦੀ ਜਲਦ ਅਦਾਇਗੀ ਲਈ ਬਿੱਲ ਡੀ.ਆਰ.ਓ ਦਫ਼ਤਰ ਵਿਖੇ ਜਮ੍ਹਾ ਕਰਵਾ ਦੇਣ। ਉਨ੍ਹਾਂ ਕਿਹਾ ਕਿ ਇਹ ਲੈਪਟਾਪ ਨਾ ਸਿਰਫ਼ ਮਾਲ ਅਧਿਕਾਰੀਆਂ ਨੂੰ ਉਨ੍ਹਾਂ ਦੇ ਰੋਜ਼ਾਨਾ ਦੇ ਕੰਮ ਵਿੱਚ ਸਹੂਲਤ ਪ੍ਰਦਾਨ ਕਰਨਗੇ ਸਗੋਂ ਉਨ੍ਹਾਂ ਦੇ ਫੀਲਡ ਦੌਰੇ ਦੌਰਾਨ ਫਾਈਲਾਂ ਦੇ ਸਮੇਂ ਸਿਰ ਨਿਪਟਾਰੇ ਨੂੰ ਵੀ ਯਕੀਨੀ ਬਣਾਉਣਗੇ, ਜਿਸ ਨਾਲ ਉਨ੍ਹਾਂ ਦੇ ਕੰਮ ਦੀ ਕੁਸ਼ਲਤਾ ਵਿੱਚ ਵਾਧਾ ਹੋਵੇਗਾ।

# ਦੋ ਰੋਜਾ ਆਰਥੋ ਕੈਂਪ ’ਚ 150 ਮਰੀਜਾਂ ਦੀ ਜਾਂਚ ਕੀਤੀ ਗਈ




**ਮੋਹਾਲੀ/ਲੋਕ ਬਾਣੀ**:- ਆਈਵੀ ਹਸਪਤਾਲ ’ਚ ਆਯੋਜਿਤ ਦੋ ਰੋਜਾ ਮੁਫਤ ਆਰਥੋ ਕੈਂਪ ’ਚ 150 ਨਾਲੋਂ ਜਿਆਦਾ ਰੋਗੀਆਂ ਦੀ ਜਾਂਚ ਕੀਤੀ ਗਈ । ਕੈਂਪ ਦੇ ਦੌਰਾਨ ਆਈਵੀ ਹਸਪਤਾਲ, ਮੋਹਾਲੀ ਵਿਚ ਆਰਥੋਪੈਡਿਕਸ ਅਤੇ ਜੁਆਇੰਟ ਰਿਪਲੇਸਮੈਂਟ ਦੇ ਡਾਇਰੈਕਟਰ, ਡਾ. ਭਾਨੂੰ ਪ੍ਰਤਾਪ ਸਿੰਘ ਸਲੂਜਾ ਦੀ ਅਗਵਾਈ ’ਚ ਡਾਕਟਰਾਂ ਦੀ ਇੱਕ ਟੀਮ ਵੱਲੋਂ ਸਲਾਹ ਅਤੇ ਜਾਂਚ ਪ੍ਰਦਾਨ ਕੀਤੀ ਗਈ । ਡਾ. ਭਾਨੂੰ ਨੇ ਦੱਸਿਆ ਕਿ ਹੱਡੀਆਂ ਵਿਚ ਕੈਲਸ਼ੀਅਮ ਦੀ ਘਾਟ ਹੋ ਜਾਣ ਨਾਲ ਉਹ ਕਮਜ਼ੋਰ ਹੋ ਜਾਂਦੀਆਂ ਹਨ ਅਤੇ ਥੋੜੀ ਜਿਹੀ ਸੱਟ ਨਾਲ ਹੀ ਫਰੈਕਚਰ ਹੋ ਜਾਂਦੀਆਂ ਹਨ । ਬਜੁਰਗਾਂ ਦੇ ਚੂਲੇ ਵਿਚ ਫਰੈਕਚਰ ਦੀ ਸਮੱਸਿਆ ਵਧ ਜਾਂਦੀ ਹੈ । ਡਿੱਗਣ ਜਾਂ ਬਾਥਰੂਮ ਵਿਚ ਫਿਸਲੇ ਤਾਂ ਖਤਰਨਾਕ ਫਰੈਕਚਰ ਹੋ ਜਾਂਦਾ ਹੈ । ਉਨ੍ਹਾਂ ਨੇ ਕਿਹਾ ਕਿ ਆਰਥੋਪੇਡਿਕਸ ਅਤੇ ਜੁਆਇੰਟ ਰਿਪਲੇਸਮੈਂਟ ਦੇ ਡਾਇਰੈਕਟਰ, ਭਾਨੂੰ ਪ੍ਰਤਾਪ ਸਿੰਘ ਸਲੂਜਾ ਦੱਸਦੇ ਹਨ ਕਿ, ਅਸਲ ਵਿਚ ਹੱਡੀਆਂ ਵਿਚ ਜਦੋਂ ਕੈਲਸ਼ੀਅਮ ਦੀ ਘਾਟ ਹੋ ਜਾਂਦੀ ਹੈ ਤਾਂ ਉਹ ਕਮਜੋਰ ਅਤੇ ਖੋਖਲੀਆਂ ਹੋਣ ਲੱਗਦੀਆਂ ਹਨ, ਅਜਿਹੇ ਵਿਚ ਥੋੜਾ ਜਿਹਾ ਦਬਾਅ ਪੈਂਦੇ ਹੀ ਉਹ ਟੁੱਟ ਜਾਂਦੀਆਂ ਹਨ । ਇਸ ਪਰੇਸ਼ਾਨੀ ਤੋਂ ਬਚਣ ਦੇ ਲਈ ਹੱਡੀਆਂ ਵਿਚ ਕੈਲਸ਼ੀਅਮ ਦੀ ਜਾਂਚ ਕਰਵਾਉਣੀ ਚਾਹੀਦੀ ਹੈ, ਇਸ ਨਾਲ ਪਤਾ ਲੱਗਦਾ ਹੈ ਕਿ ਹੱਡੀਆਂ ਕਿੰਨੀਆਂ ਕਮਜੋਰ ਹੋ ਗਈਆਂ ਹਨ ਅਤੇ ਇਲਾਜ ਦਾ ਤਰੀਕਾ ਕੀ ਹੋਵੇਗਾ ਉਨ੍ਹਾਂ ਨੇ ਕਿਹਾ ਕਿ ਹੱਡੀਆਂ ਵਿਚ ਕੈਲਸ਼ੀਅਮ ਦੀ ਜਾਂਚ ਵਿਚ ਜਦੋਂ ਪਤਾ ਲੱਗਦਾ ਹੈ ਕਿ ਹੱਡੀ ਕਮਜੋਰ ਹੈ ਤਾਂ ਕੈਲਸ਼ੀਅਮ ਦੀ ਦਵਾਈ ਦੇ ਕੇ ਇਲਾਜ ਕੀਤਾ ਜਾਂਦਾ ਹੈ । ਕਈ ਵਾਰ ਕਿਸੇ ਹਾਰਮੋਨ ਦੀ ਘਾਟ ਦੇ ਕਾਰਨ ਵੀ ਇਹ ਸਮੱਸਿਆ ਹੋ ਜਾਂਦੀ ਹੈ । ਅਤਿਅਧੁਨਿਕ ਤਕਨੀਕ ਵਿਚ ਆਰਟੀਫੀਸ਼ੀਅਲ ਪੈਰਾਥਾਈਰਾਈਡ ਹਾਰਮੋਨ ਦੇ ਇੰਜੈਕਸ਼ਨ ਲਗਾਏ ਜਾਂਦੇ ਹਨ, ਇਸ ਨਾਲ ਕੈਲਸ਼ੀਅਮ ਅਤੇ ਜਰੂਰੀ ਹਾਰਮੋਨ ਦੀ ਪੂਰਤੀ ਹੋ ਜਾਂਦੀ ਹੈ । ਵਾਰ-ਵਾਰ ਫਰੈਕਚਰ ਹੋਣ ਦੀ ਸਮੱਸਿਆ ਨਾਲ ਪੀੜ੍ਹਿਤ ਵਿਅਕਤੀ ਨੂੰ ਸਹਾਰੇ ਦੇ ਨਾਲ ਤੁਰਨ ਤੋਂ ਇਲਾਵਾ ਚੂਲੇ ਦੀ ਸੁਰੱਖਿਆ ਦੇ ਲਈ ਹਿਪ ਪੇਡਿੰਗ ਲਗਾਈ ਰੱਖਣਾ ਚਾਹੀਦਾ ਹੈ ।

# ਆਈ.ਟੀ.ਆਈ ਦਾ ਮੁੱਖ ਰਾਸਤਾ ਖੁਲਵਾਉਣ ਸੰਬਧੀ ਪ੍ਰਸ਼ਾਸਨ ਨੂੰ ਮੰਗ ਪੱਤਰ ਦਿੱਤਾ



**ਸ਼ਹੀਦ ਭਗਤ ਸਿੰਘ ਨਗਰ/ਲੋਕ ਬਾਣੀ**

ਪੰਜਾਬ ਸਟੂਡੈਂਟਸ ਯੂਨੀਅਨ ਦੇ ਆਈ ਟੀ ਆਈ ਈਕਾਈ ਦੇ ਪ੍ਰਧਾਨ ਪ ?ਭਜੋਤ ਸਿੰਘ ਤੇ ਸਿਖਿਆਰਥੀ ਆਗੂ ਕਿਰਨ, ਕੁਲਵੰਤ ਕੋਰ ਨੇ ਕਿਹਾ ਕਿ ਆਈ ਟੀ ਆਈ (ਲੜਕਿਆਂ) ਵੱਲੋਂ ਅੱਜ ਆਈ ਟੀ ਆਈ ਦੇ ਗੇਟ ਖੁਲਵਾਉਣ ਸੰਬੰਧਿਤ ਪ੍ਰਸ਼ਾਸਨ ਨੂੰ ਮੰਗ ਪੱਤਰ ਦਿੱਤਾ ਗਿਆ। ਇਸ ਮੌਕੇ ਜਿਲ੍ਹਾ ਆਗੂ ਰਾਜੂ ਬਰਨਾਲਾ ਤੇ ਆਈ ਟੀ ਆਈ ਈਕਾਈ ਦੇ ਸੀਨੀਅਰ ਮੀਤ ਪ੍ਰਧਾਨ ਰਾਹੁਲ ਤੋਮਰ ਨੇ ਕਿਹਾ ਕਿ ਲੜਕਿਆਂ ਦੇ ਆਈ ਟੀ ਆਈ ਦੇ ਮੁੱਖ ਗੇਟ ਨੂੰ ਖੁਲਵਾਉਣ ਸੰਬੰਧੀ ਇਸ ਤੋਂ ਪਹਿਲਾਂ ਵੀ ਪ ?ਸਾਸ਼ਨ ਦੇ ਧਿਆਨ ਵਿੱਚ ਗੱਲ ਲਿਆਦੀ ਗਈ ਸੀ। ਜਿਸ ਵਿੱਚ ਪ੍ਰਸ਼ਾਸਨ ਵੱਲੋਂ ਕਿਹਾ ਗਿਆ ਸੀ ਕਿ ਕੁਝ ਸਮੇਂ ਤੱਕ ਸੁਰਖਿਆ ਦੇ ਮੱਦੇਨਜ਼ਰ ਐਸ ਐਸ ਪੀ ਸਾਹਿਬ ਦੀ ਸੁਰਖਿਆ ਨੂੰ ਮੁੱਖ ਰੱਖਦੇ ਹੋਏ ਗੇਟ ਦੇ ਮੁੱਖ ਰਾਸਤੇ ਤੇ ਬੈਰਿਕੈਂਟਿਗ ਕੀਤਾ ਗਿਆ ਹੈ।ਪਰ ਉਸ ਸਮੇਂ ਤੱਕ ਲਈ ਅਲੱਗ ਰਾਸਤਾ ਦਿੱਤਾ ਜਾਵੇਗਾ,ਪਰ ਬਾਅਦ ਵਿੱਚ ਮੁੜ ਮੁੱਖ ਰਾਸਤਾ ਹੀ ਬਹਾਲ ਕੀਤਾ ਜਾਵੇਗਾ। ਅੱਜ ਲਗਭੱਗ ਛੇ ਮਹੀਨੇ ਤੋਂ ਵੀ ਵੱਧ ਦਾ ਸਮਾਂ ਹੋ ਗਿਆ ਹੈ,ਪਰ ਅੱਜ ਤੱਕ ਨਾ ਤਾਂ ਮੁੱਖ ਗੇਟ ਖੋਲ੍ਹਿਆ ਗਿਆ ਸਗੋਂ ਉਹਨਾਂ ਵੱਲੋਂ ਬਾਂਸਾਂ ਦੀ ਕੰਧ ਕਰ ਦਿੱਤੀ ਗਈ ਹੈ,ਜਿਸ ਦਾ ਨੁਕਸਾਨ ਇਹ ਹੋਇਆ ਗਰਾਉਂਡ ਦੀਆਂ ਬੈਟਰੀਆਂ ਵੀ ਚੋਰੀ ਹੋ ਗਈਆਂ।ਇਹਨਾਂ ਗੱਲਾਂ ਕਾਰਣ ਅੱਜ ਫਿਰ ਆਈ.ਟੀ.ਆਈ ਦੇ ਸਿਖਿਆਰਥੀਆਂ ਵੱਲੋਂ ਪ੍ਰਸ਼ਾਸਨ ਦੇ ਧਿਆਨ ਵਿੱਚ ਗੱਲ ਨੂੰ ਲਿਆਦਾਂ ਗਿਆ ਅਤੇ ਉਨ੍ਹਾਂ ਕਿਹਾ ਕਿ ਸਾਡੀ ਸਮੱਸਿਆਵਾਂ ਦਾ ਪਹਿਲ ਦੇ ਅਧਾਰ ਤੇ ਹੱਲ ਕੀਤਾ ਜਾਵੇ।ਜੇਕਰ ਪ ?ਸ਼ਾਸ਼ਨ ਵਲੋਂ ਗੰਭੀਰਤਾ ਨਾਲ਼ ਇਸ ਮਸਲੇ ਦਾ ਜਲਦ ਹੱਲ ਨਾ ਕੀਤਾ ਗਿਆ ਤਾਂ ਸਿਖਿਆਰਥੀ ਸੰਘਰਸ਼ ਕਰਨ ਦੇ ਲਈ ਮਜਬੂਰ ਹੋਣਗੇ।ਇਸ ਮੌਕੇ ਸਿਮਰਨਜੀਤ ਕੌਰ,ਜੈਸਮੀਨ ਰਾਏ,ਦਿਲਜੀਤ ਕੌਰ,ਕੋਮਲ,ਸਿਮਰਨਜੀਤ ਹਾਜਿਰ ਸਨ।

# ਵਿਦਿਆਰਥੀਆਂ ਨੂੰ ਭਵਿੱਖ ਦੇ ਮਿੱਥੇ ਨਿਸ਼ਾਨਿਆ ਤੇ ਪਹੁੰਚਾਉਣ ਲਈ ਕੈਰੀਅਰ ਗਾਈਡੈਂਸ ਅਤੇ ਕਾਊਂਸਲਿੰਗ ਪ੍ਰੋਗਰਾਮ ਦੀ ਸ਼ੁਰੂਆਤ

## ਸਿੱਖਿਆ ਅਤੇ ਸਿਹਤ ਸੇਵਾਵਾਂ ਆਮ ਆਦਮੀ ਪਾਰਟੀ ਦੀ ਸਭ ਤੋਂ ਵੱਡੀ ਤਰਜ਼ੀਹ: ਐਡਵੋਕੇਟ ਜਗਰੂਪ ਸਿੰਘ ਸੇਖਵਾਂ





**ਗੁਰਦਾਸਪੁਰ/ਨਵਨੀਤ ਕੁਮਾਰ**

ਵਿਦਿਆਰਥੀਆਂ ਨੂੰ ਆਪਣੇ ਮਿੱਥੇ ਨਿਸ਼ਾਨਿਆਂ ਤੇ ਪਹੁੰਚਣ ਲਈ ਕਾਬਿਲ ਬਣਾਉਣ ਦੇ ਮਨੋਰਥ ਨਾਲ ਜਿਲ੍ਹਾ ਰੋਜਗਾਰ ਤੇ ਕਾਰੋਬਾਰ ਬਿਊਰੋ ਤੇ ਸਿੱਖਿਆ ਵਿਭਾਗ ਗੁਰਦਾਸਪੁਰ ਵਲੋਂ ਕੈਰੀਅਰ ਗਾਈਡੈਂਸ ਅਤੇ ਕਾਊਂਸਲਿੰਗ ਪ੍ਰੋਗਰਾਮ ਦੀ ਸੁਰੂਆਤ ਸਰਕਾਰੀ ਸਮਾਰਟ ਸੀਨੀਅਰ ਸੈਕੰਡਰੀ ਸਕੂਲ ਕਾਹਨੂੰਵਾਨ ਤੋਂ ਕਰਵਾਈ ਗਈ।ਜਿਲ੍ਹਾ ਰੋਜਗਾਰ ਅਫਸਰ ਸ੍ਰੀ ਪ੍ਰਸ਼ੋਤਮ ਸਿੰਘ ਚਿਬ, ਜਿਲ੍ਹਾ ਸਿੱਖਿਆ ਅਫਸਰ ਸ: ਹਰਪਾਲ ਸਿੰਘ ਸੰਧਾਵਾਲੀਆ, ਜਿਲ੍ਹਾ ਗਾਈਡੈਂਸ ਕਾਊਂਸਲਰ ਸ: ਪਰਮਿੰਦਰ ਸਿੰਘ ਸੈਣੀ, ਸਟੇਟ ਅਵਾਰਡੀ ਅਤੇ ਸ: ਗਗਨਦੀਪ ਸਿੰਘ ਧਾਲੀਵਾਲ ਸਹਾਇਕ ਨੋਡਲ ਅਫਸਰ ਦੇ ਪ੍ਰਬੰਧਾ ਹੇਠ ਸਕੂਲ ਪ੍ਰਿੰਸੀਪਲ ਸ੍ਰੀ ਦੁਰਯੋਧਨ ਗੁਰਦਿਆਲ ਸਿੰਘ ਦੀ ਦੇਖ ਰੇਖ ਹੇਠ ਕਰਵਾਏ ਗਏ ਪ੍ਰੋਗਰਾਮ ਵਿਚ ਬਤੋਰ ਮੁੱਖ ਮਹਿਮਾਨ ਐਡਵੋਕੇਟ ਸ: ਜਗਰੂਪ ਸਿੰਘ ਸੇਖਵਾਂ ਨੇ ਪ੍ਰੋਗਰਾਮ ਦੀ ਸੁਰੂਆਤ ਕਰਦਿਆਂ ਵਿਦਿਆਰਥੀਆਂ ਨੂੰ ਆਸ਼ੀਰਵਾਦ ਦਿੱਤਾ। ਇਸ ਮੋਕੇ ਸੰਬੋਧਨ ਕਰਦਿਆਂ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਨੇ ਕਿਹਾ ਕਿ ਉਹਨਾ ਦੀ ਸਰਕਾਰ ਸਿੱਖਿਆ ਅਤੇ ਸਿਹਤ ਸੇਵਾਵਾਂ ਨੂੰ ਤਰਜੀਹ ਦੇ ਰਹੀ ਹੈ। ਥੋੜੇ ਹੀ ਦਿਨਾਂ ਵਿਚ ਸਾਡੇ ਮਾਨਯੋਗ ਮੁੱਖ ਮੰਤਰੀ ਸ: ਭਗਵੰਤ ਸਿੰਘ ਮਾਨ ਜੀ ਨੇ ਲੋਕ ਪੱਖੀ ਭਲਾਈ ਦੇ ਫੈਸਲੇ ਲੇ ਕਿ ਸਾਬਿਤ ਕਰ ਦਿੱਤਾ ਹੈ ਕਿ ਆਮ ਆਦਮੀ ਪਾਰਟੀ ਲੋਕਾਂ ਦੀ ਸੱਚੀ ਅਤੇ ਹਮਦਰਦ ਪਾਰਟੀ ਹੈ।ਬਤੋਰ ਹਲਕਾ ਇੰਚਾਰਜ ਮੈਂ ਆਪਣੇ ਹਲਕੇ ਦੇ ਵਿਦਿਆਰਥੀਆ ਅਤੇ ਉਹਨਾ ਦੇ ਮਾਪਿਆਂ ਨੂੰ ਵਿਸ਼ਵਾਸ ਦਵਾਉਂਦਾ ਹਾਂ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਤੁਹਾਡੇ ਨਾਲ ਕੀਤੇ ਸਾਰੇ ਵਾਅਦੇ ਬਹੁਤ ਜਲਦੀ ਪੂਰੇ ਕਰਨ ਜਾ ਰਹੀ ਹੈ। ਤੁਹਾਨੂੰ ਸਾਡੀ ਸਰਕਾਰ ਤੋਂ ਬਹੁਤ ਵੱਡੀਆਂ ਆਸਾਂ ਹਨ, ਅਸੀਂ ਉਹਨਾ ਆਸਾਂ ਤੇ ਪੂਰੇ ਉਤਰਾਂਗੇ। ਪਰਮਿੰਦਰ ਸਿੰਘ ਸੈਣੀ ਵਧਾਈ ਦੇ ਪਾਤਰ ਹਨ, ਜਿਨ੍ਹਾਂ ਦੁਆਰਾ ਆਪਣੀ ਟੀਮ ਨਾਲ ਮਿਲਕੇ ਅੱਜ ਵਿਦਿਆਰਥੀਆ ਨੂੰ ਕੈਰੀਅਰ ਗਾਈਡੈਂਸ ਤੇ ਕਾਊਂਸਲਿੰਗ ਦੇਣ ਦੇ ਪ੍ਰੋਗਰਾਮ ਦੀ ਸ਼ੁਰੂਆਤ ਕਰਵਾਈ ਹੈ। ਕੈਰੀਅਰ ਗਾਈਡੈਂਸ ਅਤੇ ਕਾਉਸਲਿੰਗਿ ਵਿਦਿਆਰਥੀਆ ਅਤੇ ਉਹਨਾ ਦੇ ਮਾਪਿਆਂ ਲਈ ਬਹੁਤ ਜਰੂਰੀ ਵਿਸ਼ਾ ਹੈ। ਅਸੀ ਇਸ ਵਿਸ਼ੇ ਨੂੰ ਹੋਰ ਪ੍ਰਫੁਲਤ ਕਰਨ ਲਈ ਮਾਨਯੋਗ ਮੁੱਖ ਮੰਤਰੀ ਅਤੇ ਸਿੱਖਿਆ ਮੰਤਰੀ ਜੀ ਨੂੰ ਆਪਣੇ ਸੁਝਾਅ ਭੇਜਾਂਗੇ ਇਸ ਮੋਕੇ ਜਿਲ੍ਹਾ ਗਾਈਡੈਂਸ ਕਾਊਸਲਰ ਸ੍ਰੀ ਪਰਮਿੰਦਰ ਸਿੰਘ ਸੈਣੀ, ਪਿੰਸੀਪਲ ਸ੍ਰੀ ਦੁਰਯੋਧਨ ਗੁਰਦਿਆਲ ਸਿੰਘ, ਪਿੰਸੀਪਲ ਸ੍ਰੀ ਅਮਰਜੀਤ ਸਿੰਘ ਭਾਟੀਆ, ਪ੍ਰਿੰਸੀਪਲ ਸ੍ਰੀ ਸੁਖਜਿੰਦਰਜੀਤ ਸਿੰਘ, ਅਤੇ ਗਗਨਦੀਪ ਸਿੰਘ ਧਾਲੀਵਾਲ ਨੇ ਮੁੱਖ ਮਹਿਮਾਨ, ਆਏ ਹੋਏ ਮਹਿਮਾਨਾਂ ਅਤੇ ਵਿਦਿਆਰਥੀਆਂ ਨੂੰ ਇਹ ਵਿਸ਼ਵਾਸ ਦਵਾਇਆ ਕਿ ਜਿਲ੍ਹਾ ਗੁਰਦਾਸਪੁਰ ਵਿਚ ਕੈਰੀਅਰ ਗਾਈਡੈਂਸ ਅਤੇ ਕਾਊਂਸਲਿੰਗ ਦਾ ਪ੍ਰੋਗਰਾਮ ਨਿਰਸਵਾਰਥ ਸੱਚੀ ਸੁੱਚੀ ਸੇਵਾ ਸਮਝ ਕਿ ਚਲਾਇਆ ਜਾਵੇਗਾ। ਵਿਦਿਆਰਥੀ ਅਤੇ ਉਨਾਂ ਦੇ ਮਾਪੇ ਸਵੇਰੇ 08:00 ਤੋਂ ਲੈ ਕਿ ਰਾਤੇ ਦੇ 08:00 ਵਜੇ ਤੱਕ ਹਫਤੇ ਦੇ ਸਾਰੇ ਦਿਨ ਕੈਰੀਅਰ ਗਾਈਡੈਂਸ ਤੇ ਕਾਊਂਸਲਿੰਗ ਲਈ ਸਪੰਰਕ ਕਰ ਸਕਦੇ ਹਨ।ਇਸ ਮੋਕੇ ਪ੍ਰੋਗਰਾਮ ਵਿਚ ਭਾਗ ਲੈਣ ਵਾਲੀਆ ਸਨਮਾਨ ਯੋਗ ਸਖਸ਼ੀਤਾਂ, ਮੁੱਖ ਮਹਿਮਾਨ ਜੀ ਅਤੇ ਹੋਣ ਹਾਰ ਵਿਦਿਆਰਥੀਆ ਨੂੰ ਸਨਮਾਨਿਤ ਕੀਤਾ ਗਿਆ।

# ਐਨ. ਆਰ. ਆਈ. ਤੂਰ ਛੋਕਰਾਂ ਵਲੋਂ ਆਪਣੇ ਜੱਦੀ ਪਿੰਡ ਛੋਕਰਾਂ ਦੇ ਸਰਕਾਰੀ ਪ੍ਰਾਇਮਰੀ ਸਕੂਲ ਨੂੰ ਇਨਵਰਟਰ ਦੀ ਸੇਵਾ ਕੀਤੀ




**ਸ਼ਹੀਦ ਭਗਤ ਸਿੰਘ ਨਗਰ /ਲੋਕ ਬਾਣੀ**

ਆਸ ਸੋਸ਼ਲ ਵੈੱਲਫੇਅਰ ਸੁਸਾਇਟੀ ਪੰਜਾਬ ਦੇ ਪ੍ਰਧਾਨ ਸੁਖਵਿੰਦਰ ਸਿੰਘ ਤੂਰ ਛੋਕਰਾਂ ਨੇ ਕਿਹਾ ਕਿ ਪੁਸ਼ਪਿੰਦਰ ਸਿੰਘ ਤੂਰ ਜੋ ਕਿ ਅੱਜ ਕੱਲ ਆਸਟ੍ਰੇਲੀਆ ਦੇ ਸ਼ਹਿਰ ਬ੍ਰਿਸਬੇਨ ’ਚ ਰਹਿ ਰਹੇ ਹਨ। ਉਹਨਾਂ ਕਿਹਾ ਕਿ ਪੁਸ਼ਪਿੰਦਰ ਸਿੰਘ ਤੂਰ ਅੱਛੇ ਗੀਤਕਾਰ, ਲੇਖਕ ਅਤੇ ਪੰਜਾਬੀ ਅਖ਼ਬਾਰ ਦੇ ਪੱਤਰਕਾਰ ਵੀ ਹਨ । ਉਹਨਾਂ ਕਿਹਾ ਕਿ ਪੁਸ਼ਪਿੰਦਰ ਸਿੰਘ ਤੂਰ ਸਮੇਂ - ਸਮੇਂ ਤੇ ਸਮਾਜਿਕ ਅਤੇ ਪਿੰਡ ਪੱਧਰ ਦੀਆਂ ਸੇਵਾਵਾਂ ਵਿੱਚ ਆਪਣਾ ਯੋਗਦਾਨ ਪਾਉਂਦੇ ਰਹਿੰਦੇ ਹਨ, ਉਹਨਾਂ ਵਲੋਂ ਆਸ ਸੋਸ਼ਲ ਵੈੱਲਫੇਅਰ ਸੁਸਾਇਟੀ ਪੰਜਾਬ ਦੇ ਬੈਨਰ ਹੇਠ ਆਪਣੇ ਜੱਦੀ ਪਿੰਡ ਛੋਕਰਾਂ ਦੇ ਸਰਕਾਰੀ ਪ੍ਰਾਇਮਰੀ ਸਕੂਲ ਲਈ ਆਪਣੀ ਨੇਕ ਕਮਾਈ ਵਿੱਚੋਂ 18000 ਰੁਪਏ ਦਾ ਯੋਗਦਾਨ ਪਾ ਕੇ ਇਨਵਰਟਰ ਦੀ ਸੇਵਾ ਕੀਤੀ ਗਈ ਅਤੇ ਆਸ ਸੋਸ਼ਲ ਵੈੱਲਫੇਅਰ ਸੁਸਾਇਟੀ ਲਈ ਵੀ 5100 ਰੁਪਏ ਦਾ ਅਲੱਗ ਤੋਂ ਯੋਗਦਾਨ ਪਾਇਆ ਗਿਆ ਹੈ ➡ ਇਸ ਮੌਕੇ ਆਸ ਸੋਸ਼ਲ ਵੈੱਲਫੇਅਰ ਸੁਸਾਇਟੀ ਪੰਜਾਬ ਦੇ ਪ੍ਰਧਾਨ ਸੁਖਵਿੰਦਰ ਸਿੰਘ ਤੂਰ ਛੋਕਰਾਂ ਦੇ ਨਾਲ ਪੁਸ਼ਪਿੰਦਰ ਸਿੰਘ ਤੂਰ ਦੇ ਪਿਤਾ ਜੀ ਸ. ਮਹਿੰਦਰ ਸਿੰਘ ਤੂਰ, ਸ. ਸਰਬਜੀਤ ਸਿੰਘ ਸਹੋਤਾ,ਸ. ਬਲਜੀਤ ਸਿੰਘ ਸੀ. ਐੱਚ. ਟੀ, ਮੈਡਮ ਨਿਸ਼ਾ ਹੈਡ ਟੀਚਰ, ਊਸ਼ਾ ਰਾਣੀ ਆਂਗਣਵਾੜੀ ਵਰਕਰ ਆਦਿ ਹਾਜ਼ਰ ਸਨ।

# ਖਾਲਸਾ ਕਾਲਜ ਵਿਖੇ ਲੱਗਿਆ 'ਵਿਸਾਖੀ ਮੇਲਾ ਰੌਣਕ-2022'

## ਹਰੇਕ ਇਨਸਾਨ ਆਪਣੀ ਸੱਭਿਅਤਾ ਅਤੇ ਵਿਰਸੇ ਦੀ ਰਾਖੀ 'ਤੇ ਪਹਿਰਾ ਦੇਵੇ : ਛੀਨਾ











**ਅੰਮ੍ਰਿਤਸਰ/ਨੇਹਾ ਗਿੱਲ**

ਇਕ ਇਨਸਾਨ ਦਾ ਸਭ ਤੋਂ ਅਹਿਮ ਤੇ ਮੁੱਢਲਾ ਫ਼ਰਜ਼ ਹੁੰਦਾ ਹੈ ਕਿ ਉਹ ਆਪਣੀ ਸੱਭਿਅਤਾ ਅਤੇ ਵਿਰਸੇ ਦੀ ਰਾਖੀ 'ਤੇ ਪਹਿਰਾ ਦੇਵੇ ਅਤੇ ਆਪਣੀ ਲੋਕਚਾਰੀ ਅਤੇ ਵਿਰਾਸਤ ਨੂੰ ਸੰਭਾਲਣ ਲਈ ਯਤਨਸ਼ੀਲ ਰਹੇ। ਕਿਉਂਕਿ ਅੱਜ ਦੇ ਅਤਿ-ਆਧੁਨਿਕ ਯੁੱਗ 'ਤੇ ਨੌਜਵਾਨ ਪੀੜ੍ਹੀ ਆਪਣੇ ਸੱਭਿਆਚਾਰ ਤੋਂ ਦੂਰ ਹੁੰਦੀ ਜਾ ਰਹੀ ਹੈ। ਜਿਸ ਨੂੰ ਅਜੋਕੇ ਸਮੇਂ 'ਚ ਆਪਣੇ ਵਿਰਸੇ ਅਤੇ ਸੱਭਿਅਤਾ ਨਾਲ ਜੋੜ੍ਹਨਾ ਬਹੁਤ ਜ਼ਰੂਰੀ ਹੈ, ਕਿਉਂਕਿ ਜੇਕਰ ਅਸੀ ਆਪਣੀ ਵਿਰਾਸਤ ਤੋਂ ਪੱਛੜ ਗਏ ਤਾਂ ਆਉਣ ਵਾਲੇ ਸਮੇਂ 'ਚ ਪੰਜਾਬ, ਪੰਜਾਬੀ ਅਤੇ ਪੰਜਾਬੀਅਤ ਦੀ ਹੋਂਦ ਖ਼ਤਰੇ 'ਚ ਆ ਜਾਵੇਗੀ। ਇਹ ਵਿਚਾਰ ਖ਼ਾਲਸਾ ਕਾਲਜ ਗਵਰਨਿੰਗ ਕੌਂਸਲ ਦੇ ਆਨਰੇਰੀ ਸਕੱਤਰ ਸ: ਰਜਿੰਦਰ ਮੋਹਨ ਸਿੰਘ ਛੀਨਾ ਨੇ ਕਾਲਜ ਕੈਂਪਸ ਦੇ ਕ੍ਰਿਕੇਟ ਮੈਦਾਨ ਵਿਖੇ ਅੱਜ 'ਵਿਸਾਖੀ ਮੇਲਾ ਰੌਣਕ-2022' ਮੇਲੇ ਦਾ ਰੀਬਨ ਕੱਟ ਕੇ ਅਗਾਜ਼ ਕਰਨ ਉਪਰੰਤ ਆਪਣੇ ਸੰਬੋਧਨ 'ਚ ਵਿਅਕਤ ਕੀਤੇ। ਇਸ ਮੌਕੇ ਉਨ੍ਹਾਂ ਨਾਲ ਕਾਲਜ ਪ੍ਰਿੰਸੀਪਲ ਡਾ. ਮਹਿਲ ਸਿੰਘ, ਰਜਿਸਟਰਾਰ ਪ੍ਰੋ: ਦਵਿੰਦਰ ਸਿੰਘ ਵੀ ਮੌਜ਼ੂਦ ਸਨ।

ਇਸ ਮੌਕੇ ਸ: ਛੀਨਾ ਨੇ ਦਸਮ ਪਿਤਾ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੁਆਰਾ ਖ਼ਾਲਸਾ ਪੰਥ ਦੀ ਸਾਜਨਾ ਬਾਰੇ ਚਾਨਣਾ ਪਾਉਂਦਿਆਂ ਵਿਸਾਖੀ ਦੀ ਮਹੱਤਤਾ ਦੱਸਦਿਆਂ ਕਿਹਾ ਕਿ ਖ਼ਾਲਸਾ ਪੰਥ ਸਾਜਨਾ ਦਿਵਸ ਨੂੰ ਮਨਾਉਂਦਿਆਂ ਸਾਨੂੰ ਗੁਰੂ ਸਾਹਿਬ ਵੱਲੋਂ ਖ਼ਾਲਸਾ ਸਾਜਣ ਦੇ ਮੰਤਵ ਨੂੰ ਸਨਮੁੱਖ ਰੱਖਣਾ ਜ਼ਰੂਰੀ ਹੈ। ਉਨ੍ਹਾਂ ਨੇ ਇਸ ਗੱਲ 'ਤੇ ਜ਼ੋਰ ਦਿੰਦਿਆਂ ਕਿਹਾ ਕਿ ਨਵੀਂ ਪੀੜ੍ਹੀ ਨੂੰ ਸਿੱਖੀ ਸਰੂਪ ਦੀ ਗੌਰਵ ਗਾਥਾ ਬਾਰੇ ਜਾਣਕਾਰੀ ਹੋਣੀ ਚਾਹੀਦੀ ਹੈ।

ਇਸ ਮੌਕੇ ਪ੍ਰਿੰ: ਡਾ. ਮਹਿਲ ਸਿੰਘ ਨਾਲ ਟਾਂਗੇ 'ਤੇ ਸਵਾਰ ਹੋ ਕੇ ਮੇਲੇ ਦਾ ਉਦਘਾਟਨ ਕਰਨ ਪੁੱਜੇ ਸ: ਛੀਨਾ ਨੇ ਮੇਲੇ 'ਚ ਲਗਾਏ ਗਏ ਵੱਖ ਵੱਖ ਸਟਾਲਾਂ ਅਤੇ ਸੱਭਿਅਤਾ ਨਾਲ ਭਰਪੂਰ ਪੁਰਾਤਨ ਵੇਲੇ ਦੀ ਝਲਕ ਪੇਸ਼ ਕਰਦੀਆਂ ਕਲਾਕ੍ਰਿਤੀਆਂ, ਚਿੱਤਰਕਾਰੀਆਂ, ਪੁਰਾਤਨ ਰਵਾਇਤਾਂ ਫੁਲਕਾਰੀ, ਦਾਣੇ ਭੁੰਨਦੀ ਭੱਠੀ ਵਾਲੀ, ਘੋੜੇ ਦੁਆਰਾ ਪੇਸ਼ ਕੀਤਾ ਗਿਆ ਡਾਂਸ ਤੇ ਅਭਿਨੰਦਨ ਆਦਿ ਦਾ ਆਨੰਦ ਮਾਣਿਆ। ਕਾਲਜ ਵਿਖੇ ਪੰਜਾਬੀ ਸੱਭਿਅਤਾ ਦੇ ਰੀਤੀ-ਰਿਵਾਜਾਂ ਅਤੇ ਪੁਰਾਤਨ ਪਹਿਰਾਵਿਆਂ ਦੀ ਖ਼ੁਸ਼ਬੂ ਨੂੰ ਬਿਖੇਰਦਿਆ ਉਨ੍ਹਾਂ ਸੁਨਿਹਰੀ ਪਲਾਂ ਨੂੰ ਅੱਜ ਦੀ ਨੌਜਵਾਨ ਪੀੜ੍ਹੀ ਨੂੰ ਜਾਣੂ ਕਰਵਾਉਂਦਿਆ 'ਰੌਣਕ ਵਿਸਾਖੀ ਮੇਲਾ-2022' ਦੇ ਆਯੋਜਨ ਮੌਕੇ ਆਪਣੇ ਵਿਰਸੇ ਦੀਆਂ ਮਿੱਠੀਆਂ ਯਾਦਾਂ ਦੇ ਖਿਆਲਾਂ 'ਚ ਝੂਮਦਾ ਹੋਇਆ ਸਮੂਹ ਕਾਲਜ ਆਨੰਦ ਮਾਣਦਾ ਨਜ਼ਰੀ ਆਇਆ। ਮੇਲੇ 'ਚ ਪੰਜਾਬ ਦੀ ਪ੍ਰਾਚੀਨ ਰਵਾਇਤ ਦੀ ਦਿਲਕਸ਼ ਝਲਕ ਨੇ ਸਭਨਾ ਦਾ ਮਨ ਮੋਹ ਲਿਆ। ਮੇਲਾ 'ਚ ਵੱਖ-ਵੱਖ ਤਰ੍ਹਾਂ ਝੂਟਿਆਂ ਦਾ ਆਨੰਦ ਮਾਣਦੇ ਹੋਏ ਵਿਦਿਆਰਥੀਆਂ ਨੇ ਖਿੜਖਿੜਾਉਂਦੇ ਚਿਹਰਿਆਂ ਨਾਲ ਇਕ ਦੂਜੇ 'ਤੇ ਹਾਸਰਸ ਵਿਅੰਗ ਕੱਸਣ, ਝਰਖਾ ਕੱਤਣ, ਫੁਲਕਾਰੀ ਕੱਢਦੀਆਂ ਮੁਟਿਆਰਾਂ, ਪੰਜਾਬੀ ਗਾਇਕੀ, ਭੰਗੜਾ, ਗੱਤਕਾ, ਗਿੱਧਾ-ਬੋਲੀਆਂ, ਡਾਂਸ ਆਦਿ ਨੇ ਮਾਹੌਲ ਨੂੰ ਬੰਨ੍ਹੀ ਰੱਖਿਆ। ਇਸ ਮੌਕੇ ਸ: ਛੀਨਾ ਨੇ ਮੇਲੇ ਸਬੰਧੀ ਕੀਤੇ ਗਏ ਸ਼ਾਨਦਾਰ ਪ੍ਰਬੰਧਾਂ ਲਈ ਪ੍ਰਿੰ: ਡਾ. ਮਹਿਲ ਸਿੰਘ ਦੀ ਸ਼ਲਾਘਾ ਕੀਤੀ ਅਤੇ ਅਜਿਹੇ ਮੇਲਿਆਂ ਨੂੰ ਮਨਾਉਣ ਲਈ ਉਤਸ਼ਾਹਿਤ ਕੀਤਾ। ਇਸ ਮੌਕੇ ਡਾ. ਮਹਿਲ ਸਿੰਘ ਨੇ ਕਿਹਾ ਕਿ ਅਜੋਕੇ ਸਮੇਂ ਦੀ ਰਫ਼ਤਾਰ ਨੇ ਇਨ੍ਹਾਂ ਮੇਲਿਆਂ ਨੂੰ ਸਿਰਫ਼ ਪੁਸਤਕਾਂ ਤੱਕ ਹੀ ਸੀਮਤ ਕਰਕੇ ਰੱਖ ਦਿੱਤਾ ਹੈ, ਜਿਸ ਦੇ ਅੱਖੀਂ ਡਿੱਠੇ ਨਜ਼ਾਰੇ ਤੋਂ ਨੌਜਵਾਨ ਪੀੜ੍ਹੀ ਬਿਲਕੁਲ ਵੀ ਵਾਕਿਫ਼ ਨਹੀਂ ਹੈ, ਜੋ ਪੰਜਾਬੀ ਵਿਰਸੇ ਦੀ ਹੋਂਦ ਲਈ ਖ਼ਤਰੇ ਦਾ ਸੰਕੇਤ ਹੈ। ਇਸ ਲਈ ਆਉਣ ਵਾਲੀ ਪੀੜ੍ਹੀ ਨੂੰ ਵਿਰਸੇ ਨਾਲ ਜੋੜਣ ਰੱਖਣ ਲਈ ਸਮੇਂ-ਸਮੇਂ 'ਤੇ ਅਜਿਹੇ ਤਿਉਹਾਰ ਤੇ ਮੇਲੇ ਜਰੂਰ ਮਨਾਉਣੇ ਚਾਹੀਦੇ ਹਨ, ਜਿਸ ਨਾਲ ਵਿਰਸੇ ਤੋਂ ਜਾਣੂ ਹੋਣ ਦੇ ਨਾਲ-ਨਾਲ ਇਨਸਾਨ ਆਪਣੀ ਚਿੰਤਾ ਭਰੀ ਜ਼ਿੰਦਗੀ ਤੋਂ ਨਿਜਾਤ ਪਾਉਂਦਾ ਮਹਿਸੂਸ ਕਰਦਾ ਹੈ। ਉਨ੍ਹਾਂ ਸਮੂੰਹ ਸਮਾਜ ਸੇਵੀ ਸੰਸਥਾਵਾਂ, ਵਿੱਦਿਅਕ ਅਦਾਰਿਆਂ ਅਤੇ ਪੰਜਾਬੀ ਵਿਰਸੇ ਦੇ ਪ੍ਰੇਮੀਆਂ ਨੂੰ ਅਪੀਲ ਕਰਦਿਆ ਕਿਹਾ ਅਜਿਹੇ ਤਿਉਹਾਰਾਂ ਨੂੰ ਜਿਉਂਦੇ ਰੱਖਣ ਲਈ ਵਿਸ਼ੇਸ਼ ਉਪਰਾਲੇ ਕਰਨੇ ਚਾਹੀਦੇ ਹਨ ਤਾਂ ਸਾਡਾ ਵਿਰਸਾ ਤੇ ਮਾਂ ਬੋਲੀ ਲੁਪਤ ਨਾ ਹੋ ਸਕੇ। ਇਸ ਮੌਕੇ ਪੰਘੂੜੇ, ਵੱਖ-ਵੱਖ ਪਕਵਾਨਾਂ, ਸਟੇਸ਼ਨਰੀ, ਮੁਨਿਆਰੀ ਅਤੇ ਸਾਜੋ-ਸਮਾਨ ਆਦਿ ਦੇ ਸਟਾਲ ਵੀ ਲਗਾਏ। ਇਸੇ ਮੌਕੇ ਕਾਲਜ ਰਜਿਸਟਰਾਰ ਪ੍ਰੋ: ਦਵਿੰਦਰ ਸਿੰਘ, ਦੀਪਕ ਦੇਵਗਨ, ਐੱਨ. ਕੇ. ਸ਼ਰਮਾ, ਪ੍ਰੋ: ਸਤਨਾਮ ਸਿੰਘ ਸਮੂੰਹ ਕਾਲਜ ਸਟਾਫ਼ ਅਤੇ ਵਿਦਿਆਰਥੀ ਮੌਜ਼ੂਦ ਸਨ।

## ਆਂਗਨਵਾੜੀ ਯੂਨੀਅਨ ਪੰਜਾਬ ਵੱਲੋਂ ਹਰਿਆਣਾ ਅਤੇ ਕੇਂਦਰ ਸਰਕਾਰ ਦਾ ਪੁਤਲਾ ਸਾੜ ਕੇ ਕੀਤਾ ਪ੍ਰਦਰਸ਼ਨ

**ਸਹੀਦ ਭਗਤ ਸਿੰਘ ਨਗਰ/ਲੋਕ ਬਾਣੀ**

ਆਂਗਨਵਾੜੀ ਮੁਲਾਜ਼ਮ ਯੂਨੀਅਨ ਪੰਜਾਬ ਸੀਟੂ ਵੱਲੋਂ ਬੰਗਾ ਵਿਖੇ ਬਲਾਕ ਪ੍ਰਧਾਨ ਨਿਰਮਲ ਕੌਰ ਦੀ ਅਗਵਾਈ ਵਿਚ ਇਕੱਠੇ ਹੋ ਕੇ ਕੇਂਦਰ ਅਤੇ ਹਰਿਆਣਾ ਸਰਕਾਰ ਦੇ ਖਿਲਾਫ ਨਾਅਰੇਬਾਜ਼ੀ ਕੀਤੀ ਉਨ੍ਹਾਂ ਮੰਗ ਕੀਤੀ ਕਿ ਪਿਛਲੇ 8 ਦਸੰਬਰ 2021 ਤੋਂ ਆਂਗਨਵਾੜੀ ਵਰਕਰ ਅਤੇ ਹੈਲਪਰ ਭੈਣਾਂ ਆਪਣੀਆਂ ਹੱਕੀ ਅਤੇ ਜਾਇਜ਼ ਮੰਗਾਂ ਲਈ ਲਗਾਤਾਰ ਹੜਤਾਲ ਕਰਕੇ ਆਪਣੀਆਂ ਮੰਗਾਂ ਲਈ ਸੜਕਾਂ ਉੱਤੇ ਹਨ।ਬਲਾਕ ਪ੍ਰਧਾਨ ਨਿਰਮਲ ਕੌਰ ਨੇ ਕਿਹਾ ਕਿ ਕੇਂਦਰ ਅਤੇ ਹਰਿਆਣਾ ਸਰਕਾਰ ਵੱਲੋਂ ਅਪਣਾਏ ਅੜੀਅਲ ਰਵੱਈਏ ਦੀ ਸਖਤ ਸ਼ਬਦਾਂ ਵਿਚ ਨਿੰਦਿਆ ਕਰਦੇ ਹੋਏ ਕਿਹਾ ਕਿ ਦਿੱਲੀ ਸਰਕਾਰ ਵੱਲੋਂ ਲਾਏ ਐਸਮਾ ਵਰਗੇ ਕਾਨੂੰਨਾਂ ਦਾ ਇਸਤੇਮਾਲ ਕਰ ਹੱਕਾਂ ਦੀ ਲੜਾਈ ਉਤੇ ਰੋਕ ਲਾਉਣਾ ਮੁਲਾਜ਼ਮ ਅਤੇ ਮਜ਼ਦੂਰ ਹਿੱਤ ਵਿਰੋਧੀ ਰਵੱਈਆ ਹੈ।ਉਨ੍ਹਾਂ ਆਖਿਆ ਕਿ ਆਂਗਣਵਾੜੀ ਵਰਕਰ ਹੈਲਪਰ ਸਰਕਾਰ ਵੱਲੋਂ ਘੋਸ਼ਿਤ ਕੀਤੀਆਂ ਹੋਈਆਂ ਹੀ ਮੰਗਾਂ ਨੂੰ ਮੰਗ ਰਹੇ ਹਨ ਨਾ ਕਿ ਉਸ ਤੋਂ ਵੱਧ ਦੀ ਕੋਈ ਮੰਗ ਹੈ।ਆਂਗਣਵਾੜੀ ਮੁਲਾਜ਼ਮ ਯੂਨੀਅਨ ਵੱਲੋਂ ਹਰਿਆਣਾ ਅਤੇ ਕੇਂਦਰ ਸਰਕਾਰ ਦਾ ਪੁਤਲਾ ਸਾੜਦੇ ਹੋਏ ਮੰਗ ਕੀਤੀ ਕਿ ਹੜਤਾਲ ਦੌਰਾਨ ਜਿਨ੍ਹਾਂ ਵਰਕਰ ਅਤੇ ਹੈਲਪਰ ਭੈਣਾਂ ਦੀਆਂ ਸੇਵਾਵਾਂ ਸਮਾਪਤ ਕੀਤੀਆਂ ਗਈਆਂ ਹਨ ਉਨ੍ਹਾਂ ਨੂੰ ਬਿਨਾਂ ਸ਼ਰਤ ਬਹਾਲ ਕੀਤਾ ਜਾਵੇ ਅਤੇ ਮੰਨੀਆਂ ਮੰਗਾਂ ਨੂੰ ਤੁਰੰਤ ਲਾਗੂ ਕੀਤਾ ਜਾਵੇ।ਇਸ ਮੌਕੇ ਆਂਗਨਵਾੜੀ ਯੂਨੀਅਨ ਵੱਲੋਂ ਆਪ ਆਗੂ ਹਰਜੋਤ ਕੌਰ ਲੋਹਟੀਆ ਨੂੰ ਮੰਗ ਪੱਤਰ ਦਿੱਤਾ ਗਿਆ। ਉਨ੍ਹਾਂ ਕਿਹਾ ਕਿ ਜੇਕਰ ਕੇਂਦਰ ਸਰਕਾਰ ਨੇ ਉਕਤ ਮੰਗਾਂ ਨਾ ਮੰਨੀਆਂ ਤਾਂ ਸੰਘਰਸ਼ ਹੋਰ ਤਿੱਖਾ ਕੀਤਾ ਜਾਵੇਗਾ।ਇਸ ਮੌਕੇ ਪ੍ਰਧਾਨ ਨਿਰਮਲ ਕੌਰ, ਸੈਕਟਰੀ ਜਸਬੀਰ ਕੌਰ, ਖਜਾਨਚੀ ਸੁਖਜੀਤ ਕੌਰ, ਪਰਮਜੀਤ ਕੌਰ, ਵੀਨਾ ਕੁਮਾਰੀ, ਰਣਵੀਰ ਕੌਰ, ਕੁਲਵਿੰਦਰ ਕੌਰ, ਇੰਦਰਜੀਤ ਕੌਰ, ਪਰਮਜੀਤ ਕੌਰ ਆਦਿ ਤੋਂ ਇਲਾਵਾ ਹੋਰ ਵਰਕਰਾਂ ਮੌਜੂਦ ਸਨ।



## ਪੱਦੀ ਮੱਠਵਾਲੀ ਦੇ ਨੌਜਵਾਨ ਨੇ ਪੱਖੇ ਨਾਲ ਲਟਕ ਕੇ ਕੀਤੀ ਜੀਵਨ ਲੀਲਾ ਸਮਾਪਤ

**ਸ਼ਹੀਦ ਭਗਤ ਸਿੰਘ ਨਗਰ/ਲੋਕ ਬਾਣੀ**

ਬਲਾਕ ਬੰਗਾ ਦੇ ਪਿੰਡ ਮੱਠਵਾਲੀ ਵਿਖੇ ਸੰਦੀਪ ਕੁਮਾਰ ਨੌਜਵਾਨ ਵੱਲੋਂ ਪੱਖੇ ਨਾਲ ਲਟਕ ਕੇ ਜੀਵਨ ਲੀਲਾ ਸਮਾਪਤ ਕਰਨ ਦਾ ਸਮਾਚਾਰ ਪ੍ਰਾਪਤ ਹੋਇਆ।ਏ ਐਸ ਆਈ ਪਰਸ਼ੋਤਮ ਲਾਲ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੱਦੀਮੱਠ ਵਾਲੀ ਦੇ ਸੰਦੀਪ ਕੁਮਾਰ ਨੇ ਆਪਣੀ ਘਰਵਾਲੀ ਨੂੰ ਸਵੇਰੇ ਕਿਹਾ ਕਿ ਮੇਰੇ ਲਈ ਚਾਹ ਬਣਾ ਕੇ ਲਿਆ। ਜਦੋਂ ਉਹ ਚਾਹ ਬਣਾਉਣ ਚਲੀ ਗਈ ਤਾਂ ਉਸ ਤੋਂ ਉਪਰੰਤ ਸੰਦੀਪ ਕੁਮਾਰ ਪੁੱਤਰ ਰਾਮ ਲੁਭਾਇਆ ਵਾਸੀ ਪੱਦੀਮੱਠ ਵਾਲੀ ਉਮਰ ਕਰੀਬ 35 ਸਾਲ ਜਿਸ ਦੇ ਤਿੰਨ ਬੱਚੇ ਵੀ ਸਨ ਨੇ ਪੱਖੇ ਨਾਲ ਫਾਹਾ ਲੈ ਕੇ ਆਤਮਹੱਤਿਆ ਕਰ ਲਈ।ਉਨ੍ਹਾਂ ਦੱਸਿਆ ਕਿ ਸਾਨੂੰ ਸਵੇਰੇ ਕੰਟਰੋਲ ਰੂਮ ਤੋਂ ਫੋਨ ਆਇਆ ਕਿ ਪਿੰਡ ਪੱਦੀਮੱਠ ਵਾਲੀ ਵਿਖੇ ਇਕ ਨੌਜਵਾਨ ਨੇ ਆਤਮਹੱਤਿਆ ਕਰ ਲਈ ਹੈ।ਤੇ ਅਸੀਂ ਤੁਰੰਤ ਪਹੁੰਚ ਕੇ ਲਾਸ਼ ਨੂੰ ਕਬਜ਼ੇ ਚ ਲੈ ਕੇ ਪੋਸਟ ਮਾਰਟਮ ਲਈ ਸਿਵਲ ਹਸਪਤਾਲ ਲਿਆ ਕੇ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

# ਮਾਮਲਾ ਸਿੱਖੀ ਭਾਵਨਾਵਾਂ ਦੇ ਉਲਟ ਬਣੀ ਐਨੀਮੇਸ਼ਨ ਫਿਲਮ ਤੇ ਪਾਬੰਦੀ ਲਗਾਉਣ ਦਾ

## ਭਾਈ ਪ੍ਰਦੀਪ ਸਿੰਘ ਇਆਲੀ ਤੇ ਜੱਥੇ.ਤਰਨਜੀਤ ਸਿੰਘ ਨਿਮਾਣਾ ਨੇ ਡੀ.ਸੀ ਲੁਧਿਆਣਾ ਨੂੰ ਸੌਂਪਿਆ ਮੰਗ ਪੱਤਰ

## ਗੁਰੂ ਸਾਹਿਬਾਨ ਨੂੰ ਐਨੀਮੇਸ਼ਨ ਦੇ ਰੂਪ 'ਚ ਨਹੀਂ ਦਿਖਾਇਆ ਜਾ ਸਕਦਾ-ਜੱਥੇ.ਨਿਮਾਣਾ, ਭਾਈ ਪ੍ਰਦੀਪ ਸਿੰਘ

**ਲੁਧਿਆਣਾ/ਕਰਨੈਲ ਸਿੰਘ ਐਮ.ਏ**

ਸਿੱਖ ਯੂਥ ਪਾਵਰ ਆਫ਼ ਪੰਜਾਬ ਦੇ ਪ੍ਰਧਾਨ ਭਾਈ ਪ੍ਰਦੀਪ ਸਿੰਘ ਇਆਲੀ ਤੇ ਭਾਈ ਘਨੱਈਆ ਜੀ ਮਿਸ਼ਨ ਸੇਵਾ ਸੁਸਾਇਟੀ ਦੇ ਮੁੱਖ ਸੇਵਾਦਾਰ ਜੱਥੇਦਾਰ ਤਰਨਜੀਤ ਸਿੰਘ ਨਿਮਾਣਾ ਦੀ ਅਗਵਾਈ ਹੇਠ ਇੱਕਤਰ ਹੋਏ ਦੋਹਾਂ ਜੱਥੇਬੰਦੀਆਂ ਦੇ ਪ੍ਰਮੁੱਖ ਆਗੂਆਂ ਨੇ ਅੱਜ ਸਾਂਝੇ ਤੌਰ ਤੇ ਡਿਪਟੀ ਕਮਿਸ਼ਨਰ ਲੁਧਿਆਣਾ ਸ੍ਰੀ ਵਰਿੰਦਰ ਕੁਮਾਰ ਸਰਮਾ ਨੂੰ ਇੱਕ ਮੰਗ ਪੱਤਰ ਸੋਪ ਕੇ ਕੇਂਦਰ ਅਤੇ ਪੰਜਾਬ ਸਰਕਾਰ ਤੋ ਜ਼ੋਰਦਾਰ ਮੰਗ ਕੀਤੀ ਕਿ ਸਿੱਖੀ ਭਾਵਨਾਵਾਂ ਦੇ ਉਲਟ ਨਿਹਾਲ ਨਿਹਾਲ ਨਿਹਾਲ ਪ੍ਰੋਡਕਸ਼ਨ ਵੱਲੋਂ ਮਾਤਾ ਸਾਹਿਬ ਕੌਰ ਜੀ ਦੀ ਜੀਵਨੀ ਤੇ ਬਣਾਈ ਗਈ ਐਨੀਮੇਸ਼ਨ ਫਿਲਮ ਨੂੰ ਕਿਸੇ ਵੀ ਕੀਮਤ ਤੇ ਦੇਸ਼ ਦੇ ਸਿਨੇਮਾ ਘਰਾਂ ਵਿੱਚ ਰਿਲੀਜ਼ ਨਾਹ ਹੋਣ ਦਿੱਤਾ ਜਾਵੇ ਅਤੇ ਫਿਲਮ ਉਪਰ ਤਰੁੰਤ ਪੂਰਨ ਰੂਪ ਵਿੱਚ ਪਾਬੰਦੀ ਲਗਾਈ ਜਾਵੇ।ਇਸ ਦੌਰਾਨ ਪੱਤਰਕਾਰਾਂ ਦੇ ਨਾਲ ਵਿਸ਼ੇਸ਼ ਤੌਰ ਤੇ ਗੱਲਬਾਤ ਕਰਦਿਆਂ ਸਿੱਖ ਯੂਥ ਪਾਵਰ ਆਫ਼ ਪੰਜਾਬ ਦੇ ਪ੍ਰਧਾਨ ਭਾਈ ਪ੍ਰਦੀਪ ਸਿੰਘ ਇਆਲੀ ਤੇ ਭਾਈ ਘਨੱਈਆ ਜੀ ਮਿਸ਼ਨ ਸੇਵਾ ਸੁਸਾਇਟੀ ਦੇ ਮੁੱਖ ਸੇਵਾਦਾਰ ਜੱਥੇਦਾਰ ਤਰਨਜੀਤ ਸਿੰਘ ਨਿਮਾਣਾ ਨੇ ਕਿਹਾ ਕਿ ਮਾਤਾ ਸਾਹਿਬ ਕੌਰ ਜੀ ਦੀ ਜੀਵਨ ਉਪਰ ਨਿਹਾਲ ਨਿਹਾਲ ਨਿਹਾਲ ਪ੍ਰੋਡਕਸ਼ਨ(ਮਾਤਾ ਸਾਹਿਬ ਕੌਰ ਐਜੂਕੇਸ਼ਨ ਟਰੱਸਟ ਯੂ.ਕੇ) ਵੱਲੋ ਬਣਾਈ ਗਈ ਐਨੀਮੇਸ਼ਨ ਫਿਲਮ ਨੂੰ ਕਿਸੇ ਵਿ ਕੀਮਤ ਤੇ 14 ਅਪ੍ਰੈਲ ਨੂੰ ਰਿਲੀਜ਼ ਨਹੀਂ ਹੋਣ ਦਿੱਤਾ ਜਾਵੇਗਾ।ਦੋਹਾਂ ਆਗੂਆਂ ਨੇ ਉਕਤ ਐਨੀਮੇਸ਼ਨ ਫਿਲਮ ਪ੍ਰਤੀ ਆਪਣਾ ਸਖ਼ਤ ਇਤਰਾਜ਼ ਪ੍ਰਗਟ ਕਰਦਿਆਂ ਕਿਹਾ ਕਿ ਸਿੱਖ ਸਿਧਾਂਤਾਂ ਤੇ ਇਤਿਹਾਸ ਦੇ ਉਲਟ ਬਣਾਈ ਗਈ ਉਕਤ ਫਿਲਮ ਦੀ ਸਕਰਿਪਟ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਵਿਦਵਾਨਾਂ ਦੀ ਸਬ ਕਮੇਟੀ ਪਹਿਲਾਂ ਹੀ ਰੱਦ ਕਰ ਚੁੱਕੀ ਹੈ,ਕਿਉ ਕਿ ਫਿਲਮ ਵਿੱਚ ਬਹੁਤ ਸਾਰੀਆਂ ਕਮੀਆਂ ਪਾਈਆਂ ਗਈਆਂ ਸਨ। ਆਪਣੀ ਗੱਲਬਾਤ ਦੌਰਾਨ ਜਥੇਦਾਰ ਨਿਮਾਣਾ ਅਤੇ ਭਾਈ ਪ੍ਰਦੀਪ ਸਿੰਘ ਇਆਲੀ ਨੇ ਕਿਹਾ ਕਿ ਸ਼੍ਰੀ ਅਕਾਲ ਤਖਤ ਸਾਹਿਬ ਤੋ ਜਾਰੀ ਹੋਏ ਆਦੇਸ਼ਾਂ ਅਨੁਸਾਰ ਗੁਰੂ ਸਾਹਿਬਾਨ ਨੂੰ ਐਨੀਮੇਸ਼ਨ ਦੇ ਰੂਪ ਵਿੱਚ ਨਹੀ ਦਿਖਾਇਆ ਜਾ ਸਕਦਾ ਦੂਜੀ ਗੱਲ ਇਤਿਹਾਸਕ ਤੱਥਾਂ ਅਨੁਸਾਰ ਉਕਤ ਫਿਲਮ ਦੀ ਕਹਾਣੀ ਕੋਈ ਤਰਤੀਬਵਾਰ ਨਹੀਂ ਹੈ। ਜਿਸ ਦੇ ਸਦਕਾ ਸ਼੍ਰੋਮਣੀ ਕਮੇਟੀ ਨੇ ਵੱਡੀਆਂ ਇਤਿਹਾਸਕ ਉਨਤਾਈਆਂ ਨੂੰ ਦੇਖਦਿਆਂ ਹੋਇਆ ਫਿਲਮ ਨੂੰ ਪਾਸ ਕਰਨ ਤੋ ਨਾਹ ਕਰ ਦਿੱਤੀ ਗਈ ਸੀ।ਪਰ ਇਸ ਦੇ ਬਾਵਜੂਦ ਉਕਤ ਫਿਲਮ ਬਣਾਉਣ ਵਾਲੇ ਪ੍ਰਬੰਧਕਾਂ ਨੇ ਫਿਲਮ ਰਿਲੀਜ਼ ਕਰਨ ਦਾ ਐਲਾਨ ਕਰਕੇ ਸਿੱਖ ਸੰਗਤਾਂ ਦੀਆਂ ਧਾਰਮਿਕ ਭਾਵਨਾਵਾਂ ਨਾਲ ਖਿਲਵਾੜ ਕਰ ਰਹੀ ਹੈ। ਜਿਸ ਨੂੰ ਸਮੁੱਚੀ ਸਿੱਖ ਕੌਮ ਕਦਾ ਚਿੱਤ ਬਰਦਾਸ਼ਤ ਨਹੀਂ ਕਰੇਗੀ। ਇਸ ਮੌਕੇ ਸਿੱਖ ਯੂਥ ਪਾਵਰ ਆਫ ਪੰਜਾਬ ਜਿਲ੍ਹਾ ਪ੍ਰਧਾਨ ਭਾਈ ਜਰਨੈਲ ਸਿੰਘ ਬੈਂਸ ਨੇ ਕਿਹਾ ਕਿ ਸਿੱਖ ਵਿਰੋਧੀ ਤਾਕਤਾਂ ਪਿਛਲੇ ਲੰਮੇ ਸਮੇਂ ਤੋ ਇਸ ਤਰ੍ਹਾਂ ਦੀਆਂ ਘਿਨੌਣੀਆ ਸ਼ਰਾਰਤਾਂ ਕਰਕੇ ਸਿੱਖ ਕੌਮ ਦੇ ਮਾਣ ਸਨਮਾਨ ਢਾਹ ਲਗਾਉਣ ਖਾਸ ਕਰਕੇ ਫਿਲਮੀ ਕਿਰਦਾਰਾਂ ਰਾਹੀਂ ਸਿੱਖਾਂ ਦੇ ਅਕਸ ਨੂੰ ਖਰਾਬ ਕਰਨ ਦੀਆਂ ਨਾਪਾਕ ਕੋਸ਼ਿਸ਼ਾਂ ਕਰਦਿਆਂ ਆ ਰਹੀਆਂ ਹਨ। ਜਿਸ ਨੂੰ ਰੋਕਣ ਦੇ ਲਈ ਸਮੁੱਚੇ ਸਿੱਖ ਪੰਥ ਨੂੰ ਇੱਕਜੁੱਟਤਾ ਦੇ ਨਾਲ ਆਪਣੀ ਆਵਾਜ਼ ਬੁਲੰਦ ਕਰਨੀ ਹੋਵੇਗੀ।ਉਨ੍ਹਾਂ ਨੇ ਕੇਂਦਰ ਤੇ ਪੰਜਾਬ ਸਰਕਾਰ ਦੇ ਉੱਚ ਅਧਿਕਾਰੀਆਂ ਤੋ ਮੰਗ ਕੀਤੀ ਕਿ ਸਮੁੱਚੀ ਸਿੱਖ ਕੌਮ ਦੀਆਂ ਧਾਰਮਿਕ ਭਾਵਨਾਵਾਂ ਨੂੰ ਸਮਝ ਦੇ ਹੋਏ ਉਕਤ ਐਨੀਮੇਸ਼ਨ ਫਿਲਮ ਤੇ ਤੁਰੰਤ ਰੋਕ ਲਗਾਈ ਜਾਵੇ ਤਾਂ ਕੀ ਹਰ ਹਾਲਤ ਵਿੱਚ ਦੇਸ਼ ਤੇ ਪੰਜਾਬ ਅੰਦਰ ਸ਼ਾਤੀ ਤੇ ਅਮਨ ਵਾਲਾ ਮਾਹੌਲ ਕਾਇਮ ਰੱਖਿਆ ਜਾ ਸਕੇ। ਇਸ ਮੌਕੇ ਕੁਲਦੀਪ ਸਿੰਘ ਲਾਂਬਾ,ਦੀਪਜੋਤ ਸਿੰਘ, ਸੁਖਪ੍ਰੀਤ ਸਿੰਘ ਸੁਖੀ, ਪ੍ਰੇਮ ਸਿੰਘ,ਰਾਣਾ ਸਿੰਘ, ਰਘਬੀਰ ਸਿੰਘ, ਗੁਰਦੌਰ ਸਿੰਘ ਹਾਜਰ ਸਨ।



# ਆਯੂਸ਼ ਨੇ ਮਿਸਟਰ ਅਤੇ ਸ਼ੁਭਮੀਤ ਨੇ ਮਿਸ ਡਿਪਸ ਦਾ ਖਿਤਾਬ ਜਿੱਤਿਆ



**ਜਲੰਧਰ/ਦੀਪਕ ਨਟਰਾਜ, ਰਕੇਸ਼ ਵਰਮਾ**

ਡਿਪਸ ਸਕੂਲ ਜਲੰਧਰ ਵਿਖੇ 12ਵੀਂ ਦੇ ਵਿਦਿਆਰਥੀਆਂ ਦੀ ਵਿਦਾਇਗੀ ਮੌਕੇ ਜਸ਼ਨ ਏ ਰੁਕਸਤ ਪਾਰਟੀ ਦਾ ਆਯੋਜਨ ਕੀਤਾ ਗਿਆ। ਪਾਰਟੀ ਵਿੱਚ ਜੂਨੀਅਰ ਵਿਦਿਆਰਥੀਆਂ ਵੱਲੋਂ ਆਪਣੇ ਸੀਨੀਅਰਜ਼ ਲਈ ਵੱਖ-ਵੱਖ ਮਨੋਰੰਜਕ ਖੇਡਾਂ ਜਿਵੇਂ ਕਿ ਮਿਊਜ਼ੀਕਲ ਗੇਮਜ਼, ਲੈਮਨ ਰੇਸ, ਡਾਂਸ, ਅੱਖਾਂ ਦੀ ਰੌਸ਼ਨੀ ਆਦਿ ਦਾ ਆਯੋਜਨ ਕੀਤਾ ਗਿਆ। ਖੇਡਾਂ ਤੋਂ ਬਾਅਦ 12ਵੀਂ ਜਮਾਤ ਦੇ ਵਿਦਿਆਰਥੀਆਂ ਨੇ ਭਾਸ਼ਣ ਰਾਹੀਂ ਸਕੂਲ ਵਿੱਚ ਆਪਣੇ ਅਧਿਆਪਕਾਂ ਅਤੇ ਦੋਸਤਾਂ ਨਾਲ ਬਿਤਾਏ ਪਲਾਂ ਬਾਰੇ ਦੱਸਿਆ। ਉਨ੍ਹਾਂ ਅਧਿਆਪਕਾਂ ਦਾ ਹਮੇਸ਼ਾ ਸਹੀ ਮਾਰਗ ਦਰਸਾਉਣ ਅਤੇ ਜੀਵਨ ਵਿੱਚ ਅੱਗੇ ਵਧਣ ਲਈ ਪ੍ਰੇਰਿਤ ਕਰਨ ਲਈ ਧੰਨਵਾਦ ਕੀਤਾ।

ਵਿਦਿਆਰਥੀਆਂ ਲਈ ਫੈਸ਼ਨ ਸ਼ੋਅ ਕਰਵਾਇਆ ਗਿਆ। ਇਸ ਵਿੱਚ ਪਹਿਲੇ ਰਾਊਂਡ ਵਿੱਚ ਵਾਕ ਦੇ ਦੂਜੇ ਰਾਊਂਡ ਵਿੱਚ ਸਾਰਿਆਂ ਨੇ ਆਪਣੀ ਪ੍ਰਤਿਭਾ ਦੇ ਜੌਹਰ ਦਿਖਾਏ। ਉਨ੍ਹਾਂ ਦੀ ਪ੍ਰਤਿਭਾ ਨੂੰ ਦੇਖਦੇ ਹੋਏ ਉਨ੍ਹਾਂ ਨੂੰ ਵੱਖ-ਵੱਖ ਖਿਤਾਬ ਦਿੱਤੇ ਗਏ। ਮਨਰੀਨ ਮੋਹਨ ਨੇ ਸਟੂਡੈਂਟ ਆਫ ਦਾ ਈਅਰ, ਆਯੂਸ਼ ਥਾਪਰ ਨੇ ਮਿਸਟਰ ਡਿਪਸ, ਸ਼ੁਭਮੀਤ ਕੌਰ ਨੇ ਮਿਸ ਡਿਪਸ, ਅਨਨਿਆ ਨੇ ਮੋਸਟ ਬਿਊਟੀਫੁੱਲ ਆਈਜ਼, ਵੰਸ਼ ਨੇ ਮਿਸਟਰ ਹੈਂਡਸਮ, ਨਿਤਾਸ਼ਾ ਨੇ ਮਿਸ ਚਾਰਮਿੰਗ, ਸਾਨਵੀ ਨੇ ਲੌਂਗ ਹੇਅਰ, ਅੰਸ਼ੁਰਾਜ ਨੇ ਚਾਰਮਿੰਗ ਸਮਾਈਲ, ਬੈਸਟ ਡਰੈੱਸ ਦਾ ਖਿਤਾਬ ਲੜਕੇਆਂ ਵਿਚ ਗੁਰਪ੍ਰੀਤ ਸਿੰਘ ,ਕੁੜੀਆਂ ਵਿੱਚ ਆਸ਼ਨਾ ਨੇ ਜਿੱਤਿਆ।

ਪ੍ਰਿੰਸੀਪਲ ਮੀਨਾਕਸ਼ੀ ਮਹਿਤਾ ਨੇ ਵੱਖ-ਵੱਖ ਖਿਤਾਬ ਜਿੱਤਣ ਵਾਲੇ ਸਾਰੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਸਾਰੇ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਆਉਣ ਵਾਲੇ ਜੀਵਨ ਲਈ ਸ਼ੁੱਭਕਾਮਨਾਵਾਂ ਦਿੰਦੇ ਹੋਏ ਉਨ੍ਹਾਂ ਨੂੰ ਹਮੇਸ਼ਾ ਹਰ ਖੇਤਰ ਵਿੱਚ ਵਧੀਆ ਪ੍ਰਦਰਸ਼ਨ ਕਰਨ ਲਈ ਪ੍ਰੇਰਿਤ ਕੀਤਾ।

## ਬੱਚੀ ਦੇ ਹੋਏ ਰੇਪ ਮਾਮਲੇ ਵਿੱਚ ਬਿਨਾ ਜਾਂਚ ਕੀਤੇ ਸਕੂਲ ਮਾਲਕ ਤੇ ਕੀਤੇ ਗਏ ਪਰਚੇ ਦੇ ਰੋਸ ਵੱਜੋਂ ਜੰਡਿਆਲਾ ਗੁਰੂ ਦੇ ਸਾਰੇ ਪ੍ਰਾਈਵੇਟ ਸਕੂਲ ਬੰਦ ਰਹੇ

**ਜੰਡਿਆਲਾ ਗੁਰੂ/ਜਸਪਾਲ ਸ਼ਰਮਾ**

ਜੰਡਿਆਲਾ ਗੁਰੂ ਵਿੱਚ ਅੱਜ ਸਾਰੇ ਪ੍ਰਾਈਵੇਟ ਸਕੂਲ ਬੰਦ ਰਹੇ।ਪਿੱਛਲੇ ਦਿਨੀ ਗੁਰਦਾਸਪੁਰ ਦੇ ਇਕ ਨਿੱਜੀ ਸਕੂਲ ਦੀ ਮਾਸੂਮ ਬੱਚੀ ਨਾਲ ਰੇਪ ਦਾ ਮਾਮਲਾ ਸਾਹਮਣੇ ਆਇਆ ਸੀ ਤੇ ਦੋਸ਼ੀ ਸ਼ਰੇਆਮ ਘੁੰਮ ਰਿਹਾ ਹੈ ਪੰਜਾਬ ਸਰਕਾਰ ਦੇ ਦਬਾਅ ਹੇਠ ਸਕੂਲ ਦੇ ਮਾਲਿਕ ਉਪਰ ਬਿਨਾਂ ਕਿਸੇ ਜਾਂਚ ਤੋਂ ਮਾਮਲਾ ਦਰਜ ਕੀਤੇ ਜਾਣ ਤੇ ਫੈਡਰੇਸ਼ਨ ਹੇਠ ਪ੍ਰਾਈਵੇਟ ਸਕੂਲਾਂ ਵੱਲੋ ਇਸ ਦਾ ਵਿਰੋਧ ਕੀਤਾ ਜਾ ਰਿਹਾ ਹੈ। ਇਸੇ ਹੀ ਤਰਾਂ ਅੱਜ ਇੰਟਰਨੈਸ਼ਨਲ ਫਤਿਹ ਅਕੈਡਮੀ ਨੂੰ ਬੰਦ ਰੱਖਕੇ ਪ੍ਰਸ਼ਾਸਨ ਕੋਲੋ ਇਨਸਾਫ ਦੀ ਮੰਗ ਕੀਤੀ ਗਈ ਹੈ।ਇਸ ਮੌਕੇ ਮੀਡੀਆ ਨਾਲ ਇੰਟਰਨੈਸ਼ਨਲ ਫਤਿਹ ਅਕੈਡਮੀ ਚੇਅਰਮੈਨ ਜਗਬੀਰ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪਿੱਛਲੀ ਦਿਨੀ ਗੁਰਦਾਸਪੁਰ ਦੀ ਮਾਸੂਮ ਬੱਚੀ ਨਾਲ ਕਿਸੇ ਦਰਿੰਦੇ ਨੇ ਬਲਾਤਕਾਰ ਕੀਤਾ ਜਿਸ ਨੇ ਵੀ ਇਹ ਘਿਨੋਨੀ ਹਰਕਤ ਕੀਤੀ ਉਹ ਅਜੇ ਤੱਕ ਫੜਿਆ ਨਹੀਂ ਗਿਆ ਤੇ ਉਹ ਸ਼ਰੇਆਮ ਘੁੰਮ ਰਿਹਾ ਹੈ।ਸਕੂਲ ਦੇ ਸੀ ਸੀ ਟੀ ਵੀ ਦੀ ਫੁਟੇਜ ਸਕੂਲ ਵੱਲੋ ਪੁਲਿਸ ਨੂੰ ਦਿੱਤੀ ਗਈ ਜਿਸ ਵਿੱਚ ਬੱਚੀ ਠੀਕ ਠਾਕ ਸਕੂਲ ਆਇ ਤੇ ਠੀਕ ਠਾਕ ਘਰ ਵਾਪਿਸ ਗਈ ਹੈ।ਇਸ ਸੱਭ ਤੋਂ ਪਤਾ ਲਗਦਾ ਹੈ ਕਿ ਜੋ ਕੁੱਝ ਬੱਚੀ ਨਾਲ ਹੋਇਆ ਹੈ ਉਹ ਸਕੂਲ ਤੋਂ ਬਾਹਰ ਹੀ ਹੋਇਆ ਹੈ।ਓਹਨਾ ਕਿਹਾ ਕਿ ਅਸੀਂ ਪੁਲਿਸ ਪ੍ਰਸ਼ਾਸਨ ਨੂੰ ਬੇਨਤੀ ਕਰਦੇ ਹਾਂ ਕਿ ਜਿਸ ਨੇ ਵੀ ਇਹ ਘਿਨੌਣਾ ਕਾਰਨਾਮਾ ਕਿੱਤਾ ਹੈ ਉਸ ਦੋਸ਼ੀ ਨੂੰ ਗ੍ਰਿਫਤਾਰ ਕੀਤਾ ਜਾਵੇ ਤੇ ਪੁਲਿਸ ਵੱਲੋਂ ਜੋ ਸਕੂਲ ਦੇ ਪ੍ਰਬੰਧਕ ਨੂੰ ਗ੍ਰਿਫਤਾਰ ਕੀਤਾ ਗਿਆ ਉਨ੍ਹਾਂ ਨੂੰ ਛੱਡਿਆ ਜਾਵੇ।

## ਸਿੱਖ ਧਰਮ, ਡਾ. ਅੰਬੇਡਕਰ ਅਤੇ ਸੰਵਿਧਾਨ: ਜਾਤਪਾਤ ਦਾ ਖ਼ਾਤਮਾ ਵਿਸ਼ੇ 'ਤੇ ਯੂਨੀਵਰਸਿਟੀ ਵਿਖੇ ਸੈਮੀਨਾਰ ਅੱਜ

**ਅੰਮ੍ਰਿਤਸਰ/ਨੇਹਾ ਗਿੱਲ**



ਸਿੱਖ ਧਰਮ, ਡਾ. ਅੰਬੇਡਕਰ ਅਤੇ ਸੰਵਿਧਾਨ: ਜਾਤਪਾਤ ਦਾ ਖ਼ਾਤਮਾ ਵਿਸ਼ੇ 'ਤੇ ਇਕ ਸੈਮੀਨਾਰ ਕਲ ਮਿਤੀ 13 ਅਪ੍ਰੈਲ ਨੂੰ 11 ਵਜੇ ਤੋਂ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਸ੍ਰੀ ਗੁਰੂ ਗ੍ਰੰਥ ਸਾਹਿਬ ਭਵਨ ਆਡੀਟੋਰੀਅਮ ਵਿਖੇ ਆਯੋਜਿਤ ਕੀਤਾ ਜਾ ਰਿਹਾ ਹੈ। ਜਿਸ ਦੀਆਂ ਤਿਆਰੀਆਂ ਨੂੰ ਅੰਤਿਮ ਛੋਹਾਂ ਦਿੱਤੀਆਂ ਜਾ ਚੁੱਕੀਆਂ ਹਨ। ਕੇ.ਐਸ.ਰਾਜੂ ਲੀਗਲ ਟਰੱਸਟ ਦੇ ਚੇਅਰਮੈਨ ਤੇ ਭਾਜਪਾ ਆਗੂ ਡਾ. ਜਗਮੋਹਨ ਸਿੰਘ ਰਾਜੂ ਆਈ ਏ ਐਸ (ਸੇਵਾਮੁਕਤ) ਵੱਲੋਂ ਆਯੋਜਿਤ ਇਸ ਸੈਮੀਨਾਰ ਦੇ ਸ਼੍ਰੀ ਬਨ੍ਹਵਾਰੀ ਲਾਲ ਪੁਰੋਹਿਤ, ਮਾਨਯੋਗ ਰਾਜਪਾਲ ਪੰਜਾਬ ਅਤੇ ਯੂਟੀ-ਚੰਡੀਗੜ੍ਹ ਦੇ ਪ੍ਰਸ਼ਾਸਕ ਮੁੱਖ ਮਹਿਮਾਨ ਹੋਣਗੇ। ਮਹਿਮਾਨ ਵਜੋਂ ਰਾਜ ਸਭਾ ਦੇ ਮੈਂਬਰ ਅਤੇ ਭਾਜਪਾ ਦੇ ਰਾਸ਼ਟਰੀ ਜਨਰਲ ਸਕੱਤਰ ਸ਼੍ਰੀ ਦੁਸ਼ਯੰਤ ਕੁਮਾਰ ਗੌਤਮ ਅਤੇ ਮਾਨਯੋਗ ਜਸਟਿਸ (ਸੇਵਾਮੁਕਤ) ਕੇ.ਜੀ. ਬਾਲਾਕ੍ਰਿਸ਼ਨਨ, ਭਾਰਤ ਦੇ ਸਾਬਕਾ ਚੀਫ਼ ਜਸਟਿਸ ਆਪਣਾ ਭਾਸ਼ਣ ਦੇਣਗੇ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਸਾਬਕਾ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਅਤੇ ਬੀ.ਆਰ.ਅੰਬੇਦਕਰ ਚੇਅਰ ਜੀ.ਐਨ.ਡੀ.ਯੂ ਦੇ ਮੁਖੀ ਡਾ. ਕੁਲਦੀਪ ਕੌਰ ਵਿਸ਼ੇਸ਼ ਤੌਰ @ਤੇ ਆਪਣੇ ਵਿਚਾਰ ਰੱਖਣਗੇ। ਡਾ. ਜਗਮੋਹਨ ਸਿੰਘ ਰਾਜੂ ਆਈ ਏ ਐਸ ਅਤੇ ਪ੍ਰੋ: ਸਰਚਾਂਦ ਸਿੰਘ ਖਿਆਲਾ ਅਨੁਸਾਰ ਸੈਮੀਨਾਰ 'ਚ ਹਿੱਸਾ ਲੈਣ ਸੰਬੰਧੀ ਜਾਗਰੂਕ ਲੋਕਾਂ 'ਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ। ਉਨ੍ਹਾਂ ਲੋਕਾਂ ਨੂੰ ਸੈਮੀਨਾਰ 'ਚ ਹਿੱਸਾ ਲੈਣ ਲਈ ਸਮੇਂ ਸਿਰ ਪਹੁੰਚਣ ਦੀ ਅਪੀਲ ਕੀਤੀ ਹੈ।

## ਵਰੇਗੰਢ ਮੁਬਾਰਕ



ਸੁਰਜੀਤ ਸਿੰਘ ਲੱਖਾ ਅਤੇ ਜਸਵੀਰ ਕੌਰ ਪਿੰਡ ਲੱਖਾ ਨੇ ਅਪਣੇ ਵਿਆਹ ਦੀ 25 ਵਰੇ ਗੰਢ ਸਿਲਵਰ ਜੁਬਲੀ ਮਨਾਈ।

## ਜ਼ਿਲ੍ਹਾ ਪੱਧਰੀ ਕਿਸਾਨ ਮੇਲਾ 13 ਨੂੰ ਲੱਗੇਗਾ

**ਗੁਰਦਾਸਪੁਰ/ਨਵਨੀਤ ਕੁਮਾਰ**

ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਗੁਰਦਾਸਪੁਰ ਵੱਲੋਂ 13 ਅਪ੍ਰੈਲ ਨੂੰ ਬਟਾਲਾ ਦੀ ਪਸ਼ੂ ਮੰਡੀ ਵਿਚ ਸਵੇਰੇ 10 ਵਜੇ ਕਿਸਾਨਾਂ ਨੂੰ ਸਾਉਣੀ ਦੀਆਂ ਫਸਲਾਂ ਦੀ ਕਾਸ਼ਤ ਸਬੰਧੀ ਸਿਖਲਾਈ ਦੇਣ ਲਈ ਜ਼ਿਲ੍ਹਾ ਪੱਧਰੀ ਕਿਸਾਨ ਸਿਖਲਾਈ ਕੈਂਪ ਲਗਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਖੇਤੀਬਾੜੀ ਅਧਿਕਾਰੀ ਡਾ. ਰਣਧੀਰ ਸਿੰਘ ਠਾਕੁਰ ਨੇ ਦੱਸਿਆ ਕਿ ਇਸ ਕਿਸਾਨ ਮੇਲੇ ਦੀ ਪ੍ਰਧਾਨਗੀ ਡਿਪਟੀ ਕਮਿਸ਼ਨਰ ਗੁਰਦਾਸਪੁਰ ਮੁਹੰਮਦ ਇਸ਼ਫਾਕ ਕਰਨਗੇ ਅਤੇ ਹਲਕਾ ਬਟਾਲਾ ਦੇ ਵਿਧਾਇਕ ਸ਼ੈਰੀ ਕਲਸੀ ਅਤੇ ਹਲਕਾ ਬਟਾਲਾ ਦੇ ਵਿਧਾਇਕ ਐਡਵੋਕੇਟ ਅਮਰਪਾਲ ਸਿੰਘ ਮੁੱਖ ਮਹਿਮਾਨ ਵਜੋਂ ਪਹੁੰਚਣਗੇ। ਇਸ ਕੈਂਪ ਵਿਚ ਵੱਖ-ਵੱਖ ਵਿਭਾਗਾਂ ਵੱਲੋਂ ਪ੍ਰਦਰਸ਼ਨੀਆਂ ਵੀ ਲਗਾਈਆਂ ਜਾਣਗੀਆਂ। ਉਨਾਂ ਜ਼ਿਲ੍ਹੇ ਦੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਇਸ ਕੈਂਪ ਵਿਚ ਸ਼ਮੂਲੀਅਤ ਕਰਕੇ ਖੇਤੀਬਾੜੀ ਨਾਲ ਸਬੰਧਿਤ ਨਵੀਂ ਤਕਨੀਕਾਂ ਬਾਰੇ ਜਾਣਕਾਰੀ ਹਾਸਿਲ ਕਰਨ।

# ਕਰੈਸ਼ਰਾਂ ਤੇ ਜਾਣ ਵਾਲੀਆਂ ਗੱਡੀਆਂ ਦੀ ਬਿਨਾਂ ਵਜ੍ਹਾ ਰੋਕ ਤੋ ਪਰੇਸ਼ਾਨ ਹੋਏ ਟਰੱਕ ਉਪਰੇਟਰਾਂ ਨੇ ਡਿਪਟੀ ਕਮਿਸ਼ਨਰ ਨੂੰ ਸੌਂਪਿਆ ਮੰਗ ਪੱਤਰ



**ਦੀਨਾਨਗਰ/ਡਾ.ਰਮੇਸ਼ ਸਰੰਗਲ**

ਦੀਨਾਨਗਰ ਚ ਸਮੂਹ ਟਰੱਕ ਉਪਰੇਟਰ ਡਰਾਇਵਰ ਅਤੇ ਮਾਲਕਾਂ ਵਲੋਂ ਇੱਕ ਮੀਟਿੰਗ ਕੀਤੀ ਗਈ ਮੀਟਿੰਗ ਵਿਚ ਉਨ੍ਹਾਂ ਵਲੋਂ ਡਿਪਟੀ ਕਮਿਸ਼ਨਰ ਪਠਾਨਕੋਟ ਨੂੰ ਮੰਗ ਕੀਤੀ ਗਈ ਕਿ ਅਸੀਂ ਆਪਣੀਆਂ ਗੱਡੀਆਂ ਤੇ ਤਾਰਾਗੜ੍ਹ ਰਾਹੀਂ ਕਰੈਸ਼ਰਾਂ ਤੋਂ ਰੇਤਾ ਬੱਜਰੀ ਆਦਿ ਲੈਣ ਲਈ ਜਾਂਦੇ ਹਾਂ ਪਰ ਸਾਡੀਆਂ ਗੱਡੀਆਂ ਨੂੰ ਰਾਤ 8 ਵਜੇ ਤੋਂ ਲੈ ਕੇ ਸਵੇਰੇ 8 ਵਜੇ ਤੱਕ ਹੀ ਲੰਘਣ ਦਿੱਤਾ ਜਾਂਦਾ ਹੈ ਅਤੇ ਇਸ ਨਾਲ ਡਰਾਇਵਰਾਂ ਦੀ ਪੂਰੀ ਰਾਤ ਹੀ ਲੰਘ ਜਾਂਦੀ ਹੈ ਅਤੇ ਡਰਾਇਵਰ ਆਪਣੀ ਨੀਂਦ ਵੀ ਪੂਰੀ ਨਹੀ ਕਰ ਸਕਦੇ ਜਿਸ ਕਾਰਨ ਐਕਸੀਡਟ ਹੋਣ ਦਾ ਬਹੁਤ ਖਤਰਾ ਬਣਿਆ ਰਹਿੰਦਾ ਹੈ ਉਨ੍ਹਾਂ ਕਿਹਾ ਕਿ ਪਹਿਲਾਂ ਵੀ ਇਸ ਵਜ੍ਹਾ ਕਰਕੇ ਕਈ ਐਕਸੀਡੈਂਟ ਹੋ ਚੁੱਕੇ ਹਨ ਅਤੇ ਗੱਡੀਆਂ ਦਾ ਵੀ ਬਹੁਤ ਨੁਕਸਾਨ ਹੋਇਆ ਹੈ। ਜਿਸ ਕਾਰਨ ਸਾਨੂੰ ਬਹੁਤ ਹੀ ਪ੍ਰੇਸ਼ਾਨੀ ਹੁੰਦੀ ਹੈ ਉਨ੍ਹਾਂ ਡਿਪਟੀ ਕਮਿਸ਼ਨਰ ਪਠਾਨਕੋਟ ਤੋਂ ਮੰਗ ਕੀਤੀ ਕਿ ਸਾਡੀਆਂ ਖਾਲੀ ਗੱਡੀਆਂ ਜੋ ਕਿ ਕਰੈਸ਼ਰਾਂ ਤੇ ਜਾਂਦੀਆਂ ਹਨ ਓਹਨਾਂ ਨੂੰ ਦਿਨ ਸਮੇਂ ਨਾ ਰੋਕਿਆ ਜਾਵੇ ਅਤੇ ਭਰੀਆਂ ਗੱਡੀਆ ਰਾਤ 8 ਵਜੇ ਤੋਂ ਸਵੇਰੇ 8 ਵਜੇ ਤੱਕ ਹੀ ਜਾਣ ਦੀ ਆਗਿਆ ਦਿੱਤੀ ਜਾਵੇ।ਅਤੇ ਮਲਕਪੁਰ ਤੋਂ ਕੀੜੀ ਵੀ ਸਾਡੀਆਂ ਖਾਲੀ ਗੱਡੀਆ ਨੂੰ ਜਾਣ ਦਿੱਤਾ ਜਾਵੇ । ਉਨਾਂ ਕਿਹਾ ਕਿ ਜੇਕਰ ਦੁਪਹਿਰ ਨੂੰ ਸਕੂਲ ਛੁੱਟੀ ਟਾਇਮ 2 ਘੰਟੇ ਬੰਦ ਰੱਖਣਾ ਚਾਹੁਣ ਤਾਂ ਰੱਖ ਸਕਦੇ ਹਨ ਜਿਸਦੇ ਵਿਚ ਸਾਨੂੰ ਕੋਈ ਵੀ ਇਤਰਾਜ ਨਹੀਂ ਹੋਵੇਗਾ। ਜੇਕਰ ਸਾਡੀਆਂ ਖਾਲੀ ਗੱਡੀਆਂ ਵੀ ਨਹੀਂ ਲੰਘਣ ਦਿੱਤੀਆਂ ਤਾਂ ਸਾਨੂੰ ਬਹੁਤ ਹੀ ਨੁਕਸਾਨ ਹੁੰਦਾ ਹੈ। ਇਸ ਮੌਕੇ ਤੇ ਹਰਜੀਤ ਸਿੰਘ, ਪਲਵਿੰਦਰ ਸਿੰਘ, ਬਿਕਰਮਜੀਤ ਸਿੰਘ, ਗੁਰਪ੍ਰੀਤ ਸਿੰਘ, ਮਲਕੀਤ ਸਿੰਘ, ਮੋਹਨ ਸਿੰਘ, ਸੋਨੂੰ ਵਾਲੀਆ, ਮਨਜੀਤ ਸਿੰਘ, ਹਰਮਨ ਸਿੰਘ, ਸਤਨਾਮ ਸਿੰਘ, ਜਗਜੀਤ ਸਿੰਘ, ਹਰਪਾਲ ਸਿੰਘ ਤੋਂ ਇਲਾਵਾ ਹੋਰ ਵੀ ਡਰਾਈਵਰ ਓਪਰੇਟਰ ਅਤੇ ਗੱਡੀਆਂ ਦੇ ਮਾਲਕ ਹਾਜਰ ਸਨ।

# ਜੇ.ਐਨ. ਵੀ ਸਕੂਲ ਪੋਜੇਵਾਲ ਦੀ ਸਾਦਗੀ ਬਣੀ ਮਿਸ ਫੇਅਰਵੈਲ



**ਸਹੀਦ ਭਗਤ ਸਿੰਘ ਨਗਰ/ਲੋਕ ਬਾਣੀ**

ਜਵਾਹਰ ਨਵੋਦਿਆ ਵਿਦਿਆਲਿਆ ਪੋਜੇਵਾਲ ਵਿਖੇ ਇਕ ਸ਼ਾਨਦਾਰ ਫੇਅਰਵੇਲ ਪਾਰਟੀ ਦਾ ਆਯੋਜਨ ਗਿਆਰਵੀ ਕਲਾਸ ਦੇ ਵਿਦਿਆਰਥੀਆਂ ਵੱਲੋਂ ਬਾਰਵੀ ਕਲਾਸ ਦੇ ਵਿਦਿਆਰਥੀਆਂ ਵਾਸਤੇ ਕੀਤਾ ਗਿਆ । ਇਸ ਪਾਰਟੀ ਵਿਚ ਸਾਦਗੀ ਨੂੰ ਮਿਸ ਫੇਅਰਵੈਲ ਅਤੇ ਕਮਲ ਨੂੰ ਮਿਸਟਰ ਫੇਅਰਵੈਲ ਚੁਣਿਆ ਗਿਆ। ਇਸ ਪਾਰਟੀ ਵਿਚ ਸਕੂਲ ਦੇ ਸਾਰੇ ਵਿਦਿਆਰਥੀਆਂ ਸਾਰੇ ਅਧਿਆਪਕ ਸ਼ਾਮਲ ਸਨ। ਸਾਰੇ ਬੱਚਿਆਂ ਨੇ ਇਸ ਪਾਰਟੀ ਦਾ ਬਹੁਤ ਆਨੰਦ ਮਾਣਿਆ। ਇਸ ਪਾਰਟੀ ਵਿਚ ਖਾਣ ਪੀਣ ਦਾ ਬਹੁਤ ਵਧੀਆ ਪ੍ਰਬੰਧ ਸੀ। ਸਟੇਜ ਦੀ ਭੂਮਿਕਾ ਪਵਨ ਕੁਮਾਰ ਅਤੇ ਅੰਮ੍ਰਿਤਾ ਵੱਲੋਂ ਬਾਖੂਬੀ ਨਿਭਾਈ ਗਈ ਅਤੇ ਚੁਣੇ ਗਏ ਮਿਸ ਅਤੇ ਮਿਸਟਰ ਫੇਅਰਵੈਲ ਅਤੇ ਸਮੂਹ ਸਟਾਫ ਦੇ ਪ੍ਰੋਗਰਾਮ ਦੇ ਅੰਤ ਵਿਚ ਕੇਕ ਕੱਟਿਆ। ਇਸ ਪਾਰਟੀ ਵਿਚ ਪ੍ਰਿੰਸੀਪਲ ਸ਼੍ਰੀ ਰਵਿੰਦਰ ਕੁਮਾਰ ਜੀ, ਸੁਨੀਲ ਚੌਹਾਨ, ਸੁਭਾਸ਼ ਸ਼ਰਮਾ ,ਸਤਪਾਲ ਸਿੰਘ,ਸੁਦੇਸ਼ ਕੁਮਾਰੀ ,ਰਮੇਸ਼ ਠਾਕਰ, ਸੁਨੀਲ ਕੁਮਾਰ, ਅਨਾਮਿਕਾ, ਜਤਿੰਦਰ ਕੌਰ, ਸੰਜੀਵ ਠਾਕਰ, ਸੀਮਾ ਠਾਕਰ, ਸੁਦੇਸ਼, ਅਮਨ , ਪਰਦੀਪ ਰਾਏ ਆਦਿ ਅਧਿਆਪਕ ਫੇਅਰਵਲ ਪਾਰਟੀ ਵਿਚ ਹਾਜ਼ਰ ਸਨ।

# ਗਊਸ਼ਾਲਾ ਗੋਲੇਵਾਲਾ ਚ ਗਊਆਂ ਲਈ ਕਿਸਾਨ ਵੀਰਾਂ ਵੱਲੋਂ ਤੂੜੀ ਭੇਜੀ ਅਤੇ ਕਿਸਾਨ ਵੀਰਾਂ ਨੂੰ ਤੂੜੀ ਭੇਜਣ ਦੀ ਕੀਤੀ ਬੇਨਤੀ



**ਗੋਲੇਵਾਲਾ/ਜਸਵਿੰਦਰ ਸਿੰਘ ਬਰਾੜ ਸਾਧਾਂਵਾਲਾ**

ਜ਼ਿਲ੍ਹਾ ਫ਼ਰੀਦਕੋਟ ਦੇ ਇਲਾਕੇ ਪਿੰਡ ਗੋਲੇਵਾਲਾ ਵਿਖੇ ਬਣੀ ਗਊਸ਼ਾਲਾ ਵਿਚ ਗਊਆਂ ਦੀ ਗਿਣਤੀ ਬਹੁਤ ਜ਼ਿਆਦਾ ਹੈ ਇਸ ਲਈ ਗਊਆਂ ਦੇ ਚਾਰੇ ਲਈ ਕਿਸਾਨ ਆਪਣੇ ਖੇਤੀਬਾੜੀ ਕਣਕ ਵਾਢੀ ਵਿੱਚ ਲੱਗੇ ਹੋਣ ਕਾਰਨ ਗਊਸ਼ਾਲਾ ਚ ਹਰਾ ਚਾਰਾ ਆਉਣਾ ਬੰਦ ਹੋ ਗਿਆ ਹੈ ਕਿਉਂਕਿ ਇਕ ਤਾਂ ਕਿਸਾਨਾਂ ਦੇ ਕੋਲ ਹਰੇ ਚਾਰਾ ਖ਼ਤਮ ਹੋ ਚੁੱਕਾ ਹੈ ਅਤੇ ਨਵਾਂ ਚਾਰਾ ਹੋਰ ਤਿਆਰ ਨਹੀਂ ਹੋਇਆ ਇਸ ਲਈ ਗਊਆਂ ਨੂੰ ਤੂੜੀ ਚੋਕਰ ਫੀਡ ਆਦਿ ਨਾਲ ਹੀ ਗੁਜ਼ਾਰਾ ਕਰਨਾ ਪੈ ਰਿਹਾ ਹੈ ਅਤੇ ਚੌਕਰ ਫੀਡ ਤੂੜੀ ਆਦਿ ਦੀ ਵਿਸ਼ੇਸ਼ ਲੋੜ ਹੈ ਇਸ ਲੋੜ ਨੂੰ ਵੇਖਦਿਆਂ ਹੋਇਆਂ ਜਸਵੀਰ ਸਿੰਘ ਬਰਾੜ ਕਾਬਲਵਾਲਾ ਰਾਜ ਸਿੰਘ ਪੱਖੀ ਖੁਰਦ ਹਰਦੇਵ ਸਿੰਘ ਗੋਲੇਵਾਲਾ ਆਦਿ ਵੱਲੋਂ ਇੱਕ ਇੱਕ ਟਰਾਲੀ ਗਊਸ਼ਾਲਾ ਗੋਲੇਵਾਲਾ ਵਿਖੇ ਤੂੜੀ ਦੀ ਭੇਜੀ ਗਈ ਅਤੇ ਗਊਸ਼ਾਲਾ ਗਰੁੱਪ ਵੱਲੋਂ ਅਤੇ ਇਨ੍ਹਾਂ ਦਾਨੀ ਸੱਜਣਾਂ ਵੱਲੋਂ ਆਸੇ ਪਾਸੇ ਦੇ ਪਿੰਡ ਹਨ ਉਨ੍ਹਾਂ ਨੂੰ ਹੁਣ ਤੂੜੀ ਦਾ ਸੀਜ਼ਨ ਹੈ ਵੱਧ ਤੋਂ ਵੱਧ ਕਿਸਾਨ ਭਰਾ ਇਹ ਬੇਜ਼ੁਬਾਨੇ ਗਊਆਂ ਲਈ ਤੂੜੀ ਦੀ ਸੇਵਾ ਜ਼ਰੂਰ ਕਰਨ ਤਾਂ ਜੋ ਹੋਣ ਅਤੇ ਆਉਣ ਵਾਲੇ ਸਮੇਂ ਵਿਚ ਬੇਜ਼ੁਬਾਨ ਨੇ ਆਪਣਾ ਢਿੱਡ ਭਰ ਸਕਣ ਇਸ ਮੌਕੇ ਪੱਤਰਕਾਰ ਅੰਗਰੇਜ ਸਿੰਘ ਬਰਾੜ, ਪੱਤਰਕਾਰ ਜਸਵਿੰਦਰ ਸਿੰਘ ਬਰਾੜ ? @ਪ੍ਰਧਾਨ ਵਾਹਿਗੁਰੂ ਸਿੰਘ ਕਾਬਲਵਾਲਾ ਨੇ ਜੋ ਵੀ ਗਊਸ਼ਾਲਾ ਗੋਲੇਵਾਲਾ ਚ ਗਊਆਂ ਲਏ ਦਾਨੀ ਸੱਜਣ ਕਿਸੇ ਵੀ ਕਿਸਮ ਦਾ ਜਿਵੇਂ ਕਿ ਚੋਕਰ ਫੀਡ ਹਰੇ ਚਾਰੇ ਤੂੜੀ ਆਦਿ ਸੇਵਾ ਕਰ ਰਹੇ ਹਨ ਸਮੂਹ ਦਾਨੀ ਸੱਜਣਾਂ ਦਾ ਅਤੇ ਸੇਵਾਦਾਰਾਂ ਦਾ ਬਹੁਤ ਬਹੁਤ ਧੰਨਵਾਦ ਅਤੇ ਅੱਗੇ ਤੋਂ ਵੀ ਆਸ ਕਰਦੇ ਹਾਂ ਕਿ ਇਨ੍ਹਾਂ ਬੇਜ਼ੁਬਾਨਿਆਂ ਦਾ ਦਾਨੀ ਸੱਜਣ ਅਤੇ ਸੇਵਾਦਾਰ ਜ਼ਰੂਰ ਸਹਾਰਾ ਬਣਦੇ ਰਹਿਣਗੇ।

# ਸੁਖਮਨੀ ਸੇਵਾ ਸੁਸਾਇਟੀ ਗੋਲੇ ਵਾਲਾ ਬੀਬੀਆਂ ਦੇ ਜਥੇ ਵੱਲੋਂ ਲੋੜਵੰਦ ਲੜਕੀ ਦੇ ਵਿਆਹ ਵਾਸਤੇ ਬਿਸਤਰੇ ਪਾਉਣ ਲਈ ਪੇਟੀ ਲੈਕੇ ਦਿੱਤੀ

**ਫ਼ਰੀਦਕੋਟ/ਜਸਵਿੰਦਰ ਸਿੰਘ ਬਰਾੜ ਸਾਧਾਂਵਾਲਾ**



ਸੁਖਮਨੀ ਸੇਵਾ ਸੁਸਾਇਟੀ ਗੋਲੇ ਵਾਲਾ ਜ਼ੋ ਕਿ ਨਿਰੋਲ ਬੀਬੀਆਂ ਦਾ ਇੱਕ ਜਥਾ ਬਣਾ ਕੇ ਪਿੰਡ ਗੋਲੇ ਵਾਲਾ ਵਿੱਚ ਸੁਖਮਨੀ ਸੇਵਾ ਸੁਸਾਇਟੀ ਬਣਾਈ ਗਈ ਹੈ ਜੋ ਕਿ ਬਿਨਾਂ ਕਿਸੇ ਭੇਦ-ਭਾਵ ਦੇ ਬਿਨਾਂ ਭੇਟਾ ਲਾਏ ਤੋ ਸੁਖਮਨੀ ਸਾਹਿਬ ਦੇ ਪਾਠ ਕਰਨ ਦੀ ਸੇਵਾ ਨਿਭਾਅ ਰਿਹਾ ਹੈ ਇਸ ਸੁਖਮਨੀ ਸੇਵਾ ਸੁਸਾਇਟੀ ਦੀ ਪ੍ਰਧਾਨ ਬੀਬੀ ਸੁਖਪਾਲ ਕੌਰ ਨੇ ਦੱਸਿਆ ਕਿ ਸਾਡੇ ਜਥੇ ਵਿੱਚ ਜਿੰਨੀਆਂ ਵੀ ਬੀਬੀਆਂ ਹਨ ਉਹ ਬਿਨਾਂ ਕਿਸੇ ਲਾਲਚ ਦੇ ਸੁਖਮਨੀ ਸਾਹਿਬ ਦੇ ਪਾਠ ਕਰਨ ਦੀ ਸੇਵਾ ਕਰਦੀਆ ਹਨ ਜੇਕਰ ਕੋਈ ਪਰਿਵਾਰ ਸਾਨੂੰ ਪ੍ਰੇਮ ਭੇਟਾ ਦੇਂਦਾ ਵੀ ਹੈ ਤਾਂ ਅਸੀਂ ਉਹ ਪੈਸਾ ਲੋੜਵੰਦ ਪਰਿਵਾਰਾਂ ਦੀਆਂ ਲੜਕੀਆਂ ਦੇ ਵਿਆਹ ਉਪਰ ਖਰਚ ਕਰ ਦੇਂਦੀਆਂ ਹਾਂ ਜਾਂ ਫਿਰ ਲੋੜਵੰਦ ਮਰੀਜ਼ਾਂ ਨੂੰ ਦਵਾਈਆਂ ਲੈਕੇ ਦੇ ਦੇਂਦੀਆਂ ਹਾਂ ਇਸੇ ਹੀ ਲੜੀ ਵਿੱਚ ਲੜਕੀ ਸਰਬਜੀਤ ਕੌਰ ਪੁੱਤਰੀ ਗੁਰਬਾਜ਼ ਸਿੰਘ ਪਿੰਡ ਡੱਲੇ ਵਾਲਾ ਨੂੰ ਕਪੜੇ ਬਿਸਤਰੇ ਪਾਉਣ ਲਈ ਇੱਕ ਪੇਟੀ ਲੈਕੇ ਦਿੱਤੀ ਹੈ ਜੋ ਕਿ ਅਸੀਂ ਅਪਣਾ ਇੱਕ ਫ਼ਰਜ਼ ਅਦਿਅ ਕੀਤਾ ਹੈ ਇਸ ਸਮੇਂ ਬੀਬੀ ਸੁਖਪਾਲ ਕੌਰ ਨੇ ਸਾਡੇ ਪੱਤਰਕਾਰ ਅੰਗਰੇਜ਼ ਸਿੰਘ ਬਰਾੜ ਡੱਲੇ ਵਾਲਾ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਅਸੀਂ ਅੱਗੇ ਵੀ ਕਾਫੀ ਪਰਿਵਾਰਾਂ ਦੀ ਮਦਦ ਕਰ ਚੁੱਕੇ ਹਾਂ ਵਾਹਿਗੁਰੂ ਕਰੇ ਇਹ ਸੇਵਾ ਅੱਗੇ ਵੀ ਚੱਲਦੀ ਰਹੇਗੀ। ਇਸ ਸਮੇਂ ਬਾਬਾ ਫ਼ਰੀਦ ਪੈਰਿਸ ਕਲੱਬ ਗੋਲੇ ਵਾਲਾ ਦੇ ਸਮੂਹ ਅਹੁਦੇਦਾਰਾਂ ਵੱਲੋਂ ਸੁਖਮਨੀ ਸੇਵਾ ਸੁਸਾਇਟੀ ਜਥਾ ਬੀਬੀਆਂ ਦਾ ਤਹਿਦਿਲੋਂ ਧੰਨਵਾਦ ਕੀਤਾ।ਅਤੇ ਵਾਹਿਗੁਰੂ ਅੱਗੇ ਅਰਦਾਸ ਵੀ ਕੀਤੀ ਕਿ ਸੁਖਮਨੀ ਸੇਵਾ ਸੁਸਾਇਟੀ ਗੋਲੇਵਾਲਾ ਦੀਆਂ ਬੀਬੀਆਂ ਦਾ ਜਥਾ ਅੱਗੇ ਤੋਂ ਵੀ ਇਸ ਤਰ੍ਹਾਂ ਦੇ ਕਾਰਜਾਂ ਚੋਂ ਲੋੜਵੰਦ ਪਰਿਵਾਰਾਂ ਦੀ ਮਦਦ ਕਰਦਾ ਰਹੇ ਅਤੇ ਹੋਰ ਵੀ ਦਾਨੀ ਸੱਜਣਾਂ ਨੂੰ ਅਪੀਲ ਹੈ ਕਿ ਵੱਧ ਤੋਂ ਵੱਧ ਇਸ ਤਰ੍ਹਾਂ ਦੇ ਕਾਰਜਾਂ ਵਿੱਚ ਲੋੜਵੰਦ ਪਰਿਵਾਰਾਂ ਦੀ ਮੱਦਦ ਕੀਤੀ ਜਾਵੇ।

# ਅਰੁਨਾ ਚੋਧਰੀ ਦੇ ਯਤਨਾਂ ਸਦਕਾ ਚੌਂਤਾ ਰੋਡ ਤੋਂ ਝੜੋਲੀ ਨੂੰ ਜਾਣ ਵਾਲੇ ਰੋਡ ਤੇ ਪਿਆ ਪ੍ਰੀਮਿਕਸ



**ਦੀਨਾਨਗਰ/ਡਾ.ਰਮੇਸ਼ ਸਰੰਗਲ**

ਦੀਨਾਨਗਰ ਦੇ ਚੌਂਤਾ ਰੋਡ ਤੋਂ ਝੜੋਲੀ ਨੂੰ ਜਾਣ ਵਾਲੇ ਇਬਰਾਹਿਮ ਦੇ ਡੇਰੇ ਨੂੰ ਜਾਣ ਵਾਲੇ ਕੱਚੇ ਰੋਡ ਤੇ ਪ੍ਰੀਮਿਕਸ ਪੁਆ ਦਿੱਤਾ ਗਿਆ ਹੈ ਜੋ ਕਿ ਇਥੋਂ ਦੇ ਸਥਾਨਕ ਲੋਕਾਂ ਦੀ ਬੜੇ ਲੰਬੇ ਸਮੇਂ ਤੋਂ ਡਿਮਾਂਡ ਚੱਲੀ ਆ ਰਹੀ ਸੀ ਕਿਉਂਕਿ ਰੋਡ ਕੱਚਾ ਹੋਣ ਕਾਰਨ ਲੋਕਾਂ ਨੂੰ ਭਾਰੀ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈਂਦਾ ਸੀ। ਇਸ ਰੋਡ ਤੇ ਪ੍ਰੀਮਿਕਸ ਪੈਂਦਿਆਂ ਹੀ ਸਾਬਕਾ ਮੰਤਰੀ ਅਤੇ ਵਿਧਾਇਕਾ ਅਰੁਨਾ ਚੋਧਰੀ ਨੇ ਇਸ ਰੋਡ ਦਾ ਜਾਇਜ਼ਾ ਲਿਆ। ਰੋਡ ਬਣਨ ਤੇ ਲੋਕਾਂ ਚ ਕਾਫੀ ਖੁਸ਼ੀ ਪਾਈ ਗਈ ਅਤੇ ਉਨ੍ਹਾਂ ਮੈਡਮ ਅਰੁਨਾ ਚੋਧਰੀ ਦਾ ਧੰਨਵਾਦ ਵੀ ਕੀਤਾ। ਇਸ ਮੌਕੇ ਤੇ ਬਲਾਕ ਸੰਮਤੀ ਦੇ ਚੇਅਰਮੈਨ ਹਰਵਿੰਦਰ ਸਿੰਘ ਭੱਟੀ, ਸਰਪੰਚ ਕਰਨ ਸਿੰਘ, ਸਰਪੰਚ ਮਨਜੀਤ ਕੁਮਾਰ, ਗੁੱਜਰ ਸਮੁਦਾਏ ਚੋ ਹਾਜੀ ਇਬਰਾਹਿਮ, ਪੰਚ ਪਰਮਜੀਤ ਤੋਂ ਇਲਾਵਾ ਹੋਰ ਵੀ ਸਥਾਨਕ ਵਾਸੀ ਹਾਜ਼ਰ ਸਨ।

ਅਦਾਰਾ 'ਲੋਕ ਬਾਣੀ' ਵਿੱਚ ਛਾਪੀਆਂ ਜਾਂਦੀਆਂ ਖ਼ਬਰਾਂ, ਰਿਪੋਰਟਾਂ, ਲੇਖ, ਕਹਾਣੀਆਂ, ਕਵਿਤਾਵਾਂ ਅਤੇ ਹਰ ਕਿਸਮ ਦੇ ਇਸ਼ਤਿਹਾਰਾਂ ਵਿੱਚ ਦਿੱਤੀ ਗਈ ਸੂਚਨਾ, ਵਿਚਾਰ ਆਦਿ ਨਾਲ ਅਖ਼ਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ ਹੈ। ਇਸ ਅਖ਼ਬਾਰ ਵਿੱਚ ਛਪੇ ਇਸ਼ਤਿਹਾਰ (ਡਿਸਪਲੇ, ਕਲਾਸੀਫਾਈਡ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜ਼ਿੰਮੇਵਾਰੀ ਨਹੀਂ ਲੈਂਦੇ ਕਿਉਂਕਿ ਸਾਡਾ ਅਖ਼ਬਾਰ ਇਨ੍ਹਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ/ਸ਼ੁੱਭ ਚਿੰਤਕਾਂ ਨੂੰ ਬੇਨਤੀ ਹੈ ਕਿ ਉਹ ਇਨ੍ਹਾਂ ਇਸ਼ਤਿਹਾਰਾਂ 'ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਤੱਥਾਂ ਦੀ ਪੜਤਾਲ,ਪੁਸ਼ਟੀ ਕਰ ਲੈਣ। -ਸੰਪਾਦਕ

Daily Lok Bani (Punjabi) R.N.I. Punpun 29016,2008 Edior, Owner, Printer, Publisher, Amandeep Mehra Printed at Rachna Printers, Railway Road Jalandhar Place of Publication : 308 Sangam complex Milap Chowk, Jalandhar (India) , Contect No. : 0181-2211009, Fax : 2211009 , Email Id : lokbani08@gmail.com ,

Website : www.lokbani.com
lokbani08@gmail.com

# ਨੂੰਹ ਸੱਸ ਦੀ ਤਕਰਾਰ ਭਰੀ ਕਾਮੇਡੀ ਫ਼ਿਲਮ 'ਨੀ ਮੈਂ ਸੱਸ ਕੁੱਟਣੀ'

ਨੂੰਹ ਸੱਸ ਦੇ ਰਿਸ਼ਤੇ ਦੀ ਨੋਕ ਝੋਕ ਵਾਲੀ ਪਹਿਲੀ ਕਾਮੇਡੀ ਫ਼ਿਲਮ ਨੀ ਮੈਂ ਸੱਸ ਕੁੱਟਣੀਂ ਇਸੇ ਮਹੀਨੇ 29 ਅਪ੍ਰੈਲ ਨੂੰ ਪੰਜਾਬੀ ਸਿਨੇਮਿਆਂ ਵਿੱਚ ਰਿਲੀਜ਼ ਹੋਣ ਜਾ ਰਹੀ ਹੈ ਜਿਸ ਵਿੱਚ ਗਾਇਕੀ ਤੋਂ ਫ਼ਿਲਮਾਂ ਵੱਲ ਆਏ ਮਹਿਤਾਬ ਵਿਰਕ ਪਹਿਲੀ ਵਾਰ ਹੀਰੋ ਬਣਕੇ ਪੰਜਾਬੀ ਪਰਦੇ ਨੂੰ ਚਾਰ ਚੰਨ ਲਾਉਣਗੇ ਤੇ ਆਪਣੀ ਚੰਗੀ ਗਾਇਕੀ ਵਾਂਗ ਫਿਲਮਾਂ ਵਿੱਚ ਵੀ ਦਰਸ਼ਕਾਂ ਦੀ ਵਾਹ ਵਾਹ ਖੱਟਣਗੇ। ਇਸ ਫਿਲਮ ਵਿੱਚ ਉਸਦੀ ਹੀਰੋਇਨ ਤਨਵੀ ਨਾਗੀ ਹੈ ਜੋ ਅਨੇਕਾਂ ਨਾਮੀਂ ਕਲਾਕਾਰਾਂ ਦੀਆਂ ਵੀਡਿਓ ਵਿੱਚ ਕੰਮ ਕਰ ਚੁੱਕੀ ਹੈ। ਬਨਵੈਤ ਫ਼ਿਲਮਜ਼ ਅਤੇ ਸਚਿਨ-ਅੰਕੁਸ਼ ਪ੍ਰੋਡਕਸ਼ਨ ਦੇ ਬੈਨਰ ਹੇਠ ਬਣੀ ਇਸ ਫ਼ਿਲਮ ਵਿੰਚ ਮਹਿਤਾਬ ਵਿਰਕ, ਤਨਵੀ ਨਾਗੀ, ਗੁਰਪ੍ਰੀਤ ਘੁੱਗੀ, ਕਰਮਜੀਤ ਅਨਮੋਲ, ਅਨੀਤਾ ਦੇਵਗਣ, ਨਿਰਮਲ ਰਿਸ਼ੀ, ਸੀਮਾ ਕੌਸ਼ਲ, ਨਿਸ਼ਾ ਬਾਨੋ, ਅਕਿਸ਼ਤਾ ਸ਼ਰਮਾ,ਤਰਸੇਮ ਪੌਲ,ਦਿਲਾਵਰ ਸਿੱਧੂ,ਮਨਜੀਤ ਕੌਰ ਔਲਖ, ਸੰਨੀ ਗਿੱਲ, ਰਵਿੰਦਰ ਮੰਡ, ਡੌਲੀ ਸਿੰਘ ਅਤੇ ਸਤਿੰਦਰ ਕੌਰ ਸਮੇਤ ਕੁਝ ਨਵੇਂ ਚਿਹਰਿਆਂ ਨੇ ਅਹਿਮ ਕਿਰਦਾਰ ਨਿਭਾਏ ਹਨ। ਫ਼ਿਲਮ ਦੀ ਕਹਾਣੀ ਰਾਜੂ ਵਰਮਾ ਨੇ ਲਿਖੀ ਹੈ ਤੇ ਪ੍ਰਵੀਨ ਕੁਮਾਰ ਨੇ ਇਸ ਨੂੰ ਡਾਇਰੈਕਟ ਕੀਤਾ ਹੈ। ਫ਼ਿਲਮ ਦੇ ਨਿਰਮਾਤਾ ਮੋਹਿਤ ਬਨਵੈਤ, ਆਕੁੰਸ਼ ਗੁਪਤਾ ਅਤੇ ਸਚਿਨ ਗੁਪਤਾ ਹਨ। ਇਸ ਫ਼ਿਲਮ ਬਾਰੇ ਹੋਰ ਗੱਲ ਕਰਦਿਆ ਦੱਸਿਆ ਕਿ ਇਹ ਫ਼ਿਲਮ ਸਾਡੇ ਪਰਿਵਾਰਕ ਰਿਸ਼ਤਿਆਂ ਦੀ ਤਰਜ਼ਮਾਨੀ ਕਰਦੀ ਕਾਮੇਡੀ ਭਰਪੂਰ ਡਰਾਮਾ ਫ਼ਿਲਮ ਹੈ ਜੋ ਮਨੋਰੰਜਨ ਦੇ ਨਾਲ ਨਾਲ ਵੱਡੀ ਨਸੀਹਤ ਵੀ ਦੇਵੇਗੀ ਕਿ ਧੀਆਂ ਦੇ ਮਾਪਿਆਂ ਨੂੰ ਕਦੇ ਵੀ ਧੀ ਦੇ ਸਹੁਰੇ ਪਰਿਵਾਰ ਦੀ ਜ਼ਿੰਦਗੀ ਵਿੱਚ ਦਖ਼ਲ ਨਹੀਂ ਦੇਣਾ ਚਾਹੀਦਾ। ਫ਼ਿਲਮ ਵਿੱਚ ਹਾਲਾਤ ਮੁਤਾਬਕ ਬਦਲਦੇ ਜਾ ਰਹੇ ਰਿਸ਼ਤਿਆਂ ਦੀ ਵੀ ਗੱਲ ਕੀਤੀ ਗਈ ਹੈ।



ਇਸ ਫ਼ਿਲਮ ਦੀ ਕਹਾਣੀ ਸਦੀਆਂ ਤੋਂ ਤੁਰੇ ਆ ਰਹੇ ਨੂੰਹ ਸੱਸ ਦੇ ਰਿਸ਼ਤੇ ਤੇ ਤਿੱਖਾ ਵਿਅੰਗ ਹੈ ਜੋ ਦਰਸ਼ਕਾਂ ਨੂੰ ਹਸਾ ਹਸਾ ਕੇ ਲੋਟ ਪੋਟ ਕਰੇਗਾ। ਇਹ ਫ਼ਿਲਮ ਕਾਮੇਡੀ ਦੇ ਇਲਾਵਾ ਸਮਾਜਿਕ ਜਾਗਰੁਕਤਾ ਵੀ ਦਿੰਦੀ ਹੈ। ਇਸ ਫ਼ਿਲਮ ਦਾ ਟਰੇਲਰ ਅਤੇ ਮਿਊਜਿਕ ਸੋਸ਼ਲ ਮੀਡੀਆ 'ਤੇ ਛਾਇਆ ਹੋਇਆ ਹੈ। ਫ਼ਿਲਮ ਦਾ ਟਾਈਟਲ ਬਾਲੀਵੁੱਡ ਦੀ ਨਾਮੀਂ ਗਾਇਕਾ ਸੁਨਿਧੀ ਚੌਹਾਨ ਨੇ ਗਾਇਆ ਹੈ। ਫ਼ਿਲਮ ਦੇ ਬਾਕੀ ਗੀਤ ਮਹਿਤਾਬ ਵਿਰਕ, ਜ਼ੋਰਡਨ ਸੰਧੂ ਤੇ ਰਜਾ ਹੀਰ ਨੇ ਗਾਏ ਹਨ ਜ਼ਿਹਨਾਂ ਨੂੰ ਧਰਮਵੀਰ ਭੰਗੂ ਅਤੇ ਗੁਰਬਿੰਦਰ ਮਾਨ ਨੇ ਲਿਖਿਆ ਹੈ। ਸੰਗੀਤ ਗੁਰਮੀਤ ਸਿੰਘ, ਆਰ ਸ਼ਾਨ, ਜੱਸੀ ਐਕਸ ਤੇ ਮਿਸਟਰ ਵਾਓ ਨੇ ਦਿੱਤਾ ਹੈ।

**ਹਰਜਿੰਦਰ ਸਿੰਘ ਜਵੰਦਾ**



# ਦਸਤਾਰ: ਸਿੱਖ ਦੀ ਇੱਜ਼ਤ ਤੇ ਅਣਖ ਦੀ ਪ੍ਰਤੀਕ

ਸਿੱਖ ਧਰਮ ਦੇ ਮੋਢੀ ਸ੍ਰੀ ਗੁਰੂ ਨਾਨਕ ਦੇਵ ਜੀ ਬਾਲਪਨ ਤੋਂ ਹੀ ਸਿਰ ਤੇ ਦਸਤਾਰ ਸਜਾਉਂਦੇ ਸਨ। ਜਨਮਸਾਖੀਆਂ ਅਨੁਸਾਰ ਜਦੋਂ ਸ੍ਰੀ ਗੁਰੂ ਨਾਨਕ ਦੇਵ ਜੀ ਪੂਰਬ ਵੱਲ ਗਏ ਤਾਂ ਬਿਸ਼ੰਭਪੁਰ ਨਗਰ ਵਿਖੇ ਉਹਨਾਂ ਦਾ ਮਿਲਾਪ ਸਾਲਸ ਰਾਏ ਜੌਹਰੀ ਨਾਲ ਹੋਇਆ। ਉਸ ਦੀ ਸ਼ਰਧਾ ਵੇਖ ਕੇ ਗੁਰੂ ਨਾਨਕ ਨੇ ਉਸ ਨੂੰ ਦਸਤਾਰ ਬਖ਼ਸ਼ਿਸ਼ ਕੀਤੀ ਅਤੇ ਸਿੱਖ ਧਰਮ ਦਾ ਪ੍ਰਚਾਰਕ ਨਿਯੁਕਤ ਕੀਤਾ। ਛੇਵੇਂ ਗੁਰੂ ਸ਼੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਦਰਬਾਰੀ ਢਾਡੀ ਭਾਈ ਅਬਦੁੱਲਾ ਜੀ ਤੇ ਭਾਈ ਨੱਥ ਮੱਲ ਜੀ ਗੁਰੂ ਸਾਹਿਬ ਦੀ ਦਸਤਾਰ ਦੀ ਸੋਭਾ ਬਿਆਨਦੇ ਹੋਏ ਲਿਖਦੇ ਹਨ।

ਦੋ ਤਲਵਾਰੀਂ ਬੱਧੀਆਂ ਇੱਕ ਮੀਰੀ ਦੀ ਇੱਕ ਪੀਰੀ ਦੀ।

ਇੱਕ ਅਜ਼ਮਤ ਦੀ ਇੱਕ ਰਾਜ ਦੀ ਇੱਕ ਰਾਖੀ ਕਰੇ ਵਜ਼ੀਰ ਦੀ।

ਪੱਗ ਤੇਰੀ ਕਿ ਜਹਾਂਗੀਰ ਦੀ।

ਦਸਵੇਂ ਪਾਤਸ਼ਾਹ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਨੇ 1699 ਈ: ਵਿੱਚ ਵਿਸਾਖੀ ਵਾਲੇ ਦਿਨ ਦਸਤਾਰ ਨੂੰ ਸਿੱਖੀ ਦਾ ਅਨਿੱਖੜਵਾਂ ਅੰਗ ਬਣਾ ਦਿੱਤਾ। ਇਸ ਦਾ ਜ਼ਿਕਰ ਭਾਈ ਦੇਸਾ ਸਿੰਘ ਦੇ ਰਹਿਤਨਾਮਿਆਂ, ਭਾਈ ਨੰਦ ਲਾਲ ਜੀ ਦੇ ਤਨਖਾਹਨਾਮੇ ਅਤੇ ਗਿਆਨੀ ਗਿਆਨ ਸਿੰਘ ਜੀ ਦੇ ਪੰਥ ਪ੍ਰਕਾਸ਼ ਵਿੱਚ ਮਿਲਦਾ ਹੈ।

ਵਿਸਾਖੀ ਵਾਲੇ ਦਿਨ ਦਰਸ਼ਨ ਕਰਨ ਆਏ ਮਸੰਦਾਂ ਨੂੰ ਦਸਤਾਰ ਦੀ ਬਖ਼ਸ਼ਿਸ਼ ਕਰਕੇ ਵਿਦਾ ਕੀਤਾ ਜਾਂਦਾ ਸੀ।

ਭਾਈ ਚੌਪਾ ਸਿੰਘ ਨੇ ਵੀ ਦਸਤਾਰ ਬਾਰੇ ਲਿਖਿਆ ਹੈ।

ਪੱਗ ਰਾਤੀਂ ਲਾਹ ਕੇ ਸੌਂਵੇਂ, ਸੋ ਭੀ ਤਨਖਾਹੀਆ।

ਨੰਗੇ ਕੇਸੀਂ ਫਿਰੇ ਰਵਾਲ ਪਾਏ, ਸੋ ਭੀ ਤਨਖਾਹੀਆ।

ਨੰਗੇ ਕੇਸੀਂ ਮਾਰਗ ਟੁਰੇ, ਸੋ ਭੀ ਤਨਖਾਹੀਆ।

ਨੰਗੇ ਕੇਸੀਂ ਭੋਜਨ ਕਰੇ, ਸੋ ਭੀ ਤਨਖਾਹੀਆ।

ਮਹਾਨ ਕੋਸ਼ ਦੇ ਕਰਤਾ ਭਾਈ ਕਾਨ੍ਹ ਸਿੰਘ ਨਾਭਾ ਅਨੁਸਾਰ ਦਸਤਾਰ ਫ਼ਾਰਸੀ ਭਾਸ਼ਾ ਦਾ ਸ਼ਬਦ ਹੈ। ਜਿਸ ਦੀ ਸੰਗਿਆ ਪੱਗ ਹੈ। ਪੱਗ ਨੂੰ ਪਗੜੀ ਤੇ ਦਸਤਾਰ ਵੀ ਕਿਹਾ ਜਾਂਦਾ ਹੈ। ਸਾਬਤ ਸੂਰਤ ਰਹਿਣਾ ਹੀ ਸਿਰ ਤੇ ਦਸਤਾਰ ਸਜਾਉਣੀ ਹੈ। ਵਿਦੇਸ਼ਾਂ ਵਿੱਚ ਖ਼ਾਸ ਕਰਕੇ ਯੂਰਪੀ ਦੇਸ਼ਾਂ ਵਿੱਚ ਭਾਰਤੀ ਸਿੱਖ ਦੀ ਪਹਿਲੀ ਪਛਾਣ ਪੱਗ ਤੋਂ ਹੁੰਦੀ ਹੈ। ਸਿੱਖ ਸਿਰ ਦਸਤਾਰ ਨੇ ਅੱਜ ਤੱਕ ਪਹੁੰਚਣ ਲਈ ਇਤਿਹਾਸ ਨੇ ਕਈ ਮੋੜ ਕੱਟੇ ਹਨ। ਨਾਮਧਾਰੀ ਦਸਤਾਰ ਵੀ ਦੋ ਨੁੱਕਰੀ ਦਸਤਾਰ ਦਾ ਹੀ ਰੂਪ ਹੈ।

ਦਸਤਾਰ ਸਿੱਖ ਦੀ ਸ਼ਾਨ ਹੀ ਨਹੀਂ ਇਸ ਦੀ ਵਰਤੋਂ ਇੱਕ ਸਿੱਖ ਲਈ ਧਾਰਮਿਕ ਤੌਰ 'ਤੇ ਵੀ ਜ਼ਰੂਰੀ ਹੈ। ਸਿੱਖ ਨੰਗੇ ਸਿਰ ਨਹੀਂ ਰਹਿੰਦਾ, ਘਰ ਵਿੱਚ ਜਾਂ ਸੈਰ ਕਰਨ ਵੇਲੇ ਵੀ ਛੋਟੀ ਦਸਤਾਰ ਸਿਰ 'ਤੇ ਜ਼ਰੂਰ ਰੱਖਦਾ ਹੈ। ਦਸਤਾਰ ਨਾਲ ਹੀ ਸਿੱਖ ਦੀ ਪਹਿਚਾਨ ਹੈ। ਦਸਤਾਰ ਨੂੰ ਸਿੱਖ ਲਿਬਾਸ ਦਾ ਜ਼ਰੂਰੀ ਅੰਗ ਨਿਰਧਾਰਿਤ ਕੀਤਾ ਗਿਆ ਹੈ। ਸਿੱਖ ਦਸਤਾਰ ਨੂੰ ਇਕੱਲਾ-ਇਕੱਲਾ ਪੇਚ ਕਰਕੇ ਲੜਾਂ ਨੂੰ ਚਿਣ-ਚਿਣ ਕੇ ਬੰਨ੍ਹੇ ਤੇ ਇਕੱਲਾ-ਇਕੱਲਾ ਲੜ ਕਰਕੇ ਉਤਾਰੇ, ਨਾ ਹੀ ਟੋਪੀ ਦੀ ਤਰ੍ਹਾਂ ਉਤਾਰੇ ਅਤੇ ਨਾ ਹੀ ਟੋਪੀ ਦੀ ਤਰ੍ਹਾਂ ਰੱਖੇ। ਕਈ ਨੌਜਵਾਨਾਂ ਨੇ ਕੇਸ ਰੱਖੇ ਹੁੰਦੇ ਹਨ ਪਰ ਉਹ ਪਟਕਾ ਬੰਨ੍ਹਦੇ ਹਨ ਜਾਂ ਟੋਪੀ ਪਾਉਂਦੇ ਹਨ। ਜੇਕਰ ਉਹਨਾਂ ਨੂੰ ਦਸਤਾਰ ਸਜਾਉਣ ਲਈ ਕਿਹਾ ਜਾਵੇ ਤਾਂ ਉਹ ਕਹਿੰਦੇ ਹਨ ਕਿ ਦਸਤਾਰ ਸਜਾਉਣ ਨਾਲ ਸਿਰ ਦਰਦ ਹੋਣ ਲੱਗ ਜਾਂਦਾ ਹੈ, ਜਾਂ ਦਸਤਾਰ ਸਜਾਉਣ ਤੇ ਸਮਾਂ ਬਹੁਤ ਲੱਗਦਾ ਹੈ। ਸਾਡੇ ਦੇਸ਼ ਦੇ ਕਈ ਹਾਕੀ ਖਿਡਾਰੀ ਪਟਕਾ ਬੰਨ੍ਹ ਕੇ ਮੈਚ ਖੇਡਦੇ ਹਨ ਜਦਕਿ ਨਾਮਧਾਰੀ ਹਾਕੀ ਇਲੈਵਨ ਟੀਮ ਦੇ ਖਿਡਾਰੀ ਦਸਤਾਰ ਸਜਾ ਕੇ ਮੈਚ ਖੇਡਦੇ ਹਨ। ਸਾਰੇ ਖਿਡਾਰੀ ਸਾਬਤ ਸੂਰਤ ਤੇ ਕਛਹਿਰੇ ਪਾ ਕੇ ਪ੍ਰੇਮ-ਪਿਆਰ ਨਾਲ ਖੇਡਦੇ ਹਨ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅੰਮ੍ਰਿਤਸਰ ਤੇ ਸਾਹਿਬਜ਼ਾਦਾ ਜੁਝਾਰ ਸਿੰਘ ਮਿਸ਼ਨਰੀ ਕਾਲਜ ਰੋਪੜ ਦੇ ਵੀ ਕਈ ਖਿਡਾਰੀ ਵੱਖ-ਵੱਖ ਖੇਡਾਂ ਵਿੱਚ ਦਸਤਾਰ ਸਜਾ ਕੇ ਮੈਚ ਖੇਡਦੇ ਹਨ।

ਦਸਤਾਰ ਸਿੱਖ ਦੀ ਇੱਜ਼ਤ ਤੇ ਅਣਖ ਦੀ ਪ੍ਰਤੀਕ ਹੈ। ਇਹ ਗੱਲ ਆਮ ਸੁਣਨ ਵਿੱਚ ਆਉਂਦੀ ਹੈ ਕਿ ਦੇਖੀਂ! ਪੱਗ ਨੂੰ ਦਾਗ਼ ਨਾ ਲੱਗਣ ਦੇਈਂ। ਅੱਜ ਨੌਜਵਾਨ ਆਪਣੇ ਅਮੀਰ ਵਿਰਸੇ ਤੋਂ ਅਨਜਾਣ, ਗੁੰਮਰਾਹ ਹੋ ਕੇ ਧੜਾ-ਧੜ ਕੇਸਾਂ ਦੀ ਬੇਅਦਬੀ ਕਰ ਰਹੇ ਹਨ। ਕਈ ਨੌਜਵਾਨਾਂ, ਵਿਅਕਤੀਆਂ ਨੇ ਕੇਸ ਰੱਖੇ ਹੁੰਦੇ ਹਨ, ਦਾੜ੍ਹੀ ਕੱਟੀ ਹੁੰਦੀ ਹੈ ਜਾਂ ਕਰਲ ਕੀਤੀ ਹੁੰਦੀ ਹੈ ਜਾਂ ਟ੍ਰਿਮ ਕਰਦੇ ਹਨ ਪਰ ਉਹ ਸਿਰ ਤੇ ਦਸਤਾਰ ਸਜਾਉਂਦੇ ਹਨ। ਕਈ ਵਿਅਕਤੀ ਸਿਰ ਤੇ ਦਸਤਾਰ ਸਜਾਉਂਦੇ ਹਨ, ਦਾੜ੍ਹੀ ਵੀ ਖੁੱਲ੍ਹੀ ਤੇ ਲੰਮੀ ਰੱਖੀ ਹੁੰਦੀ ਹੈ। ਤਮਾਕੂ, ਪਾਨ ਚੱਬਦੇ ਵੇਖੇ ਹਨ, ਸ਼ਰਾਬ ਪੀਂਦੇ ਹਨ। ਲਾਹਨਤ ਹੈ ਅਜਿਹੀ ਜਵਾਨੀ ਤੇ, ਚੰਗੇ ਭਲੇ ਗੁਰਸਿੱਖ ਪਰਿਵਾਰਾਂ ਦੇ ਨੌਜਵਾਨ, ਕਾਲਜੀਏਟ ਅਤੇ ਫੈਕਟਰੀਆਂ ਵਿੱਚ ਕੰਮ ਕਰਨ ਵਾਲਿਆਂ ਨੂੰ ਵੇਖ ਕੇ ਹੈਰਾਨ ਹੋ ਜਾਈਦਾ ਹੈ ਕਿ ਐਡਾ ਸੋਹਣਾ ਨੌਜਵਾਨ ਤੇ ਇਹੋ ਜਿਹੇ ਕਾਰੇ ਕਰਦਾ ਹੈ। ਸਿਰ ਉੱਤੇ ਦਸਤਾਰ ਹੋਵੇ ਤੇ ਹੱਥ ਵਿੱਚ ਸਿਗਰਟ ਜਾਂ ਬੀੜੀ ਹੋਵੇ ਤਾਂ ਸਹਿਜ ਸੁਭਾਅ ਹੀ ਮੂੰਹੋਂ ਨਿਕਲਦਾ ਹੈ ਕਿ 'ਕੀ ਬੁੜਿਆ ਪਿਆ ਹੈ ਅਜਿਹੇ ਜੀਣ ਖੁਣੋਂ?'

ਧਾਰਮਿਕ ਸਕੂਲਾਂ ਵਿੱਚ ਬੱਚੇ ਛੋਟੀ ਦਸਤਾਰ ਸਜਾ ਕੇ ਆਉਂਦੇ ਹਨ। ਚਾਹੀਦਾ ਤਾਂ ਇਹ ਹੈ ਕਿ ਹਰੇਕ ਸਕੂਲ ਵਿੱਚ ਗੁਰਸਿੱਖ ਬੱਚੇ ਪਟਕੇ ਦੀ ਥਾਂ ਦਸਤਾਰ ਸਜਾ ਕੇ ਆਉਣ। ਦੇਸ਼ਾਂ-ਵਿਦੇਸ਼ਾਂ ਵਿੱਚ ਕਈ ਸਕੂਲਾਂ, ਕਾਲਜਾਂ ਵਿੱਚ ਦਸਤਾਰਧਾਰੀ ਲੜਕਾ ਲੜਕੀ ਨੂੰ ਦਾਖ਼ਲਾ ਵੀ ਨਹੀਂ ਦਿੱਤਾ ਜਾਂਦਾ। ਵਿਦੇਸ਼ਾਂ ਵਿੱਚ ਕਈ ਵਿੱਦਿਅਕ ਅਦਾਰਿਆਂ ਵਿੱਚ ਦਸਤਾਰ ਸਜਾ ਕੇ ਆਉਣ ਦੀ ਮਨਾਹੀ ਹੈ। ਇਸ ਲਈ ਪੰਥ ਦੀਆਂ ਸਿਰਮੌਰ ਜਥੇਬੰਦੀਆਂ ਨੂੰ ਇਸ ਸੰਬੰਧੀ ਆਵਾਜ਼ ਉਠਾ ਕੇ ਦਸਤਾਰ ਦੀ ਮਹਾਨਤਾ ਬਾਰੇ ਜਾਣੂ ਕਰਵਾਉਣਾ ਚਾਹੀਦਾ ਹੈ।

ਸਿੱਖ ਲਈ ਦਸਤਾਰ ਦੀ ਵਿਸ਼ੇਸ਼ ਮਹੱਤਤਾ ਹੈ। ਦਸਤਾਰ ਬੰਨ੍ਹਣ ਲਈ ਸਿੱਖ ਵੱਡੀ ਤੋਂ ਵੱਡੀ ਕੁਰਬਾਨੀ ਕਰ ਸਕਦਾ ਹੈ। ਦਸਤਾਰ ਸਿੱਖ ਲਈ ਕੋਈ ਸਧਾਰਨ ਚਿੰਨ੍ਹ ਨਹੀਂ ਸਗੋਂ ਸਿੱਖ ਦੀ ਹਸਤੀ ਇਸ ਨਾਲ ਜੁੜੀ ਹੋਈ ਹੈ। ਅੰਮ੍ਰਿਤਧਾਰੀ ਸਿੰਘ ਦੀ ਜੇਕਰ ਕਿਤੇ ਦਸਤਾਰ ਲੱਥ (ਉਤਰ) ਜਾਵੇ ਤਾਂ ਉਹ ਮਰ-ਮਿਟਣ ਲਈ ਮਜ਼ਬੂਰ ਹੋ ਜਾਂਦਾ ਹੈ। ਦਸਤਾਰ ਦੀ ਕਈ ਧਾਰਮਿਕ ਸਮਾਗਮਾਂ ਤੇ ਗੁਰਦੁਆਰਿਆਂ ਵਿੱਚ ਖਿੱਚ-ਧੂਹ ਵੀ ਹੁੰਦੀ ਵੇਖੀ ਹੈ। ਦਸਤਾਰ ਸਤਿਗੁਰਾਂ ਵੱਲੋਂ ਬਖ਼ਸ਼ਿਆ ਮਹਾਨ ਚਿੰਨ੍ਹ ਹੈ ਜਿਸ ਨਾਲ ਸਿੱਖ ਲੱਖਾਂ ਵਿੱਚ ਵੀ ਖੜ੍ਹਾ ਪਛਾਣਿਆ ਜਾਂਦਾ ਹੈ। ਗੁਰੂ ਸਾਹਿਬਾਂ ਨੇ ਸਿੱਖਾਂ ਨੂੰ ਕੇਸਾਂ ਅਤੇ ਦਸਤਾਰ ਦਾ ਸਤਿਕਾਰ ਕਰਨ ਦੀ ਪ੍ਰੇਰਨਾ ਦਿੱਤੀ। ਵਿਦੇਸ਼ਾਂ (ਇੰਗਲੈਂਡ) ਵਿੱਚ ਸਿੱਖਾਂ ਦੇ ਧਾਰਮਿਕ ਜ਼ਜਬਾਤਾਂ ਦੀ ਕਦਰ ਕਰਦਿਆਂ ਇਹਨਾਂ ਨੂੰ ਕੇਸ-ਦਾੜ੍ਹੀਆਂ ਰੱਖ ਕੇ, ਦਸਤਾਰ ਸਜਾ ਕੇ, ਨੌਕਰੀ ਕਰਨ, ਵਾਹਨ ਚਲਾਉਣ ਤੇ ਵਰਦੀ ਪਾਉਣ, ਸਮਾਜਿਕ, ਧਾਰਮਿਕ, ਭਾਈਚਾਰਕ ਇਕੱਠਾਂ ਵਿੱਚ ਜਾਣ ਦੀ ਖੁੱਲ੍ਹ ਦਿੱਤੀ ਹੈ।

ਗੁਰਦੁਆਰਾ ਦਸਤਾਰ ਅਸਥਾਨ ਪਾਉਂਟਾ ਸਾਹਿਬ ਵਿਖੇ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਸਿੱਖਾਂ/ਸੇਵਕਾਂ ਵਿੱਚ ਸੁੰਦਰ ਦਸਤਾਰ ਸਜਾਉਣ ਦੇ ਮੁਕਾਬਲੇ ਕਰਵਾਇਆ ਕਰਦੇ ਸਨ। ਸਭ ਤੋਂ ਸੁੰਦਰ ਦਸਤਾਰ ਸਜਾਉਣ ਵਾਲੇ ਨੂੰ ਇਨਾਮ ਤੇ ਸਨਮਾਨ ਦਿੰਦੇ ਸਨ।

ਦਸਤਾਰ ਸਿੱਖ ਦੀ ਆਨ, ਸ਼ਾਨ, ਪਹਿਚਾਨ ਤੇ ਈਮਾਨ ਹੈ। ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਫ਼ਰੀਦਕੋਟ-ਸ਼੍ਰੀ ਮੁਕਤਸਰ ਸਾਹਿਬ-ਬਠਿੰਡਾ ਜੋਨ ਵੱਲੋਂ ਹਰ ਸਾਲ ਦਸਤਾਰ ਦਿਵਸ ਤੋਂ 15-20 ਦਿਨ ਪਹਿਲਾਂ 'ਦਸਤਾਰ ਚੇਤਨਾ ਮਾਰਚ' ਕੱਢਿਆ ਜਾਂਦਾ ਹੈ। ਚੇਤਨਾ ਮਾਰਚ ਵਿੱਚ 'ਜੇ ਤਖ਼ਤ ਨਹੀਂ ਤਾਜ ਨਹੀਂ ਤਾਂ ਕਿੰਗ ਨਹੀਂ, ਜੇ ਕੇਸ ਨਹੀਂ ਦਸਤਾਰ ਨਹੀਂ ਤਾਂ ਸਿੰਘ ਨਹੀਂ' 'ਸਾਡੀ ਪੱਗ ਨਾਲ ਵੱਖਰੀ ਪਛਾਣ ਜੱਗ ਤੇ, ਕੀਤਾ ਪੱਗ ਨੇ ਹੈ ਉੱਚਾ ਸਾਡਾ ਮਾਣ ਜੱਗ 'ਤੇ 'ਸਿਰ ਤੇ ਸੋਹੇ ਸੋਹਣੀ ਦਸਤਾਰ ਉੱਚਾ ਸੁੱਚਾ ਸਾਡਾ ਕਿਰਦਾਰ', 'ਸੋਹਣੇ ਕੇਸ ਸਿਰ ਦਸਤਾਰ ਕਲਗੀਧਰ ਦਾ ਬਣ ਸਰਦਾਰ', 'ਦਸਤਾਰ ਨਹੀਂ ਤਾਂ ਸਰਦਾਰ ਨਹੀਂ', ਸਟੀਕਰ ਤੇ ਗੁਰਮਤਿ ਸਾਹਿਤ ਵੀ ਵੱਡੀ ਤਾਦਾਦ ਵਿੱਚ ਵੰਡਿਆ ਜਾਂਦਾ ਹੈ। ਪਿੰਡਾਂ ਦੇ ਸਾਬਤ-ਸੂਰਤ ਬੱਚਿਆਂ ਨੂੰ ਸਨਮਾਨਿਤ ਵੀ ਕੀਤਾ ਜਾਂਦਾ ਹੈ।

ਅੱਜ ਤੋਂ ਪੁਰਾਣੇ ਸਮੇਂ ਵੱਲ ਝਾਤ ਮਾਰੀਏ ਤਾਂ ਪਤਾ ਲੱਗਦਾ ਹੈ ਕਿ ਪਹਿਲਾਂ ਮਾਵਾਂ ਆਪਣੇ ਬੱਚਿਆਂ ਦੀਆਂ ਦਸਤਾਰਾਂ ਚੁੰਮਦੀਆਂ ਹੋਈਆਂ ਬੱਚਿਆਂ ਦੀ ਸੋਹਣੀ ਦਸਤਾਰ ਤੇ ਮਾਣ ਕਰਦੀਆਂ ਸਨ ਪਰ ਉਸ ਦੇ ਬਿਲਕੁਲ ਉਲਟ ਅੱਜ ਦੀਆਂ ਮਾਵਾਂ ਬੱਚਿਆਂ ਦੇ ਕੇਸਾਂ ਨੂੰ ਸੰਭਾਲਣਾ ਵੀ ਬੋਝ ਸਮਝਦੀਆਂ ਹਨ। ਅੱਜ ਦੇ ਮਾਤਾ ਪਿਤਾ ਨੂੰ ਕਿੱਟੀ-ਪਾਰਟੀਆਂ, ਟੀ.ਵੀ. ਸੀਰੀਅਲਾਂ ਦੇ ਮਜ਼ੇ ਲੈਣ ਤੋਂ ਹੀ ਵਿਹਲ ਨਹੀਂ ਮਿਲਦੀ। ਉਹ ਆਪਣੇ ਬੱਚਿਆਂ ਨੂੰ ਸਿੱਖੀ ਸਰੂਪ ਵਾਲਿਆਂ ਦੀ ਦਾਸਤਾਨ ਅਤੇ ਕੁਰਬਾਨੀ ਕਿਵੇਂ ਸੁਣਾ ਸਕਦੀਆਂ ਹਨ। ਅੱਜ ਲੋੜ ਹੈ, ਮਾਤਾ-ਪਿਤਾ ਆਪਣੇ ਬੱਚਿਆਂ ਨੂੰ ਸਿੱਖੀ ਵੱਲ ਪ੍ਰੇਰਿਤ ਕਰਨ।

ਗੁਰਦੁਆਰਾ ਟਿਕਾਣਾ ਭਾਈ ਜਗਤਾ ਜੀ ਸਾਹਿਬ, ਗੋਨਿਆਣਾ ਭਾਈ ਜਗਤਾ (ਬਠਿੰਡਾ) ਵਿਖੇ ਹਰ ਸਾਲ ਭਾਈ ਜਗਤਾ ਰਾਮ, ਮਹੰਤ ਆਸਾ ਸਿੰਘ, ਮਹੰਤ ਤੀਰਥ ਸਿੰਘ, ਸੰਤ ਹਰਪਾਲ ਸਿੰਘ 'ਸੇਵਾਪੰਥੀ' ਦੀ ਯਾਦ ਵਿੱਚ ਸਾਲਾਨਾ ਗੁਰਮਤਿ ਸਮਾਗਮ 'ਤੇ ਯੱਗ-ਭੰਡਾਰੇ ਦੇ ਸ਼ੁੱਭ ਅਵਸਰ 'ਤੇ 12 ਜਨਵਰੀ ਨੂੰ ਸੁੰਦਰ ਦਸਤਾਰ ਸਜਾਉਣ ਦੇ ਮੁਕਾਬਲੇ ਕਰਵਾਏ ਜਾਂਦੇ ਹਨ। ਪਹਿਲੇ, ਦੂਜੇ ਤੇ ਤੀਜੇ ਸਥਾਨ 'ਤੇ ਆਉਣ ਵਾਲਿਆਂ ਨੂੰ ਸਨਮਾਨ ਚਿੰਨ੍ਹ ਤੇ ਨਕਦ ਰਾਸ਼ੀ ਨਾਲ ਸਨਮਾਨਿਤ ਕੀਤਾ ਜਾਂਦਾ ਹੈ। ਬਹੁਤ ਸਾਰੇ ਪਿੰਡਾਂ/ਸ਼ਹਿਰਾਂ/ਨਗਰਾਂ ਵਿੱਚ ਵੱਖ-ਵੱਖ ਸਮੇਂ ਤੇ ਦਸਤਾਰ ਸਜਾਉਣ ਦੇ ਮੁਕਾਬਲੇ ਕਰਵਾਏ ਜਾਂਦੇ ਹਨ। ਦਸਤਾਰ ਸਜਾਉਣ ਦੇ ਮੁਕਾਬਲੇ ਕਰਵਾ ਕੇ ਬੱਚਿਆਂ ਨੂੰ ਗੁਰਸਿੱਖੀ ਜੀਵਨ ਨਾਲ ਜੋੜੋ ਤੇ ਦਸਤਾਰ ਦੀ ਮਹਾਨਤਾ ਬਾਰੇ ਵਿਦਿਆਰਥੀਆਂ/ਬੱਚਿਆਂ ਨੂੰ ਜਾਣੂ ਕਰਵਾਓ।

ਗੁਰਮਤਿ ਵਿੱਚ ਦਸਤਾਰ ਦੀ ਵਿਸ਼ੇਸ਼ ਮਹਾਨਤਾ ਹੈ। 'ਸਾਬਤ ਸੂਰਤ ਦਸਤਾਰ ਸਿਰਾ'। ਦਸਤਾਰ ਬੰਨ੍ਹਣੀ ਸਿਖਾਉਣ ਲਈ ਅੱਜ ਬਜ਼ਾਰਾਂ ਵਿੱਚ ਥਾਂ-ਥਾਂ ਦੁਕਾਨਾਂ ਖੁੱਲ੍ਹੀਆਂ ਹੋਈਆਂ ਹਨ। ਬੱਚੇ, ਨੌਜਵਾਨ ਸੋਹਣੀ ਦਸਤਾਰ ਬੰਨ੍ਹਣ ਲਈ ਮਾਇਆ ਵੀ ਖ਼ਰਚ ਕਰਦੇ ਹਨ। ਦਸਤਾਰ ਸਬੰਧੀ ਗੁਰਦੁਆਰਿਆਂ/ਧਾਰਮਿਕ ਜਥੇਬੰਦੀਆਂ/ਸੰਪਰਦਾਵਾਂ ਨੂੰ ਹੇਠ ਲਿਖੇ ਨੁਕਤਿਆਂ ਤੇ ਧਿਆਨ ਦੇਣ ਦੇ ਲੋੜ ਹੈ।

1. ਦਸਤਾਰ ਦਿਵਸ 'ਤੇ ਹਰ ਸਾਲ 13 ਅਪ੍ਰੈਲ ਨੂੰ ਦਸਤਾਰ ਸਜਾਉਣ ਦੇ ਮੁਕਾਬਲੇ ਕਰਵਾਏ ਜਾਣ ਅਤੇ ਭਾਗ ਲੈਣ ਵਾਲੇ ਸਾਰੇ ਬੱਚਿਆਂ ਨੂੰ ਦਸਤਾਰਾਂ ਦਿੱਤੀਆਂ ਜਾਣ।

2. ਹਰੇਕ ਗੁਰਦੁਆਰੇ ਵਿੱਚ ਦਸਤਾਰ ਸਜਾਉਣ ਦੀ ਸਿਖਲਾਈ ਦਿੱਤੀ ਜਾਵੇ, ਜਿਸ ਦਾ ਪ੍ਰਬੰਧ ਗੁਰਦੁਆਰਾ ਮੈਨੇਜਮੈਂਟ ਵੱਲੋਂ ਕੀਤਾ ਜਾਵੇ।

3. ਛੋਟੇ-ਛੋਟੇ ਬੱਚਿਆਂ ਨੂੰ ਬਚਪਨ ਤੋਂ ਹੀ ਦਸਤਾਰ ਸਜਾਉਣ ਤੇ ਗੁਰਸਿੱਖੀ ਜੀਵਨ ਧਾਰਨ ਕਰਨ ਦੀ ਪ੍ਰੇਰਨਾ ਦਿੱਤੀ ਜਾਵੇ।

4. ਗੁਰਦੁਆਰਿਆਂ/ਸੰਪਰਦਾਵਾਂ ਵਿੱਚ ਦਸਤਾਰ ਸਜਾਉਣ ਦੀ ਸਿਖਲਾਈ ਮੁਫ਼ਤ ਦਿੱਤੀ ਜਾਵੇ ਅਤੇ ਦਸਤਾਰ ਦੀ ਮਹਾਨਤਾ ਬਾਰੇ ਸੰਗਤਾਂ ਨੂੰ ਜਾਣੂ ਕਰਵਾਇਆ ਜਾਵੇ।

ਅੱਜ 13 ਅਪ੍ਰੈਲ ਨੂੰ ਦਸਤਾਰ ਦਿਵਸ 'ਤੇ ਹਰ ਗੁਰਸਿੱਖ ਨੂੰ ਇਹ ਪ੍ਰਣ ਕਰਨਾ ਚਾਹੀਦਾ ਹੈ ਕਿ ਗੁੰਮਰਾਹ ਹੋਏ ਨੌਜਵਾਨਾਂ ਨੂੰ ਪ੍ਰੇਰ ਕੇ ਸਿੱਖੀ ਸਰੂਪ ਵਿੱਚ ਸ਼ਾਮਲ ਕਰੇ ਤੇ ਦਸਤਾਰ ਸਜਾਉਣ ਲਈ ਪ੍ਰੇਰਿਤ ਕਰੇ।

**ਕਰਨੈਲ ਸਿੰਘ ਐੱਮ.ਏ.**
**#1138/63-ਏ, ਗੁਰੂ ਤੇਗ ਬਹਾਦਰ ਨਗਰ, ਗਲੀ ਨੰਬਰ-1, ਚੰਡੀਗੜ੍ਹ ਰੋਡ਼**
**ਜਮਾਲਪੁਰ, ਲੁਧਿਆਣਾ**

